ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 19 ਫਰਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੮ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਦੇ 3 ਮੰਤਰੀ ਦਿੱਲੀ ਤਲਬ, ਕੈਬਨਿਟ ’ਚ ਫੇਰਬਦਲ ਦੀ ਚਰਚਾ

**ਚੰਡੀਗੜ੍ਹ, 18 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਸਿਆਸਤ ਵਿੱਚ ਉਸ ਸਮੇਂ ਹਲਚਲ ਵਧ ਗਈ, ਜਦੋਂ ਸੂਬੇ ਦੇ ਤਿੰਨ ਕੈਬਨਿਟ ਮੰਤਰੀਆਂ ਨੂੰ ਅਚਾਨਕ ਦਿੱਲੀ ਬੁਲਾਇਆ ਗਿਆ ਅਤੇ ਉਨ੍ਹਾਂ ਦੀ ਅਰਵਿੰਦ ਕੇਜਰੀਵਾਲ ਨਾਲ ਮੀਟਿੰਗ ਹੋਈ। ਦੱਸਿਆ ਜਾ ਰਿਹਾ ਹੈ ਕਿ ਪੰਜਾਬ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ, ਹਰਦੀਪ ਸਿੰਘ ਮੁੰਡੀਆਂ ਅਤੇ ਮੋਹਿੰਦਰ ਭਗਤ, ਤਿੰਨਾਂ ਨੂੰ ਦਿੱਲੀ ਪਹੁੰਚਣ ਦੇ ਨਿਰਦੇਸ਼ ਦਿੱਤੇ ਗਏ ਸਨ। ਅਧਿਕਾਰਤ ਤੌਰ ’ਤੇ ਇਸ ਨੂੰ ਇਕ ਆਮ ਜਥੇਬੰਦਕ ਚਰਚਾ ਦੱਸਿਆ ਜਾ ਰਿਹਾ ਹੈ ਪਰ ਸਿਆਸੀ ਗਲਿਆਰਿਆਂ ਵਿੱਚ ਇਸ ਦੇ ਕਈ ਮਾਇਨੇ ਕੱਢੇ ਜਾ ਰਹੇ ਹਨ। ਸੂਤਰਾਂ ਅਨੁਸਾਰ, ਇਸ ਬੈਠਕ ਦਾ ਫੋਕਸ ਸਿਰਫ਼ ਕੈਬਨਿਟ ਫੇਰਬਦਲ ਨਹੀਂ ਬਲਕਿ ਸਰਕਾਰ ਦੀ ਕਾਰਗੁਜ਼ਾਰੀ ਦੀ ਸਮੀਖਿਆ ਅਤੇ ਆਗਾਮੀ ਰਣਨੀਤੀ ਤੈਅ ਕਰਨਾ ਵੀ ਹੋ ਸਕਦਾ ਹੈ। ਦਿੱਲੀ ਵਿੱਚ ਹੋਈ ਇਹ ਬੈਠਕ ਭਵਿੱਖ ਦੀਆਂ ਵੱਡੀਆਂ ਰਣਨੀਤਕ ਤਿਆਰੀਆਂ ਦਾ ਹਿੱਸਾ ਵੀ ਹੋ ਸਕਦੀ ਹੈ। ਕੀ ਇਹ ਸਿਰਫ਼ ਇੱਕ ਸਮੀਖਿਆ ਬੈਠਕ ਸੀ ਜਾਂ ਪੰਜਾਬ ਵਿੱਚ ਕਿਸੇ ਵੱਡੇ ਬਦਲਾਅ ਦੀ ਭੂਮਿਕਾ? ਆਉਣ ਵਾਲੇ ਦਿਨਾਂ ਵਿੱਚ ਤਸਵੀਰ ਸਾਫ਼ ਹੋ ਸਕਦੀ ਹੈ। ਜਾਣਕਾਰੀ ਅਨੁਸਾਰ, ਪਿਛਲੇ ਕੁਝ ਦਿਨਾਂ ਤੋਂ ਪੰਜਾਬ ਵਿੱਚ ਕੈਬਨਿਟ ਫੇਰਬਦਲ ਅਤੇ ਵਿਸਥਾਰ ਦੀਆਂ ਚਰਚਾਵਾਂ ਤੇਜ਼ ਹਨ। ਇੱਥੋਂ ਤੱਕ ਕਿ ਇੱਕ ਦਲਿਤ ਉਪ-ਮੁੱਖ ਮੰਤਰੀ ਬਣਾਏ ਜਾਣ ਦੀਆਂ ਅਟਕਲਾਂ ਵੀ ਲਗਾਈਆਂ ਜਾ ਰਹੀਆਂ ਹਨ। ਇਨ੍ਹਾਂ ਚਰਚਾਵਾਂ ਦੇ ਵਿਚਕਾਰ ਮੰਗਲਵਾਰ ਸਵੇਰੇ ਪੰਜਾਬ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ, ਹਰਦੀਪ ਸਿੰਘ ਮੁੰਡੀਆਂ ਅਤੇ ਮੋਹਿੰਦਰ ਭਗਤ ਨੂੰ ਦਿੱਲੀ ਪਹੁੰਚਣ ਦੇ ਨਿਰਦੇਸ਼ ਦਿੱਤੇ ਗਏ ਸਨ।

## ਬਠਿੰਡਾ ’ਚ ਸਿੱਖ ਪ੍ਰਚਾਰਕ ’ਤੇ ਹਮਲਾ

# ਦਾੜ੍ਹਾ ਤੇ ਕੇਸ ਕੀਤੇ ਕਤਲ



**ਬਠਿੰਡਾ, 18 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਵਿਚ ਸਿੱਖ ਪ੍ਰਚਾਰਕ ਦੀ ਦਾੜ੍ਹੀ ਅਤੇ ਸਿਰ ਦੇ ਕੇਸ ਕਤਲ ਕਰਨ ਦਾ ਹੈਰਾਨੀਜਨਕ ਮਾਮਲਾ ਸਾਹਮਣੇ ਆਇਆ ਹੈ। ਇਹ ਘਟਨਾ ਬਠਿੰਡਾ ਦੇ ਖਿਆਲੀਵਾਲਾ ਪਿੰਡ ਦੀ ਹੈ। ਇਸ ਘਟਨਾ ਤੋਂ ਬਾਅਦ ਪੁਲਸ ਨੂੰ ਸੂਚਿਤ ਕੀਤਾ ਗਿਆ। ਪੁਲਸ ਨੇ ਇਕ ਵਿਅਕਤੀ ’ਤੇ ਧਾਰਾ 295 ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜਿਸ ਅੰਮ੍ਰਿਤਧਾਰੀ ਸਿੱਖ ਪ੍ਰਚਾਰਕ ਦੇ ਕੇਸ ਕਤਲ ਕੀਤੇ ਉਸਨੇ ਦੱਸਿਆ ਕਿ ਉਸ ਦੀ ਕਿਸੇ ਨਾਲ ਕੋਈ ਦੁਸ਼ਮਣੀ ਜਾਂ ਰੰਜਿਸ਼ ਨਹੀਂ ਹੈ। ਉਕਤ ਨੇ ਦੱਸਿਆ ਕਿ ਘਰ ਵਿਚ ਮਿਸਤਰੀਆਂ ਦਾ ਕੰਮ ਚੱਲ ਰਿਹਾ। ਇਸ ਦੌਰਾਨ ਦੋ ਵਿਅਕਤੀ ਆਏ ਅਤੇ ਉਸ ਨੂੰ ਪਿੱਛੋਂ ਆ ਕੇ ਫੜ ਲਿਆ। ਇਸ ਦੌਰਾਨ ਇਕ ਵਿਅਕਤੀ ਨੇ ਕੈਂਚੀ ਨਾਲ ਉਸ ਦੀ ਦਾੜ੍ਹੀ ਅਤੇ ਸਿਰ ਦੇ ਕੇਸ ਕਤਲ ਕਰ ਦਿੱਤੇ। ਇਸ ਖਿੱਚ ਧੂਹ ਵਿਚ ਉਹ ਜ਼ਖਮੀ ਵੀ ਹੋਇਆ ਹੈ। ਫਿਲਹਾਲ ਪੁਲਸ ਵੱਲੋਂ ਸਾਰੇ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੇ ਜਾਣ ਦੀ ਗੱਲ ਆਖੀ ਜਾ ਰਹੀ ਹੈ।

## ਕਿਸਾਨਾਂ ਦੇ ਧਰਨੇ ਤੋਂ ਪਹਿਲਾਂ ਪੁਲਿਸ ਵੱਲੋਂ ਵੱਡਾ ਐਕਸ਼ਨ; ਘਰਾਂ ’ਤੇ ਮਾਰਿਆ ਛਾਪਾ

**ਚੰਡੀਗੜ੍ਹ, 18 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਬਠਿੰਡਾ ਸ਼ਹਿਰ ਤੋਂ ਅਹਿਮ ਖਬਰ ਸਾਹਮਣੇ ਆ ਰਹੀ ਹੈ। ਜਿਸ ਕਾਰਨ ਕਿਸਾਨਾਂ ਵਿਚਾਲੇ ਹਾਹਾਕਾਰ ਮੱਚਿਆ ਹੋਇਆ ਹੈ। ਦਰਅਸਲ, ਬਠਿੰਡਾ ’ਚ ਕਿਸਾਨਾਂ ਦੇ ਧਰਨੇ ਤੋਂ ਪਹਿਲਾਂ ਪੁਲਿਸ ਵੱਲੋਂ ਵੱਡੀ ਕਾਰਵਾਈ ਕੀਤੀ ਗਈ। ਜਾਣਕਾਰੀ ਮੁਤਾਬਿਕ ਤੜਕ ਸਵੇਰੇ ਹੀ ਪੁਲਿਸ ਨੇ ਕਈ ਕਿਸਾਨ ਆਗੂਆਂ ਦੇ ਘਰਾਂ ’ਚ ਛਾਪੇਮਾਰੀ ਕੀਤੀ ਹੈ। ਇਨ੍ਹਾਂ ਹੀ ਨਹੀਂ ਕਈ ਕਿਸਾਨ ਆਗੂਆਂ ਨੂੰ ਘਰਾਂ ’ਚ ਹੀ ਨਜ਼ਰਬੰਦ ਕਰਨ ਦੀ ਵੀ ਕੋਸ਼ਿਸ਼ ਕੀਤੀ ਗਈ ਹੈ। ਦੱਸ ਦਈਏ ਕਿ ਗਿੱਦੜਬਾਹਾ ਦੇ ਪਿੰਡ ਮੱਲਣ ’ਚ ਕਿਸਾਨ ਆਗੂ ਬਿੱਟੂ ਮੱਲਣ ਦੇ ਘਰ ’ਚ ਛਾਪੇਮਾਰੀ ਹੋਈ ਹੈ। ਪਰ ਉਸ ਸਮੇਂ ਉਹ ਘਰ ’ਚ ਮੌਜੂਦ ਨਹੀਂ ਸੀ।



ਇਸ ਦੌਰਾਨ ਬੀਕੇਯੂ ਉਗਰਾਹਾਂ ਵੱਲੋਂ ਬਠਿੰਡਾ ਡੀਸੀ ਦਫਤਰ ਅੱਗੇ ਧਰਨਾ ਦਿੱਤਾ ਜਾਣਾ ਹੈ ਜਿਸ ਦੇ ਚੱਲਦੇ ਪਹਿਲਾਂ ਹੀ 1500 ਤੋਂ ਵੱਧ ਪੁਲਿਸ ਮੁਲਾਜ਼ਮ ਤੈਨਾਤ ਕੀਤੇ ਗਏ ਹਨ। ਬਠਿੰਡਾ ਸ਼ਹਿਰ ਨੂੰ ਆਉਣ ਵਾਲੇ ਰਸਤਿਆਂ ’ਚ ਵੀ ਵੱਡੀ ਗਿਣਤੀ ’ਚ ਪੁਲਿਸ ਦੀ ਟੀਮ ਤੈਨਾਤ ਕੀਤੀ ਗਈ ਹੈ। ਕਿਸਾਨ ਸਾਥੀਆਂ ਦੀ ਰਿਹਾਈ ਲਈ ਧਰਨੇ ਦੀ ਇਹ ਕਾਲ ਦਿੱਤੀ ਗਈ ਹੈ। ਦੂਜੇ ਪਾਸੇ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਬਲਾਕ ਨਾਭਾ ਦੇ ਸਕੱਤਰ ਚਮਕੌਰ ਸਿੰਘ ਘਨੂੜਕੀ ਦੇ ਘਰ ਸਵੇਰੇ ਲਗਭਗ ਸਾਢੇ ਚਾਰ ਵਜੇ ਪੁਲਿਸ ਦੇ ਲਗਭਗ ਛੇ ਮੁਲਾਜ਼ਮ ਉਸ ਨੂੰ ਡਿਟੇਨ ਕਰਨ ਲਈ ਪਹੁੰਚੇ। ਇਸ ਮੌਕੇ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਪਹੁੰਚ ਗਏ। ਕਿਸਾਨਾਂ ਨੇ 6 ਪੁਲਿਸ ਮੁਲਾਜ਼ਮਾਂ ਨੂੰ ਘਰ ਦੇ ਵਿੱਚ ਹੀ ਘੇਰ ਕੇ ਬਿਠਾ ਲਿਆ ਜਿਸ ਤੋਂ ਬਾਅਦ ਐਸਐਚਓ ਨਾਭਾ ਅਤੇ ਚੌਂਕੀ ਇੰਚਾਰਜ ਨਾਭਾ ਪਹੁੰਚੇ ਅਤੇ ਉਹਨਾਂ ਨੇ ਡੀਐਸਪੀ ਨਾਭਾ ਨਾਲ ਗੱਲ ਕਰਵਾਈ ਜਿਸ ਤੋਂ ਬਾਅਦ ਕਿਸਾਨਾਂ ਅਤੇ ਪੁਲਿਸ ਵਿਚਕਾਰ ਕੁਝ ਗੱਲਾਂ ਨੂੰ ਲੈ ਕੇ ਸਹਿਮਤੀ ਬਣ ਗਈ।

## ਡੇਰਾ ਬਿਆਸ ਮੁਖੀ ਗੁਰਿੰਦਰ ਸਿੰਘ ਢਿੱਲੋਂ ਨੇ ਖਿੱਚੀ ਨਵੀਂ ਮਰਿਆਦਾ ਰੇਖਾ ! ਫੋਟੋਆਂ ’ਤੇ ਰੋਕ, ਸਿਆਸਤਦਾਨਾਂ ਨੂੰ ਸੰਦੇਸ਼

**ਜਲੰਧਰ, 18 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਡੇਰਿਆਂ ਦੀ ਭੂਮਿਕਾ ਹਮੇਸ਼ਾ ਪੰਜਾਬ ਦੇ ਸਮਾਜਿਕ-ਰਾਜਨੀਤਿਕ ਢਾਂਚੇ ਵਿੱਚ ਪ੍ਰਭਾਵਸ਼ਾਲੀ ਰਹੀ ਹੈ। ਅਜਿਹੇ ਵਿਚ ਡੇਰਾ ਵਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਵੱਲੋਂ ਰਾਜਨੀਤਿਕ ਆਗੂਆਂ ਨਾਲ ਜਨਤਕ ਫੋਟੋਆਂ ਖਿਚਵਾਉਣ ਤੋਂ ਦੂਰੀ ਬਣਾਉਣ ਦੇ ਫ਼ੈਸਲੇ ਨੂੰ ਸਾਧਾਰਣ ਨਹੀਂ ਵੇਖਿਆ ਜਾ ਰਿਹਾ। ਬਾਬਾ ਗੁਰਿੰਦਰ ਸਿੰਘ ਵੱਲੋਂ ਲਏ ਗਏ ਇਸ ਫ਼ੈਸਲੇ ਨੂੰ ਇਕ ਪ੍ਰਤੀਕਾਤਮਕ ਕਦਮ ਅਤੇ ਇਕ ਰਣਨੀਤਕ ਸੰਦੇਸ਼ ਦੋਵਾਂ ਵਜੋਂ ਵੇਖਿਆ ਜਾ ਰਿਹਾ ਹੈ। ਕਈ ਸਾਲਾਂ ਤੋਂ ਰਾਧਾ ਸੁਆਮੀ ਸਤਿਸੰਗ ਡੇਰਾ ਬਿਆਸ ਨਾ ਸਿਰਫ਼ ਇਕ ਅਧਿਆਤਮਿਕ ਕੇਂਦਰ ਰਿਹਾ ਹੈ, ਸਗੋਂ ਆਪਣੇ ਵੱਡੇ ਪੈਰੋਕਾਰਾਂ ਕਾਰਨ ਸਮਾਜਿਕ ਪ੍ਰਭਾਵ ਦਾ ਇਕ ਵੱਡਾ ਕੇਂਦਰ ਵੀ ਰਿਹਾ ਹੈ। ਜਿਵੇਂ-ਜਿਵੇਂ ਚੋਣਾਂ ਦਾ ਮੌਸਮ ਨੇੜੇ ਆਉਂਦਾ ਹੈ, ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੇਤਾਵਾਂ ਦੇ ਦੌਰੇ ਵਧਦੇ ਜਾਂਦੇ ਹਨ। ਪ੍ਰਧਾਨ ਮੰਤਰੀ ਤੋਂ ਲੈ ਕੇ ਵਿਰੋਧੀ ਧਿਰ ਦੇ ਚੋਟੀ ਦੇ ਆਗੂਆਂ ਤੱਕ, ਮੀਟਿੰਗਾਂ ਦੀਆਂ ਤਸਵੀਰਾਂ ਨੂੰ ਅਕਸਰ ਰਾਜਨੀਤਿਕ ਸੰਦੇਸ਼ਾਂ ਵਜੋਂ ਸਮਝਿਆ ਜਾਂਦਾ ਹੈ। ਫੋਟੋਆਂ ਸਿਰਫ਼ ਸ਼ਿਸ਼ਟਾਚਾਰ ਨਹੀਂ ਹੁੰਦੀਆਂ ਸਗੋਂ ਇਹ ਸੰਕੇਤ ਦਿੰਦੀਆਂ ਹਨ, ਸਮੀਕਰਨ ਬਣਾਉਂਦੀਆਂ ਹਨ ਅਤੇ ਰਾਜਨੀਤਿਕ ਵਿਚਾਰ-ਵਟਾਂਦਰੇ ਦਾ ਮਾਰਗਦਰਸ਼ਨ ਵੀ ਕਰਦੀਆਂ ਹਨ। ਪੰਜਾਬ ਦੇ ਕਈ ਪ੍ਰਮੁੱਖ ਆਗੂ, ਜਿਨ੍ਹਾਂ ’ਚ ਰੱਖਿਆ ਮੰਤਰੀ ਵੀ ਸ਼ਾਮਲ ਹਨ, ਸਮੇਂ-ਸਮੇਂ ’ਤੇ ਡੇਰਾ ਬਿਆਸ ਪਹੁੰਚਦੇ ਰਹੇ ਹਨ। ਹਰੇਕ ਮੀਟਿੰਗ ਦੀਆਂ ਤਸਵੀਰਾਂ ਸੁਰਖੀਆਂ ਬਣੀਆਂ, ਅਤੇ ਉਨ੍ਹਾਂ ਦੇ ਅਰਥ ਅਕਸਰ ਰਾਜਨੀਤਿਕ ਹਲਕਿਆਂ ’ਚ ਸਮਝੇ ਜਾਂਦੇ ਸਨ। ਅਜਿਹੇ ਹਾਲਾਤ ’ਚ ਹੁਣ ਤਸਵੀਰਾਂ ’ਚ ਵਿਰਾਮ ਸਪੱਸ਼ਟ ਤੌਰ ’ਤੇ ਦਰਸਾਉਂਦਾ ਹੈ ਕਿ ਡੇਰਾ ਆਪਣੀ ਅਧਿਆਤਮਿਕ ਪਛਾਣ ਨੂੰ ਕਿਸੇ ਵੀ ਰਾਜਨੀਤਿਕ ਵਿਆਖਿਆ ਤੋਂ ਵੱਖ ਰੱਖਣਾ ਚਾਹੁੰਦਾ ਹੈ। ਦਰਅਸਲ ਜਿਵੇਂ-ਜਿਵੇਂ ਪੰਜਾਬ ’ਚ ਚੋਣ ਮਾਹੌਲ ਬਣਦਾ ਜਾ ਰਿਹਾ ਹੈ, ਡੇਰਿਆਂ ਦੀਆਂ ਗਤੀਵਿਧੀਆਂ ਅਤੇ ਸਿਆਸਤਦਾਨਾਂ ਨਾਲ ਮੀਟਿੰਗਾਂ ਚਰਚਾ ਦਾ ਵਿਸ਼ਾ ਬਣ ਜਾਂਦੀਆਂ ਹਨ। ਅਜਿਹੇ ਸਮੇਂ ਤਸਵੀਰਾਂ ਨਾ ਖਿੱਚਣ ਦੇ ਫ਼ੈਸਲੇ ਨੂੰ ਚੋਣ ਅਟਕਲਾਂ ਨੂੰ ਸੀਮਤ ਕਰਨ ਦੀ ਕੋਸ਼ਿਸ਼ ਵਜੋਂ ਵੇਖਿਆ ਜਾ ਰਿਹਾ ਹੈ। ਇਹ ਗੱਲਬਾਤ ਖ਼ਤਮ ਕਰਨ ਦਾ ਸੰਕੇਤ ਨਹੀਂ ਸਗੋਂ ਜਨਤਕ ਪ੍ਰਤੀਕਾਤਮਕਤਾ ਨੂੰ ਕੰਟੋਰਲ ਕਰਨ ਦੀ ਰਣਨੀਤੀ ਹੋ ਸਕਦੀ ਹੈ। ਇਸ ਨਾਲ ਸਿਆਸੀ ਦਲਾਂ ਨੂੰ ਖੁੱਲ੍ਹਾ ਸਮਰਥਨ ਸੰਕੇਤ ਮਿਲਣ ਦੀ ਸੰਭਾਵਨਾ ਘੱਟ ਹੋਵੇਗੀ, ਉਥੇ ਹੀ ਡੇਰਾ ਸਮਰਥਕਾਂ ਵਿਚਾਲੇ ਇਕ ਨਿਰਪੱਖ ਅਕਸ ਨੂੰ ਮਜ਼ਬੂਤ ਕੀਤਾ ਜਾਵੇਗਾ।



ਬਾਬਾ ਗੁਰਿੰਦਰ ਸਿੰਘ ਢਿੱਲੋਂ ਦੀ ਸਮਾਜਿਕ ਸਰਗਰਮੀ ਵੀ ਹਾਲ ਹੀ ਦੇ ਮਹੀਨਿਆਂ ’ਚ ਖ਼ਬਰਾਂ ਵਿੱਚ ਰਹੀ ਹੈ। ਵੱਖ-ਵੱਖ ਰਾਜਨੀਤਿਕ ਅਤੇ ਸਮਾਜਿਕ ਹਸਤੀਆਂ ਨਾਲ ਉਨ੍ਹਾਂ ਦੀਆਂ ਮੀਟਿੰਗਾਂ ਦੀਆਂ ਤਸਵੀਰਾਂ ਵਾਇਰਲ ਹੋਣ ਤੋਂ ਬਾਅਦ ਰਾਜਨੀਤਿਕ ਅਟਕਲਾਂ ਤੇਜ਼ ਹੋ ਗਈਆਂ। ਰਾਜਪਾਲ ਨਾਲ ਨਸ਼ਿਆਂ ਵਿਰੁੱਧ ਪੈਦਲ ਮਾਰਚ ਤੋਂ ਲੈ ਕੇ ਕਈ ਨੇਤਾਵਾਂ ਨਾਲ ਜਨਤਕ ਤੌਰ ’ਤੇ ਮੌਜੂਦਗੀ ਤੱਕ, ਹਰੇਕ ਤਸਵੀਰ ਨੂੰ ਇਕ ਸੰਭਾਵੀ ਰਾਜਨੀਤਿਕ ਸੰਕੇਤ ਵਜੋਂ ਵੇਖਿਆ ਗਿਆ।

## ਸੁਖਬੀਰ ਸਿੰਘ ਬਾਦਲ ਨੇ 2027 ’ਚ ਅਕਾਲੀ ਦਲ ਦੀ ਸਰਕਾਰ ਬਣਨ ’ਤੇ ਰਾਜਸਥਾਨ ਜਾਂਦਾ ਪੰਜਾਬ ਦਾ ਪਾਣੀ ਰੋਕਣ ਦਾ ਲਿਆ ਅਹਿਦ

**ਚੰਡੀਗੜ੍ਹ, 18 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੱਜ ਅਹਿਦ ਲਿਆ ਕਿ 2027 ਵਿਚ ਸੂਬੇ ਵਿਚ ਅਕਾਲੀ ਦਲ ਦੀ ਸਰਕਾਰ ਬਣਨ ’ਤੇ ਰਾਜਸਥਾਨ ਜਾਂਦਾ ਪੰਜਾਬ ਦਾ ਦਰਿਆਈ ਪਾਣੀ ਰੋਕਿਆ ਜਾਵੇਗਾ ਅਤੇ ਜ਼ੋਰ ਦੇ ਕੇ ਕਿਹਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਰਾਜਸਥਾਨ ਫੀਡਰ ਨਹਿਰ ਵਿਚ ਚਲ ਰਹੇ ਪਾਣੀ ਦਾ ਮੂੰਹ ਪੰਜਾਬ ਦੇ ਖੇਤਾਂ ਵੱਲ ਮੋੜ ਦੇਵੇਗੀ। ਅੱਜ ‘ਪੰਜਾਬ ਬਚਾਓ, ਸੁਖਬੀਰ ਬਾਦਲ ਲਿਆਓ’ ਸਰਦਾਰ ਮੁਹਿੰਮ ਦੇ



ਹਿੱਸੇ ਵਜੋਂ ਇਥੇ ਅਮਰਕੋਟ ਦੀ ਅਨਾਜ ਮੰਡੀ ਵਿਚ ਇਕ ਵਿਸ਼ਾਲ ਰੈਲੀ ਜਿਸ ਵਿਚ ਹਜ਼ਾਰਾਂ ਲੋਕ ਸ਼ਾਮਲ ਹੋਏ ਨੂੰ ਸੰਬੋਧਨ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਅਸੀਂ ਕਾਂਗਰਸ ਪਾਰਟੀ ਵੱਲੋਂ ਸੂਬੇ ਨਾਲ ਕੀਤੇ ਵਿਤਕਰੇ ਨੂੰ ਖ਼ਤਮ ਕਰਾਂਗੇ। ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਰਾਈਪੇਰੀਅਨ ਸਿਧਾਂਤ, ਜੋ ਸਪਸ਼ਟ ਕਹਿੰਦਾ ਹੈ ਕਿ ਜਿਸ ਸੂਬੇ ਵਿਚੋਂ ਦਰਿਆ ਵਗਦਾ ਹੋਵੇ, ਪਾਣੀ ਉਸਦਾ ਹੈ, ਦੀ ਉਲੰਘਣਾ ਕਰ ਕੇ ਸਾਡਾ ਅੱਧਾ ਦਰਿਆਈ ਪਾਣੀ ਰਾਜਸਥਾਨ ਨੂੰ ਦੇ ਦਿੱਤਾ। ਸੁਖਬੀਰ ਸਿੰਘ ਬਾਦਲ ਨੇ ਸਪਸ਼ਟ ਕਿਹਾ ਕਿ ਅਕਾਲੀ ਦਲ ਕਦੇ ਵੀ ਮੁੱਖ ਮੰਤਰੀ ਭਗਵੰਤ ਮਾਨ ਨੂੰ ਐਸ ਵਾਈ ਐਲ ਨਹਿਰ ਰਾਹੀਂ ਸੂਬੇ ਦਾ ਪਾਣੀ ਹਰਿਆਣਾ ਨੂੰ ਦੇ ਕੇ ਸੂਬੇ ਦੇ ਹਿੱਤਾਂ ਨਾਲ ਸਮਝੌਤਾ ਨਹੀਂ ਕਰਨ ਦੇਵੇਗਾ। ਉਹਨਾਂ ਕਿਹਾ ਕਿ ਭਗਵੰਤ ਮਾਨ ਕੇਂਦਰ ਦੇ ਦਬਾਅ ਹੇਠ ਹੈ ਕਿਉਂਕਿ ਕੇਂਦਰ ਕੋਲ ਇਸ ਗੱਲ ਦੀ ਜਾਣਕਾਰੀ ਹੈ ਕਿ ਭਗਵੰਤ ਮਾਨ ਨੇ ਆਸਟਰੇਲੀਆ ਵਿਚ 2500 ਏਕੜ ਜ਼ਮੀਨ ਖਰੀਦੀ ਹੈ। ਉਹਨਾਂ ਕਿਹਾ ਕਿ ਇਹੀ ਕਾਰਨ ਹੈ ਕਿ ਭਗਵੰਤ ਮਾਨ ਨੇ ਇਸ ਮਾਮਲੇ ’ਤੇ ਆਪਣਾ ਸਟੈਂਡ ਨਰਮ ਕਰ ਲਿਆ ਹੈ ਅਤੇ ਜਨਤਕ ਤੌਰ ’ਤੇ ਐਲਾਨ ਕੀਤਾ ਹੈ ਕਿ ਉਹ ਪੰਜਾਬ ਦਾ ਪਾਣੀ ਹਰਿਆਣਾ ਨੂੰ ਦੇਣ ਦੇ ਤੌਰ ਤਰੀਕੇ ’ਤੇ ਚਰਚਾ ਕਰਨ ਵਾਸਤੇ ਹਰ ਵੇਲੇ ਤਿਆਰ ਹੈ। ਖੇਮਕਰਨ ਦੇ ਹਲਕਾ ਇੰਚਾਰਜ ਵਿਰਸਾ ਸਿੰਘ ਵਲਟੋਹਾ ਦੀ ਹਾਜ਼ਰੀ ਵਿਚ ਸੰਗਤਾਂ ਨੇ ਬਹੁਤ ਜੈਕਾਰੇ ਛੱਡੇ। ਇਥੇ ਅਕਾਲੀ ਦਲ ਦੇ ਪ੍ਰਧਾਨ ਨੇ ਜ਼ੋਰ ਦੇ ਕੇ ਕਿਹਾ ਕਿ 2027 ਵਿਚ ਅਕਾਲੀ ਦਲ ਦੀ ਸਰਕਾਰ ਬਣਨ ’ਤੇ ਉਹ ਗੈਂਗਸਟਰਵਾਦ ਅਤੇ ਨਸ਼ਾ ਮਾਫੀਆ ਰਾਜ ਦਾ ਹਮੇਸ਼ਾ ਹਮੇਸ਼ਾ ਲਈ ਖ਼ਾਤਮਾ ਕਰਨਗੇ। ਉਹਨਾਂ ਕਿਹਾ ਕਿ ਅਸੀਂ ਅਜਿਹੇ ਅਨਸਰਾਂ ਨੂੰ 10 ਸਾਲਾਂ ਤੱਕ ਜ਼ਮਾਨਤ ਨਾ ਮਿਲੇ ਅਤੇ ਇਹਨਾਂ ਦੀਆਂ ਜਾਇਦਾਦਾਂ ਦੀ ਨਿਲਾਮੀ ਕੀਤੀ ਜਾ ਸਕੇ, ਇਸ ਬਾਬਤ ਕਾਨੂੰਨ ਵਿਚ ਸੋਧ ਕਰਾਂਗੇ। ਸਰਦਾਰ ਬਾਦਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪ ਸਰਕਾਰ ਵੱਲੋਂ ਪੰਜਾਬ ਦੀਆਂ ਬੇਸ਼ਕੀਮਤੀ ਜ਼ਮੀਨਾਂ ਦਿੱਲੀ ਆਧਾਰਿਤ ਕੰਪਨੀਆਂ ਨੂੰ ਦੇਣ ਦੇ ਯਤਨਾਂ ਤੋਂ ਸੁਚੇਤ ਰਹਿਣ ਅਤੇ ਕਿਹਾ ਕਿ ਪਹਿਲਾਂ ਅਕਾਲੀ ਦਲ ਨੇ ਸਰਕਾਰ ਦੇ ਲੁਧਿਆਣਾ ਦੀ 34,000 ਏਕੜ ਜ਼ਮੀਨ ਕੌਡੀਆਂ ਦੇ ਭਾਅ ’ਤੇ ਪ੍ਰਾਈਵੇਟ ਕੰਪਨੀਆਂ ਨੂੰ ਦੇਣ ਦੇ ਮਨਸੂਬੇ ਅਸਫਲ ਕੀਤੇ ਅਤੇ ਹੁਣ ਸਰਕਾਰ ਨੇ ਫੈਸਲਾ ਕਰ ਲਿਆ ਹੈ ਕਿ ਮੁਹਾਲੀ ਵਿਚ ਬੇਸ਼ਕੀਮਤੀ ਰੀਅਲ ਅਸਟੇਟ ਜ਼ਮੀਨਾਂ ਆਪਣੀਆਂ ਚਹੇਤੀਆਂ ਕੰਪਨੀਆਂ ਨੂੰ ਅੱਧ ਭਾਅ ’ਤੇ ਦਿੱਤੀਆਂ ਜਾਣਗੀਆਂ।

## ਤਰਨ ਤਾਰਨ ’ਚ ਚਿੱਟੇ ਦਿਨ ‘ਆਪ’ ਸਰਪੰਚ ਦਾ ਚੱਲਦੇ ਵਿਆਹ ’ਚ ਗੋਲੀਆਂ ਮਾਰ ਕੇ ਕਤਲ, ਭਰਾ ਜ਼ਖ਼ਮੀ

**ਤਰਨ-ਤਾਰਨ, 18 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਰੋਜ਼ਾਨਾ ਵਾਪਰ ਰਹੀਆਂ ਘਟਨਾਵਾਂ ਵਿਚਾਲੇ ਪੰਜਾਬ ਦੀ ਵਿਗੜੀ ਕਾਨੂੰਨ ਵਿਵਸਥਾ ਦੀ ਤਾਜ਼ਾ ਤਸਵੀਰ ਤਰਨ ਤਾਰਨ ਤੋਂ ਸਾਹਮਣੇ ਆਈ ਹੈ। ਪਿੰਡ ਸ਼ੇਰੋਂ ’ਚ ਆਮ ਆਦਮੀ ਪਾਰਟੀ ਦੇ ਸਰਪੰਚ ਦਾ ਚਿੱਟੇ ਦਿਨ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਹੈ। ਘਟਨਾ ਨੂੰ ਦੋ ਅਣਪਛਾਤੇ ਨੌਜਵਾਨਾਂ ਨੇ ਅੰਜਾਮ ਦਿੱਤਾ, ਜਿਸ ਦੌਰਾਨ ਸਰਪੰਚ ਦੀ ਮੌਤ ਹੋ ਗਈ। ਸਰਪੰਚ ਹਰਪਿੰਦਰ ਸਿੰਘ, ਮੰਤਰੀ ਲਾਲਜੀਤ ਭੁੱਲਰ ਦਾ



ਕਰੀਬੀ ਦੱਸਿਆ ਗਿਆ ਹੈ। ਜਾਣਕਾਰੀ ਅਨੁਸਾਰ, ਆਮ ਆਦਮੀ ਪਾਰਟੀ ਪੰਜਾਬ ਦਾ ਪਿੰਡ ਠੱਠੀਆਂ ਮਹੰਤਾਂ ਦਾ ਸਰਪੰਚ ਹਰਪਿੰਦਰ ਸਿੰਘ, ਪਿੰਡ ਸ਼ੇਰੋਂ ਵਿਖੇ ਸਿੱਧੂ ਫਾਰਮ ’ਤੇ ਇੱਕ ਵਿਆਹ ਸਮਾਗਮ ਵਿੱਚ ਆਇਆ ਹੋਇਆ ਸੀ। ਸਰਪੰਚ ਨਾਲ ਉਸ ਦਾ ਭਰਾ ਜਰਮਨ ਸਿੰਘ ਵੀ ਨਾਲ ਸੀ। ਇਸ ਦੌਰਾਨ ਮੁਲਜ਼ਮਾਂ ਨੇ ਬਿਨਾਂ ਕਿਸੇ ਦੀ ਪਰਵਾਹ ਕੀਤੇ ਸਰਪੰਚ ਹਰਪਿੰਦਰ ਸਿੰਘ ਉਪਰ ਚਲਦੇ ਵਿਆਹ ਸਮਾਗਮ ਵਿੱਚ ਹੀ ਗੋਲੀਆਂ ਚਲਾ ਦਿੱਤੀਆਂ, ਜਿਸ ਦੌਰਾਨ ਹਰਪਿੰਦਰ ਸਿੰਘ ਦੀ ਮੌਕੇ ’ਤੇ ਹੀ ਮੌਤ ਹੋ ਗਈ। ਜਦੋਂ ਮੁਲਜ਼ਮ ਫਰਾਰ ਹੋਣ ਲੱਗੇ ਤਾਂ ਸਰਪੰਚ ਦੇ ਭਰਾ ਨੇ ਪਿੱਛਾ ਕਰਨ ਚਾਹਿਆ, ਪਰੰਤੂ ਮੁਲਜ਼ਮਾਂ ਨੇ ਉਸ ਉਪਰ ਵੀ ਗੋਲੀਆਂ ਚਲਾ ਦਿੱਤੀਆਂ, ਜਿਸ ਦੌਰਾਨ ਉਹ ਜ਼ਖ਼ਮੀ ਹੋ ਗਿਆ। ਜਰਮਨ ਸਿੰਘ ਨੂੰ ਲੋਕਾਂ ਨੇ ਤੁਰੰਤ ਤਰਨਤਾਰਨ ਹਸਪਤਾਲ ਦਾਖਲ ਕਰਵਾਇਆ, ਜਿਥੇ ਉਸ ਦੀ ਗੰਭੀਰ ਹਾਲਤ ਨੂੰ ਵੇਖਦਿਆਂ ਅੰਮ੍ਰਿਤਸਰ ਰੈਫਰ ਕਰ ਦਿੱਤਾ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਹਰਪਿੰਦਰ ਸਿੰਘ, ਆਪਣੇ ਦੋਸਤਾਂ ਅਤੇ ਰਿਸ਼ਤੇਦਾਰਾਂ ਨਾਲ ਸਟੇਜ ’ਤੇ ਨੱਚ ਰਿਹਾ ਸੀ, ਜਦੋਂ ਅਣਪਛਾਤੇ ਹਮਲਾਵਰਾਂ ਨੇ ਉਸ ’ਤੇ ਗੋਲੀਆਂ ਚਲਾ ਦਿੱਤੀਆਂ। ਦੱਸਿਆ ਜਾ ਰਿਹਾ ਹੈ ਕਿ ਘਟਨਾ ਵਾਲੀ ਥਾਂ ’ਤੇ ਚਾਰ ਲੋਕ ਮੌਜੂਦ ਸਨ, ਜਿਨ੍ਹਾਂ ਵਿੱਚੋਂ ਇੱਕ ਏ.ਕੇ.-47 ਵਰਗੇ ਹਥਿਆਰ ਨਾਲ ਲੈਸ ਸੀ। ਹਮਲਾਵਰਾਂ ਨੇ ਹਰਪਿੰਦਰ ਸਿੰਘ ਦੇ ਢਿੱਡ ਅਤੇ ਸਿਰ ਵਿੱਚ ਗੋਲੀਆਂ ਚਲਾਈਆਂ, ਜਿਸ ਨਾਲ ਉਸਦੀ ਮੌਕੇ ’ਤੇ ਹੀ ਮੌਤ ਹੋ ਗਈ। ਕਤਲ ਦੀ ਸੂਚਨਾ ਮਿਲਦੇ ਹੀ ਭਾਰੀ ਗਿਣਤੀ ਪੁਲਿਸ ਮੌਕੇ ’ਤੇ ਪਹੁੰਚੀ ਹੋਈ ਸੀ ਅਤੇ ਸੀਸੀਟੀਵੀ ਰਾਹੀਂ ਵੱਖ ਵੱਖ ਪਹਿਲੂਆਂ ਤੋਂ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਨੇ ਲਾਸ਼ ਨੂੰ ਪੋਸਟ ਮਾਰਟਮ ਲਈ ਕਬਜ਼ੇ ’ਚ ਲੈ ਕੇ ਹਸਪਤਾਲ ਭਿਜਵਾ ਦਿੱਤਾ ਹੈ ਉਧਰ, ਸ਼੍ਰੋਮਣੀ ਅਕਾਲੀ ਦਲ ਨੇ ਇਸ ਘਟਨਾ ਦਾ ਸਖਤ ਪ੍ਰਤੀਕਰਮ ਲੈਂਦਿਆਂ ਆਮ ਆਦਮੀ ਪਾਰਟੀ ’ਤੇ ਤਿੱਖਾ ਨਿਸ਼ਾਨ ਲਾਇਆ ਹੈ।


ਗੁਰਦੁਆਰਾ ਲਵੇਰੀਸਰ
ਸਾਹਿਬ ਢਾਣੀ ਕਾਹਨ ਸਿੰਘ
ਪਿੰਡ ਮੱਲੇਵਾਲਾ ਸਿਰਸਾ
ਗੁਰਦੁਆਰਾ ਸਾਹਿਬ ਦੀ ਨਵੀਂ ਇਮਾਰਤ ਦਾ
ਨੀਂਹ ਪੱਥਰ ਸਮਾਗਮ
ਮਿਤੀ 19 ਫਰਵਰੀ
2026 ਦਿਨ ਵੀਰਵਾਰ
ਸਮਾਂ
ਸਵੇਰੇ 9 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ 9 ਵਜੇ ਸਵੇਰੇ ਉਪਰੰਤ ਸੰਤ ਮਹਾਂਪੁਰਸ਼ ਨੀਂਹ ਪੱਥਰ ਰੱਖਣਗੇ
ਇਸ ਮੌਕੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜੱਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਸਿੱਧ ਕੀਰਤਨੀਏ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਗੁਰਬਾਣੀ ਕਥਾ ਕੀਰਤਨ ਦੁਆਰਾ ਨਿਹਾਲ ਕਰਨਗੇ।
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸਰਬੱਤ ਸੰਗਤਾਂ ਸਮੇਂ ਸਿਰ ਪੁੱਜ ਕੇ ਨਾਮ ਬਾਣੀ ਦਾ ਲਾਹਾ ਪ੍ਰਾਪਤ ਕਰੋ ਜੀ
ਬੇਨਤੀ ਕਰਤਾ ਸਮੂਹ ਸਾਧਸੰਗਤ ਨਗਰ ਨਿਵਾਸੀ ਢਾਣੀ ਕਾਹਨ ਸਿੰਘ


ਬਾਬਾ ਜੀਵਨ ਸਿੰਘ ਯੁਵਾ ਕਲੱਬ
ਪਿੰਡ ਕਾਲਾਂਵਾਲੀ (ਸਿਰਸਾ)
ਵੱਲੋਂ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਗੁਰਦੁਆਰਾ ਗੁਰੂ ਗ੍ਰੰਥਸਰ
ਦਾਦੂ ਸਾਹਿਬ ਵਾਲੇ
ਮਹੰਤ ਦੇਵਾਦਾਸ ਜੀ
ਸ਼ਾਨਦਾਰ ਕਬੱਡੀ ਟੂਰਨਾਮੈਂਟ
20 ਫਰਵਰੀ 2026, ਦਿਨ ਸ਼ੁੱਕਰਵਾਰ
ਸਥਾਨ : ਸਾਹਮਣੇ ਨਵੀਂ ਦਾਣਾ ਮੰਡੀ, ਡੱਬਵਾਲੀ ਰੋਡ, ਪਿੰਡ ਕਾਲਾਂਵਾਲੀ
ਬਲਰਾਜ ਬਾਜੀ
ਪਰਵਿੰਦਰ ਸਿੰਘ (ਲੱਡੂ)
ਜਗਦੀਪ ਸਿੰਘ (ਦੀਪ)
ਰਾਜਵੀਰ ਸਿੰਘ
ਕਬੱਡੀ 75 ਕਿਲੋ ਦੇ ਬੈਸਟ ਰੇਡਰ ਅਤੇ ਬੈਸਟ ਜਾਫੀ ਨੂੰ ਵਾਸ਼ਿੰਗ ਮਸ਼ੀਨਾਂ ਦਿੱਤੀਆਂ ਜਾਣਗੀਆਂ
ਕਬੱਡੀ 55 ਕਿਲੋ ਦੇ ਬੈਸਟ ਰੇਡਰ ਅਤੇ ਬੈਸਟ ਜਾਫੀ ਨੂੰ 5-5 ਫੁੱਟ ਕੱਪ ਦਿੱਤੇ ਜਾਣਗੇ।
ਇਨਾਮਾਂ ਦਾ ਵੇਰਵਾ | ਪਹਿਲਾ ਇਨਾਮ | ਦੂਜਾ ਇਨਾਮ | ਐਂਟਰੀ ਫੀਸ | ਮਿਤੀ
ਕਬੱਡੀ 75 ਕਿਲੋ (2 ਖਿਡਾਰੀ ਬਾਹਰੇ) | 31000/- | 21000/- | 500/- | 20-02-2026
ਕਬੱਡੀ 55 ਕਿਲੋ (2 ਖਿਡਾਰੀ ਬਾਹਰੇ) | 15000/- | 11000/- | 300/- | 20-02-2026
ਚਿਰਾਂਸ਼ੂ ਰਤਨ ਐਡਵੋਕੇਟ Supreme Court of India
ਅਜੈਬ ਸਰਪੰਚ
ਪ੍ਰਦੀਪ ਜੈਨ
ਵਿਨੋਦ ਮਿੱਤਲ
ਟੀਸ਼ੂ ਪ੍ਰਧਾਨ
ਮਹੇਸ਼ ਕੁਮਾਰ ਝੋਰੜ
ਸੁਭਾਸ਼ ਗੋਇਲ ਘੋਗਾ
ਕਰਨੈਲ ਸਿੰਘ ਔਢਾਂ
ਭੂਪ ਸਿੰਘ (S.I.)
ਨਿਰਮਲ ਸਿੰਘ ਮੱਲੜੀ
ਦਰਸ਼ਨ ਸਿੰਘ ਖਾਲਸਾ
ਕੁਲਦੀਪ ਵਰਮਾ
ਰਾਮ ਸਿੰਘ
ਪੱਪੂ ਕੋਚ
ਹਰਨੀ ਕੋਚ
ਰਾਕੇਸ਼ ਅਰੋੜਾ
ਅਮਨ ਜੈਨ, M.C.
ਪੱਪੀ ਸਿੰਘ
ਦੀਪੂ ਗਰਗ
ਜੱਸੀ ਕਿੰਗਰਾ
ਸੇਵਕ ਸਿੰਘ
ਬਚਿੱਤਰ ਸਿੰਘ
ਸੰਪਰਕ ਨੰ: 83073-50637, 77718-54978, 87085-78908






## ਗਿਆਨੀ ਰਘਬੀਰ ਸਿੰਘ ਵੱਲੋਂ ਦਿੱਤੇ ਬਿਆਨ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮੁੱਖ ਸਿੰਘ ਨੇ ਦਿੱਤੀ ਪ੍ਰਤੀਕਿਰਿਆ

### ਸਤਿਕਾਰਯੋਗ ਪਦਵੀ ਤੇ ਹੁੰਦਿਆਂ ਸੰਗਤਾਂ ਅੰਦਰ ਭਰਮ ਪੈਦਾ ਕਰਨੇ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ- ਗਿਆਨੀ ਗੁਰਮੁਖ ਸਿੰਘ

ਅੰਮ੍ਰਿਤਸਰ, 18 ਫਰਵਰੀ (ਆਵਾਜ਼ਿ ਕੌਮ ਬਿਊਰੋ)-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਵੱਲੋਂ ਮੀਡੀਆ ਨੂੰ ਦਿੱਤੇ ਬਿਆਨ 'ਤੇ ਪ੍ਰਤੀਕਿਰਿਆ ਦਿੰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ ਨੇ ਕਿਹਾ ਕਿ ਸਾਕਾ ਸ੍ਰੀ ਨਨਕਾਣਾ ਸਾਹਿਬ ਸਮੇਂ ਜ਼ਖਮੀ ਹੋਏ ਪਾਵਨ ਸਰੂਪ ਦੀ ਸੇਵਾ ਮਰਿਆਦਾ ਨੂੰ ਧਿਆਨ ਵਿੱਚ ਰੱਖਦਿਆਂ ਪੂਰੇ ਸਤਿਕਾਰ ਨਾਲ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਪਾਵਨ ਸ਼ਸ਼ਤਰਾਂ ਦੇ ਮਾਮਲੇ ਤੇ ਵੀ ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਦੀ ਸੇਵਾ ਵੀ ਮਾਹਿਰਾਂ ਦੀ ਰਾਏ ਅਨੁਸਾਰ ਜ਼ਰੂਰਤ ਨੂੰ ਮੁੱਖ ਰੱਖਦਿਆਂ ਕੀਤੀ ਗਈ ਸੀ। ਗਿਆਨੀ ਗੁਰਮੁਖ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੀ ਸੇਵਾ ਅਤੇ ਪਾਵਨ ਸ਼ਸ਼ਤਰਾਂ ਦੀ ਸੇਵਾ ਸਮੇਂ ਗਿਆਨੀ ਰਘਬੀਰ ਸਿੰਘ ਖੁਦ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੇਵਾ ਨਿਭਾ ਰਹੇ ਸਨ।



ਉਨ੍ਹਾਂ ਕਿਹਾ ਕਿ ਸਤਿਕਾਰਯੋਗ ਪਦਵੀ ਤੇ ਹੁੰਦਿਆਂ ਸਿੱਖ ਭਾਵਨਾਵਾਂ ਨਾਲ ਜੁੜੇ ਹੋਏ ਇਨ੍ਹਾਂ ਮਾਮਲਿਆਂ ਸਬੰਧੀ ਸੰਗਤਾਂ ਅੰਦਰ ਭਰਮ ਪੈਦਾ ਕਰਨੇ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ। ਉਨ੍ਹਾਂ ਸਪੱਸ਼ਟ ਕੀਤਾ ਕਿ ਸਾਕਾ ਸ੍ਰੀ ਨਨਕਾਣਾ ਸਾਹਿਬ ਨਾਲ ਸੰਬੰਧਿਤ ਜ਼ਖਮੀ ਹੋਏ ਪਾਵਨ ਸਰੂਪ ਸਲਾਬ ਖਰਾਬ ਹੋ ਰਹੇ ਸਨ ਜਿਸ ਦੀ ਸੰਭਾਲ ਲਈ ਸਿੱਖ ਸੰਸਥਾ ਨੇ ਆਪਣੀ ਜਿਮੇਵਾਰੀ ਸਮਝਦਿਆਂ ਇਸ ਦੀ ਸੇਵਾ ਕਰਵਾਉਣ ਦਾ ਫੈਸਲਾ ਕੀਤਾ ਸੀ। ਇਸ ਦੀ ਸੇਵਾ ਦੌਰਾਨ ਅਨੇਕਾਂ ਸੰਗਤਾਂ ਨੇ ਇਸ ਦੇ ਦਰਸ਼ਨ ਕੀਤੇ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨਾਲ ਸਬੰਧਤ ਪਾਵਨ ਸ਼ਸਤਰਾਂ ਦੀ ਸੇਵਾ ਕਰਵਾਉਣ ਦੀ ਜ਼ਰੂਰਤ ਵੀ ਤਾਂ ਸੀ ਕਿਉਂਕਿ ਜੂਨ 1984 ਦੇ ਫੌਜੀ ਹਮਲੇ ਸਮੇਂ ਇਹ ਨੁਕਸਾਨੇ ਗਏ ਸਨ। ਉਨ੍ਹਾਂ ਕਿਹਾ ਕਿ ਇਸ ਦੀ ਕਾਰ ਸੇਵਾ ਹਜ਼ੂਰ ਸਾਹਿਬ ਵਾਲੇ ਬਾਬਾ ਬਲਵਿੰਦਰ ਸਿੰਘ ਤੇ ਬਾਬਾ ਨਰਿੰਦਰ ਸਿੰਘ ਨੂੰ ਸੌਂਪੀ ਗਈ ਸੀ ਜਿਨ੍ਹਾਂ ਨੇ ਮਾਹਰ ਕਾਰੀਗਰਾਂ ਰਾਹੀਂ ਇਹ ਸੇਵਾ ਕਰਵਾਈ। ਇਸ ਸੇਵਾ ਦੌਰਾਨ ਪੁਰਾਤਨਤਾ ਅਤੇ ਸਤਿਕਾਰ ਦਾ ਪੂਰਾ ਧਿਆਨ ਰੱਖਿਆ ਗਿਆ। ਉਨ੍ਹਾਂ ਕਿਹਾ ਕਿ ਗਿਆਨੀ ਰਘਬੀਰ ਸਿੰਘ ਵੱਲੋਂ ਕਿਰਪਾਨ ਦੇ ਮੁੱਠੇ ਬਾਰੇ ਉਠਾਇਆ ਸਵਾਲ ਵੀ ਬਿਲਕੁਲ ਬੇਬੁਨਿਆਦ ਹੈ। ਉਨ੍ਹਾਂ ਸੰਗਤਾਂ ਵੀ ਅਪੀਲ ਕੀਤੀ ਕਿ ਅਜਿਹੇ ਗੁਮਰਾਹਕੁਨ ਪ੍ਰਚਾਰ ਤੋਂ ਸੁਚੇਤ ਰਿਹਾ ਜਾਵੇ।

ਆਵਾਜ਼ਿ ਕੌਮ AWAZE QAUM
International Newspaper & WEB TV






ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV




**ਸਾਹਿਬ ਸਤਿਗੁਰੂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਖਾਰਗਰ ਨਵੀਂ ਮੁੰਬਈ ਵਿਖੇ ਮਿਤੀ 28 ਫਰਵਰੀ ਅਤੇ 1 ਮਾਰਚ 2026 ਨੂੰ ਦੋ ਰੋਜ਼ਾ ਬਹੁਤ ਭਾਰੀ ਮਹਾਨ ਗੁਰਮਤਿ ਸਮਾਗਮ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾ ਦੀ ਅਗੁਵਾਈ 'ਚ ਮਹਾਰਾਸ਼ਟਰ ਦੀ ਸਰਕਾਰ ਦੀ ਦੇਖ ਰੇਖ ਹੇਠ ਕੀਤਾ ਜਾ ਰਿਹਾ ਹੈ।**

**ਸੰਗਤਾਂ ਨੂੰ ਬੇਨਤੀ ਹੈ ਇਹਨਾਂ ਸਮਾਗਮਾਂ 'ਚ ਹਾਜਰੀਆਂ ਭਰੋ ਅਤੇ ਲਾਹੇ ਪ੍ਰਾਪਤ ਕਰੋ ਜੀ।**

# "ਸਰਬੱਤ ਖਾਲਸਾ ਉਦੋਂ ਸੱਦਿਆ ਜਾਂਦਾ ਜਦੋਂ ਤੁਸੀਂ ਜਥੇਦਾਰ ਸੀ, ਹੁਣ ਬਿਆਨਾਂ ਦਾ ਕੀ ਲਾਭ ?"

## ਜਥੇਦਾਰ ਦੇ ਬਿਆਨ 'ਤੇ ਇੰਟਰਨੈਸ਼ਨਲ ਪੰਥਕ ਦਲ ਦਾ ਤਿੱਖਾ ਪ੍ਰਤੀਕਰਮ


ਗਿਆਨੀ ਰਘਬੀਰ ਸਿੰਘ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

**ਲੰਡਨ/ਅੰਮ੍ਰਿਤਸਰ, 18 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਯੂਕੇ ਅਧਾਰਿਤ ਜਥੇਬੰਦੀ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਦੇ ਤਾਜ਼ਾ ਬਿਆਨ 'ਤੇ ਕੜਾ ਪ੍ਰਤੀਕਰਮ ਜਾਰੀ ਕੀਤਾ ਗਿਆ ਹੈ। ਦਲ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਸਰਬੱਤ ਖਾਲਸਾ ਬੁਲਾਉਣ ਦੀ ਗੱਲ ਉਹ ਸਮੇਂ ਹੋਣੀ ਚਾਹੀਦੀ ਸੀ ਜਦੋਂ ਉਹ ਖੁਦ ਅਹੁਦੇ 'ਤੇ ਸਨ; ਹੁਣ ਕੇਵਲ ਬਿਆਨਬਾਜ਼ੀ ਕਰਨ ਨਾਲ ਕੋਈ ਵਾਸਤਵਿਕ ਲਾਭ ਨਹੀਂ ਹੋਵੇਗਾ।

ਦਲ ਨੇ ਕਿਹਾ ਕਿ ਜਦੋਂ ਜਥੇਦਾਰ ਸਾਹਿਬ ਇੰਗਲੈਂਡ ਦੌਰੇ 'ਤੇ ਆਏ ਸਨ, ਉਸ ਵੇਲੇ ਵੱਖ-ਵੱਖ ਸਿੱਖ ਜਥੇਬੰਦੀਆਂ ਅਤੇ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਬਾਰੰਬਾਰ ਅਪੀਲ ਕੀਤੀ ਗਈ ਸੀ ਕਿ ਜੇ ਉਹ ਖੁਦ ਡੱਟ ਕੇ ਕਦਮ ਨਹੀਂ ਚੁੱਕ ਸਕਦੇ ਤਾਂ ਘੱਟੋ-ਘੱਟ ਸਰਬੱਤ ਖਾਲਸਾ ਸੱਦਿਆ ਜਾਵੇ, ਤਾਂ ਜੋ ਕੌਮ ਆਪਣੇ ਮਸਲਿਆਂ 'ਤੇ ਖੁਦ ਫੈਸਲਾ ਕਰ ਸਕੇ। ਦਲ ਦੇ ਅਨੁਸਾਰ ਉਸ ਵੇਲੇ ਕੋਈ ਸਪਸ਼ਟ ਸਟੈਂਡ ਨਹੀਂ ਲਿਆ ਗਿਆ। ਬਿਆਨ ਵਿੱਚ ਦੋਸ਼ ਲਗਾਇਆ ਗਿਆ ਕਿ ਜਦੋਂ ਜਥੇਦਾਰ ਸਾਹਿਬ ਦੀ ਡਿਊਟੀ ਬਣਦੀ ਸੀ ਅਤੇ ਉਹ ਪ੍ਰਭਾਵਸ਼ਾਲੀ ਕਦਮ ਚੁੱਕ ਸਕਦੇ ਸਨ, ਉਸ ਸਮੇਂ ਕੌਮ ਦੀਆਂ ਅਪੀਲਾਂ ਨੂੰ ਅਣਡਿੱਠਾ ਕੀਤਾ ਗਿਆ। ਦਲ ਨੇ ਇਹ ਵੀ ਸੰਕੇਤ ਦਿੱਤਾ ਕਿ ਉਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਦੀ ਹੈੱਡ ਗ੍ਰੰਥੀ ਦੀ ਸੇਵਾ ਵਾਪਸ ਲੈਣ ਦੀ ਚਰਚਾ ਵੀ ਚੱਲ ਰਹੀ ਸੀ। ਖ਼ਾਸ ਤੌਰ 'ਤੇ 2 ਦਸੰਬਰ 2024 ਦੇ ਹੁਕਮਨਾਮੇ ਦਾ ਹਵਾਲਾ ਦਿੰਦਿਆਂ ਕਿਹਾ ਗਿਆ ਕਿ ਜੇ ਉਸ ਵੇਲੇ ਸ਼੍ਰੋਮਣੀ ਅਕਾਲੀ ਦਲ ਬਾਦਲ ਖ਼ਿਲਾਫ਼ ਸਖ਼ਤ ਪਹਿਰਾ ਦਿੱਤਾ ਜਾਂਦਾ ਅਤੇ ਅਕਾਲ ਤਖ਼ਤ ਤੋਂ ਭਗੌੜੇ ਕਰਾਰ ਦਿੱਤੇ ਗਏ ਆਗੂਆਂ 'ਤੇ ਡੱਟ ਕੇ ਕਾਰਵਾਈ ਕੀਤੀ ਜਾਂਦੀ, ਤਾਂ ਪੰਥ ਨੂੰ ਮੌਜੂਦਾ ਹਾਲਾਤਾਂ ਦਾ ਸਾਹਮਣਾ ਨਾ ਕਰਨਾ ਪੈਂਦਾ।

ਦਲ ਨੇ ਚੇਤਾਵਨੀ ਦਿੱਤੀ ਕਿ ਹਾਲਾਤ ਇਸ ਮਕਾਮ 'ਤੇ ਪਹੁੰਚ ਗਏ ਹਨ ਜਿੱਥੇ "ਜੋ ਗੰਢਾਂ ਹੱਥਾਂ ਨਾਲ ਦਿੱਤੀਆਂ ਗਈਆਂ ਸਨ, ਹੁਣ ਉਹ ਦੰਦਾਂ ਨਾਲ ਵੀ ਨਹੀਂ ਖੋਲ੍ਹੀਆਂ ਜਾ ਸਕਣਗੀਆਂ।" ਉਨ੍ਹਾਂ ਦੇ ਅਨੁਸਾਰ ਆਉਣ ਵਾਲੇ ਸਮੇਂ ਵਿੱਚ ਖਾਲਸਾ ਪੰਥ ਨੂੰ ਵੱਡੇ ਸੰਘਰਸ਼ ਲਈ ਤਿਆਰ ਰਹਿਣਾ ਪਵੇਗਾ। ਦਲ ਨੇ ਇਹ ਵੀ ਕਿਹਾ ਕਿ ਅੰਤਿਮ ਜਿੱਤ ਤਦੋਂ ਹੋਵੇਗੀ ਜਦੋਂ ਸਰਬੱਤ ਖਾਲਸਾ ਸਜੇਗਾ ਅਤੇ ਕੌਮ ਆਪਣੇ ਫੈਸਲੇ ਆਪ ਕਰੇਗੀ। ਇਹ ਸਾਂਝਾ ਬਿਆਨ ਦਲ ਦੇ ਪ੍ਰਧਾਨ ਭਾਈ ਰਘਬੀਰ ਸਿੰਘ, ਅੰਤਰਰਾਸ਼ਟਰੀ ਆਰਗੇਨਾਈਜ਼ਰ ਭਾਈ ਪਰਮਜੀਤ ਸਿੰਘ ਢਾਡੀ, ਜਨਰਲ ਸਕੱਤਰ ਅਤੇ ਮੁੱਖ ਬੁਲਾਰਾ ਭਾਈ ਕਪਤਾਨ ਸਿੰਘ, ਸੀਨੀਅਰ ਮੀਤ ਪ੍ਰਧਾਨ ਭਾਈ ਰਘਵੀਰ ਸਿੰਘ ਬੀਰ੍ਹਾ ਅਤੇ ਚੀਫ ਆਰਗੇਨਾਈਜ਼ਰ ਭਾਈ ਰਘਬੀਰ ਸਿੰਘ ਮਾਲੜੀ ਵੱਲੋਂ ਜਾਰੀ ਕੀਤਾ ਗਿਆ ਹੈ।



ਭਾਈ ਰਘਬੀਰ ਸਿੰਘ
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ



ਭਾਈ ਪਰਮਜੀਤ ਸਿੰਘ ਢਾਡੀ
ਅੰਤਰਰਾਸ਼ਟਰੀ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ


ਭਾਈ ਕਪਤਾਨ ਸਿੰਘ
ਜਨਰਲ ਸਕੱਤਰ ਅਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ


ਭਾਈ ਰਘਵੀਰ ਸਿੰਘ ਬੀਰ੍ਹਾ
ਸੀਨੀਅਰ ਮੀਤ ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ


ਭਾਈ ਰਘਬੀਰ ਸਿੰਘ ਮਾਲੜੀ
ਚੀਫ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ

ਖਾਲਸਾ ਕਾਲਜ ਮਹਿਤਾ ਵਿਖੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਸਮਰਪਿਤ

# ਧਾਰਮਿਕ ਸਿੱਖਿਆ ਪੇਪਰ, ਜੇਤੂ ਵਿਦਿਆਰਥੀਆਂ ਦਾ ਸਨਮਾਨ




**ਚੌਕ ਮਹਿਤਾ, 17 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਕਾਲਜ ਅਤੇ ਕਾਲਜੀਏਟ ਮਹਿਤਾ ਵਿਖੇ ਧਾਰਮਿਕ ਸਿੱਖਿਆ ਨਾਲ ਸੰਬੰਧਿਤ ਵਿਸ਼ੇਸ਼ ਲਿਖਤੀ ਧਾਰਮਿਕ ਪੇਪਰ ਆਯੋਜਿਤ ਕੀਤਾ ਗਿਆ, ਜੋ ਸ੍ਰੀ ਗੁਰੂ ਤੇਗ. ਬਹਾਦਰ ਜੀ ਦੀ ਮਹਾਨ ਸ਼ਹਾਦਤ ਨੂੰ ਸਮਰਪਿਤ ਸੀ। ਇਸ ਉਪਰਾਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੀ ਅਦੁੱਤੀ ਕੁਰਬਾਨੀ, ਉਨ੍ਹਾਂ ਦੇ ਆਦਰਸ਼ਾਂ ਅਤੇ ਮਨੁੱਖਤਾ ਦੀ ਰੱਖਿਆ ਲਈ ਦਿੱਤੇ ਸੰਦੇਸ਼ ਨਾਲ ਜੋੜਨਾ ਸੀ। ਪੇਪਰ ਵਿੱਚ ਗੁਰੂ ਤੇਗ ਬਹਾਦਰ ਜੀ ਦੀ ਜੀਵਨੀ, ਇਤਿਹਾਸਕ ਪਿਛੋਕੜ, ਧਾਰਮਿਕ ਆਜ਼ਾਦੀ ਲਈ ਉਨ੍ਹਾਂ ਦੀ ਸ਼ਹਾਦਤ ਅਤੇ ਸਿੱਖ ਧਰਮ ਦੇ ਮੂਲ ਸਿਧਾਂਤਾਂ ਨਾਲ ਸੰਬੰਧਿਤ ਸੋਚ-ਵਿਚਾਰ ਵਾਲੇ ਪ੍ਰਸ਼ਨ ਸ਼ਾਮਲ ਸਨ। ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ, ਅਨੁਸ਼ਾਸਨ ਅਤੇ ਸ਼ਰਧਾ ਨਾਲ ਪ੍ਰਸ਼ਨਾਂ ਦੇ ਉੱਤਰ ਲਿਖੇ ਅਤੇ ਵਿਸ਼ੇ ਬਾਰੇ ਡੂੰਘੇ ਗਿਆਨ ਦਾ ਪ੍ਰਦਰਸ਼ਨ ਕੀਤਾ।ਕਰਵਾਏ ਗਏ ਇਸ ਵਿਸ਼ੇਸ਼ ਸਮਾਰੋਹ ਦੌਰਾਨ ਨਤੀਜਿਆਂ ਦੀ ਘੋਸ਼ਣਾ ਕੀਤੀ ਗਈ,ਉਪਰੰਤ ਜੇਤੂ ਵਿਦਿਆਰਥੀਆਂ ਨੂੰ ਸ਼ੀਲਡਾਂ, ਮੈਡਲ ਅਤੇ ਪ੍ਰਮਾਣ-ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵੀ ਹੌਸਲਾ ਅਫਜ਼ਾਈ ਦੇ ਤੌਰ 'ਤੇ ਸਰਾਹਨਾ ਪੱਤਰ ਪ੍ਰਦਾਨ ਕੀਤੇ ਗਏ। ਇਸ ਮੌਕੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਸੰਸਾਰ ਵਿੱਚ ਧਾਰਮਿਕ ਆਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਦੀ ਅਦਭੁਤ ਉਦਾਹਰਨ ਹੈ। ਉਨ੍ਹਾਂ ਨੇ ਕਿਹਾ ਕਿ ਅਜਿਹੇ ਪੇਪਰ ਵਿਦਿਆਰਥੀਆਂ ਵਿੱਚ ਨੈਤਿਕ ਮੁੱਲਾਂ, ਆਤਮਵਿਸ਼ਵਾਸ ਅਤੇ ਇਤਿਹਾਸ ਪ੍ਰਤੀ ਸੁਚੇਤਤਾ ਪੈਦਾ ਕਰਦੇ ਹਨ। ਉਨ੍ਹਾਂ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਹੋਰਾਂ ਨੂੰ ਵੀ ਭਵਿੱਖ ਵਿੱਚ ਵਧੀਆ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਤੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ , ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ,ਪ੍ਰਿੰਸੀਪਲ ਜਤਿੰਦਰ ਸ਼ਰਮਾ , ਸੁਖਦੇਵ ਸਿੰਘ , ਸੁਖਜੀਤ ਸਿੰਘ , ਮੈਡਮ ਕੁਲਦੀਪ ਕੌਰ ਆਦਿ ਹਾਜ਼ਰ ਸਨ ।

ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਆਫ ਕਾਮਰਸ 'ਚ ਸਕਿੱਲ ਡਵੈਲਪਮੈਂਟ ਸੈਂਟਰ ਦਾ ਹੋਇਆ ਉਦਘਾਟਨ

# ਆਰਟੀਫੀਸ਼ੀਅਲ ਇੰਟੈਲੀਜੈਂਸ ਵਿਚ ਮੁਹਾਰਤ ਹਾਸਲ ਕਰਨਾ ਸਮੇਂ ਦੀ ਵੱਡੀ ਜ਼ਰੂਰਤ



**ਨਵੀਂ ਦਿੱਲੀ, 18 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ, ਕਾਲਜ ਦੇ ਚੇਅਰਮੈਨ ਐਮ ਪੀ ਐਸ ਚੱਢਾ, ਪ੍ਰਿੰਸੀਪਲ ਪ੍ਰੋਫੈਸਰ ਕਵਲ ਗਿੱਲ ਨੇ ਅੱਜ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਆਫ ਕਾਮਰਸ ਪੀਤਮਪੁਰਾ ਵਿਚ ਸਕਿੱਲ ਡਵੈਲਪਮੈਂਟ ਸੈਂਟਰ 'ਸਕਿੱਲ ਵਰਸ' ਦਾ ਉਦਘਾਟਨ ਕੀਤਾ। ਇਸ ਮੌਕੇ ਹਾਜ਼ਰ ਕਾਲਜ ਦੇ ਸਟਾਫ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਅੱਜ ਦੇ ਯੁੱਗ ਵਿਚ ਸਕਿੱਲ ਯਾਨੀ ਹੁਨਰ ਸਿੱਖਿਆ ਸਭ ਤੋਂ ਜ਼ਰੂਰੀ ਹੈ। ਉਹਨਾਂ ਕਿਹਾ ਕਿ ਮੌਜੂਦਾ ਦੌਰ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਦਾ ਦੌਰ ਹੈ। ਉਹਨਾਂ ਕਿਹਾ ਕਿ ਉਹਨਾਂ ਨੂੰ ਖੁਸ਼ੀ ਹੈ ਕਿ ਉਹ ਇਸ ਸਕਿੱਲ ਡਵੈਲਪਮੈਂਟ ਸੈਂਟਰ ਦਾ ਉਦਘਾਟਨ ਉਸ ਵੇਲੇ ਕਰ ਰਹੇ ਹਨ ਜਦੋਂ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਯਤਨਾਂ ਸਦਕਾ ਦੇਸ਼ ਵਿਚ ਏ ਆਈ ਸੰਮੇਲਨ ਭਾਰਤ ਮੰਡਪਮ ਵਿਖੇ ਹੋ ਰਿਹਾ ਹੈ ਜਿਸ ਵਿਚ ਦੇਸ਼ ਤੋਂ ਵੱਡੀਆਂ ਵੱਡੀਆਂ ਸ਼ਖ਼ਸੀਅਤਾਂ ਸਮੇਤ 35 ਹਜ਼ਾਰ ਤੋਂ ਜ਼ਿਆਦਾ ਮਾਹਿਰਾਂ ਵੱਲੋਂ ਸ਼ਮੂਲੀਅਤ ਕੀਤੀ ਜਾ ਰਹੀ ਹੈ। ਉਹਨਾਂ ਨੇ ਕਾਲਜ ਦੇ ਪ੍ਰਿੰਸੀਪਲ ਸ੍ਰੀਮਤੀ ਕਵਲ ਗਿੱਲ ਨੂੰ ਵੀ ਇਹ ਅਪੀਲ ਕੀਤੀ ਕਿ ਕਾਲਜ ਦੇ ਵਿਦਿਆਰਥੀਆਂ ਨੂੰ ਇਸ ਏ ਆਈ ਸੰਮੇਲਨ ਵਿਚ ਭੇਜਿਆ ਜਾਵੇ ਤਾਂ ਜੋ ਵਿਦਿਆਰਥੀ ਇਸ ਖੇਤਰ ਵਿਚ ਹੋਈ ਤਰੱਕੀ ਦੀ ਸਹੀ ਜਾਣਕਾਰੀ ਲੈ ਸਕਣ ਤੇ ਜ਼ਿੰਦਗੀ ਵਿਚ ਇਸ ਖੇਤਰ ਵਿਚ ਬੁਲੰਦੀਆਂ ਛੂਹ ਸਕਣ। ਉਹਨਾਂ ਕਿਹਾ ਕਿ ਉਹਨਾਂ ਨੂੰ ਇਸ ਗੱਲ ਦੀ ਵੀ ਬਹੁਤ ਖੁਸ਼ੀ ਹੈ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਆਫ ਕਾਮਰਸ ਵਿਚ ਪਿਛਲੇ ਕੁਝ ਸਾਲਾਂ ਵਿਚ ਬਹੁਤ ਤਰੱਕੀ ਹੋਈ ਹੈ ਜਿਸਦਾ ਸਿਹਰਾ ਪ੍ਰਿੰਸੀਪਲ ਤੇ ਸਟਾਫ ਨੂੰ ਜਾਂਦਾ ਹੈ ਜਿਹਨਾਂ ਨੇ ਆਪਣੀ ਮਿਹਨਤ ਦੀ ਬਦੌਲਤ ਇਹ ਸਭ ਕੁਝ ਖੜ੍ਹਾ ਕੀਤਾ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਕਵਲ ਗਿੱਲ ਨੇ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਦਾ ਧੰਨਵਾਦ ਕੀਤਾ ਤੇ ਭਰੋਸਾ ਦੁਆਇਆ ਕਿ ਉਹ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਹੁਨਰ ਸਿੱਖਿਆ ਪ੍ਰਦਾਨ ਕਰਨ ਵਾਸਤੇ ਇਸ ਕੇਂਦਰ ਨੂੰ ਇਸ ਮਿਆਰੀ ਕੇਂਦਰ ਵਜੋਂ ਸਾਹਮਣੇ ਲਿਆਉਣਗੇ। ਇਸ ਮੌਕੇ ਕਾਲਜ ਦੇ ਚੇਅਰਮੈਨ ਸਰਦਾਰ ਐਮ ਪੀ ਐਸ ਚੱਢਾ, ਕੈਸ਼ੀਅਰ ਸਰਦਾਰ ਗੁਰਿੰਦਰ ਸਿੰਘ ਰਾਜੂ ਅਤੇ ਸਕਿੱਲ ਡਵੈਲਪਮੈਂਟ ਸੈਂਟਰ ਦੇ ਕੋਆਰਡੀਨੇਟਰ ਸ੍ਰੀਮਤੀ ਜਸਲੀਨ ਕੌਰ ਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ।

ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦੇ ਅਧਿਆਪਕਾਂ ਅਤੇ ਖੋਜਾਰਥੀਆਂ ਵੱਲੋਂ ਮਨਿੰਦਰ ਨਾਥ ਠਾਕੁਰ ਦੀ ਕਿਤਾਬ

# 'ਗਿਆਨ ਦੀ ਰਾਜਨੀਤੀ' ਦਾ ਪੰਜਾਬੀ ਅਨੁਵਾਦ ਲੋਕ ਅਰਪਣ




ਤਲਵੰਡੀ ਸਾਬੋ, 18 ਫਰਵਰੀ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਦੇ ਭਾਸ਼ਾਵਾਂ ਵਿਭਾਗ ਦੇ ਅਧਿਆਪਕਾਂ ਅਤੇ ਖੋਜਾਰਥੀਆਂ ਵੱਲੋਂ ਮਨਿੰਦਰ ਨਾਥ ਠਾਕੁਰ ਦੀ ਕਿਤਾਬ 'ਗਿਆਨ ਦੀ ਰਾਜਨੀਤੀ' ਦਾ ਪੰਜਾਬੀ ਅਨੁਵਾਦ ਕੀਤਾ ਗਿਆ। ਇਸ ਕਿਤਾਬ ਦਾ ਸੰਪਾਦਨ ਡਾ. ਸੁਸ਼ੀਲ ਕੁਮਾਰ (ਪ੍ਰੋਫੈਸਰ) ਅਤੇ ਡਾ. ਗੁਰਪ੍ਰੀਤ ਸਿੰਘ (ਸਹਾਇਕ ਪ੍ਰੋਫੈਸਰ) ਨੇ ਕੀਤਾ। ਇਸ ਕਿਤਾਬ ਨੂੰ ਆਟਮ ਆਰਟ, ਪਟਿਆਲਾ ਵੱਲੋਂ ਪ੍ਰਕਾਸ਼ਿਤ ਕੀਤਾ ਗਿਆ ਹੈ। ਗਿਆਨ ਦੀ ਰਾਜਨੀਤੀ ਕਿਤਾਬ ਸਮਕਾਲੀ ਚੁਣੌਤੀਆਂ ਜਿਵੇਂ ਕਿ ਸਮਾਜਿਕ ਗੈਰ-ਬਰਾਬਰੀ, ਬਾਜ਼ਾਰੂ ਸੱਭਿਆਚਾਰ ਅਤੇ ਪੂੰਜੀਵਾਦ ਦੇ ਪ੍ਰਭਾਵ ਦਾ ਸਾਹਮਣਾ ਕਰਨ ਲਈ ਗਿਆਨ ਸਿਰਜਣ ਦੇ ਇੱਕ ਵਧੇਰੇ ਆਰਗੈਨਿਕ, ਸ਼ਮੂਲੀਅਤ ਵਾਲੇ ਅਤੇ ਗਤੀਸ਼ੀਲ ਢਾਂਚੇ ਦੀ ਮੰਗ ਕਰਦੀ ਹੈ। ਇਹ ਪੁਸਤਕ ਪੱਛਮੀ ਗਿਆਨ ਪਰੰਪਰਾਵਾਂ ਦੇ ਦਾਬੇ ਨੂੰ ਵੰਗਾਰਦੀ ਹੈ ਅਤੇ ਨਾਲ ਦੀ ਨਾਲ ਪੱਛਮੀ ਅਤੇ ਭਾਰਤੀ ਗਿਆਨ ਪਰੰਪਰਾਵਾਂ ਵਿਚਕਾਰ ਸੰਵਾਦ ਦੀ ਵਕਾਲਤ ਵੀ ਕਰਦੀ ਹੈ। ਇਹ ਨਾ ਤਾਂ ਪੱਛਮੀ ਸਿਧਾਂਤਾਂ ਨੂੰ ਅੰਨ੍ਹੇਵਾਹ ਅਪਣਾਉਂਦੀ ਹੈ ਅਤੇ ਨਾ ਹੀ ਮਹਿਜ਼ ਸਥਾਨਕ ਪਰੰਪਰਾਵਾਂ ਨੂੰ ਹੀ ਤਵੱਜੋਂ ਦੇਣ ਦੀ ਅਤਿਕਥਨੀ ਕਰਦੀ ਹੈ। ਜ਼ਿਕਰਯੋਗ ਹੈ ਕਿ ਵਿਭਾਗ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਪਹਿਲਾਂ ਵੀ ਦੋ ਅਨੁਵਾਦਿਤ ਕਿਤਾਬਾਂ 'ਆਜ਼ਾਦੀ ਮੇਰਾ ਬ੍ਰਾਂਡ' ਅਤੇ 'ਨੋਟਸ ਫਰਾਮ ਅੰਡਰਗਰਾਊਂਡ' ਪਾਠਕਾਂ ਦੇ ਸਨਮੁਖ ਕੀਤੀਆਂ ਜਾ ਚੁੱਕੀਆਂ ਹਨ। ਡਾ. ਸੰਦੀਪ ਰਾਣਾ ਮੁਖੀ ਭਾਸ਼ਾਵਾਂ ਵਿਭਾਗ ਨੇ ਸੰਪਾਦਕ ਸਾਹਿਬਾਨ ਅਤੇ ਸਮੁੱਚੀ ਅਨੁਵਾਦਕ ਟੀਮ ਨੂੰ ਵਧਾਈ ਦਿੱਤੀ। ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਨੇ ਭਾਸ਼ਾਵਾਂ ਵਿਭਾਗ ਦੀ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੰਦਿਆਂ ਭਵਿੱਖ ਵਿੱਚ ਅਜਿਹੇ ਕਾਰਜ ਕਰਦੇ ਰਹਿਣ ਦੀ ਪ੍ਰੇਰਨਾ ਦਿੱਤੀ।

# ਪੰਜਾਬ ਦੇ ਪਿੰਡ ਬਣ ਰਹੇ ਨੇ ਹਾਈਟੈੱਕ - ਐਲ.ਈ.ਡੀ. ਲਾਈਟਾਂ ਅਤੇ ਸੀ.ਸੀ.ਟੀ.ਵੀ. ਕੈਮਰੇ ਬੁਨਿਆਦੀ ਸਹੂਲਤਾਂ ਦਾ ਬਣੇ ਹਿੱਸਾ

## ਧੂਰੀ ਹਲਕੇ ਦਾ ਪਿੰਡ ਕੌਲਸੇੜੀ ਅਤਿ ਆਧੁਨਿਕ ਸਹੂਲਤਾਂ ਨਾਲ ਹੋਇਆ ਲੈਸ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਹੁਣ ਪਿੰਡਾਂ ਨੂੰ ਹਾਈਟੈੱਕ ਬਣਾਇਆ ਜਾ ਰਿਹਾ ਹੈ। ਪੰਜਾਬ ਦੇ ਪਿੰਡਾਂ ਦੀਆਂ ਬੁਨਿਆਦੀ ਸਹੂਲਤਾਂ ਵਿੱਚ ਹੁਣ ਐਲ.ਈ.ਡੀ. ਲਾਈਟਾਂ ਅਤੇ ਸੀ.ਸੀ.ਟੀ.ਵੀ. ਕੈਮਰਿਆਂ ਵਰਗੀਆਂ ਅਤਿ ਆਧੁਨਿਕ ਤਕਨੀਕਾਂ ਵੀ ਸ਼ਾਮਲ ਹੋ ਗਈਆਂ ਹਨ, ਜੋ ਪਿੰਡਾਂ ਨੂੰ ਹੋਰ ਸੁਰੱਖਿਅਤ ਬਣਾ ਰਹੀਆਂ ਹਨ। ਇਸ ਲੜੀ ਤਹਿਤ ਧੂਰੀ ਹਲਕੇ ਦਾ ਪਿੰਡ ਕੌਲਸੇੜੀ ਇਕ ਉਦਾਹਰਨ ਬਣ ਕੇ ਸਾਹਮਣੇ ਆਇਆ ਹੈ, ਜਿਥੇ ਪਿੰਡ ਵਿੱਚ 14 ਲੱਖ ਰੁਪਏ ਦੀ ਲਾਗਤ ਨਾਲ 175 ਸੋਲਰ ਐਲ.ਈ.ਡੀ. ਲਾਈਟਾਂ ਲਗਾਈਆਂ ਗਈਆਂ ਹਨ, ਜਿਸ ਨਾਲ ਪਿੰਡ ਦੀਆਂ ਗਲੀਆਂ ਅਤੇ ਸੜਕਾਂ ਰਾਤ ਸਮੇਂ ਰੌਸ਼ਨ ਹੋ ਰਹੀਆਂ ਹਨ। ਇਸ ਦੇ ਨਾਲ ਹੀ 5 ਲੱਖ ਰੁਪਏ ਦੀ ਲਾਗਤ ਨਾਲ 26 ਸੀ.ਸੀ.ਟੀ.ਵੀ. ਕੈਮਰੇ ਲਗਾਏ ਗਏ ਹਨ, ਜਿਸ ਨਾਲ ਸੁਰੱਖਿਆ ਪ੍ਰਬੰਧ ਹੋਰ ਮਜ਼ਬੂਤ ਹੋਏ ਹਨ। ਪਿੰਡ ਕੌਲਸੇੜੀ ਦੇ ਸਰਪੰਚ ਵੀਰਪਾਲ ਕੌਰ ਨੇ ਦੱਸਿਆ ਕਿ ਪਿੰਡ ਦੀ ਫਿਰਨੀ 'ਤੇ ਲਗਭਗ 20 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕ ਟਾਈਲਾਂ ਲਗਾਈਆਂ ਜਾ ਰਹੀਆਂ ਹਨ, ਜਿਸ ਨਾਲ ਆਵਾਜਾਈ ਸੁਖਾਲੀ ਹੋਵੇਗੀ। ਇਸ ਤੋਂ ਇਲਾਵਾ ਪਿੰਡ ਦੇ ਗੰਦੇ ਪਾਣੀ ਦੇ ਨਿਕਾਸ ਲਈ 32 ਲੱਖ ਰੁਪਏ ਦੀ ਲਾਗਤ ਨਾਲ ਸੀਚੇਵਾਲ ਮਾਡਲ ਤਹਿਤ ਪ੍ਰੋਜੈਕਟ ਲਗਾਇਆ ਜਾ ਰਿਹਾ ਹੈ, ਜੋ ਸਫਾਈ ਅਤੇ ਵਾਤਾਵਰਣ ਸੁਰੱਖਿਆ ਵੱਲ ਮਹੱਤਵਪੂਰਨ ਕਦਮ ਹੈ। ਉਨ੍ਹਾਂ ਦੱਸਿਆ ਕਿ ਪਿੰਡ ਦੇ ਸ਼ਹੀਦ ਮਨਿੰਦਰ ਸਿੰਘ ਦੀ ਯਾਦ ਵਿੱਚ 10 ਲੱਖ ਰੁਪਏ ਦੀ ਲਾਗਤ ਨਾਲ ਯਾਦਗਾਰੀ ਗੇਟ ਤਿਆਰ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ 10 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਵਿੱਚ ਧਰਮਸ਼ਾਲਾ ਦਾ ਨਿਰਮਾਣ ਵੀ ਜਾਰੀ ਹੈ। ਸਰਪੰਚ ਨੇ ਦੱਸਿਆ ਕਿ ਪਿੰਡ ਦਾ ਟੋਭਾ ਜਿਸ ਵਿੱਚ ਮਮਟੀ ਵੀ ਬਣਾਈ ਗਈ ਹੈ, ਉਹ ਆਲੇ-ਦੁਆਲੇ ਦੇ ਪਿੰਡਾਂ ਲਈ ਵੀ ਖਿੱਚ ਦਾ ਕੇਂਦਰ ਬਣ ਗਈ ਹੈ। ਸਰਪੰਚ ਵੀਰਪਾਲ ਕੌਰ ਨੇ ਦੱਸਿਆ ਕਿ ਟੋਭੇ 'ਤੇ ਹੁਣ ਲੋਕ ਖ਼ੁਸ਼ੀ ਦੇ ਸਮਾਗਮਾਂ 'ਤੇ ਤਸਵੀਰਾਂ ਖਿੱਚਵਾਉਣ ਵੀ ਆ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਭਵਿੱਖ ਵਿੱਚ ਵੀ ਹੋਰ ਯੋਜਨਾਵਾਂ ਲਾਗੂ ਕੀਤੀਆਂ ਜਾਣਗੀਆਂ। ਬੀ.ਡੀ.ਪੀ.ਓ. ਧੂਰੀ ਸੁਖਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਧੂਰੀ ਬਲਾਕ ਦੇ ਹੋਰ ਪਿੰਡਾਂ ਵਿੱਚ ਵੀ ਬੁਨਿਆਦੀ ਸਹੂਲਤਾਂ ਦੇ ਨਾਲ-ਨਾਲ ਸੋਲਰ ਐਲ.ਈ.ਡੀ. ਲਾਈਟਾਂ ਅਤੇ ਸੀ.ਸੀ.ਟੀ.ਵੀ. ਕੈਮਰੇ ਲਗਾਉਣ ਦਾ ਕੰਮ ਜਾਰੀ ਹੈ, ਤਾਂ ਜੋ ਪਿੰਡਾਂ ਨੂੰ ਸੁਰੱਖਿਅਤ, ਸਾਫ਼-ਸੁਥਰਾ ਅਤੇ ਆਧੁਨਿਕ ਬਣਾਇਆ ਜਾ ਸਕੇ। ਪਿੰਡ ਵਾਸੀਆਂ ਨੇ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ 'ਤੇ ਖ਼ੁਸ਼ੀ ਦਾ ਪ੍ਰਗਟਾਵਾਂ ਕਰਦਿਆਂ ਕਿਹਾ ਕਿ ਇਨ੍ਹਾਂ ਉਪਰਾਲਿਆਂ ਨਾਲ ਪਿੰਡ ਦੀ ਤਸਵੀਰ ਬਦਲ ਰਹੀ ਹੈ।

# ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ ਨਹਿਰ ਪੁਲ ਵਾਲਿਆਂ ਨੂੰ ਸਨਮਾਨਿਤ ਕਰਦੇ ਹੋਏ ਬਲਜੀਤ ਸਿੰਘ ਸਰਾਂ



ਚੌਕ ਮਹਿਤਾ,17 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ) ਪਿਛਲੇ ਦਿਨੀਂ ਸ਼ਹੀਦਾਂ ਨੂੰ ਸਮਰਪਿਤ ਗੁਰਦੁਆਰਾ ਟਾਹਲਾ ਸਾਹਿਬ ਨਹਿਰ ਪੁਲ ਤਰਸਿੱਕਾ ਦੇ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ ਵਾਲਿਆਂ ਯੋਗ ਨਿਗਰਾਨੀ ਹੇਠ ਮਹਾਨ ਨਗਰ ਕੀਰਤਨ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆਂ ਸਾਹਿਬਾਨਾ ਦੀ ਅਗਵਾਈ ਹੇਠ ਸਜਾਇਆ ਗਿਆ ਸੀ ਇਹ ਨਗਰ ਕੀਰਤਨ ਪਿੰਡ ਸਰਾਂ ਵਿਖੇ ਪਾਉਣ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਐਸੀ ਵਿੰਗ ਸੈਲ ਪੰਜਾਬ ਦੇ ਜਨਰਲ ਸਕੱਤਰ ਸ ਬਲਜੀਤ ਸਿੰਘ ਸਰਾਂ, ਬਾਬਾ ਪ੍ਰੇਮ ਸਿੰਘ ਸਰਾਂ, ਤਰਸੇਮ ਸਿੰਘ ਭੁੱਲਰ ਸਰਾਂ, ਸਰਪੰਚ ਬਲਰਾਜ ਸਿੰਘ ਸਰਾਂ, ਮੈਂਬਰ ਸੁਖਦੀਪ ਸਿੰਘ ਸਰਾਂ ਆਦਿ ਆਗੂਆਂ ਨੇ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਵਾਸਤੇ ਸੁੰਦਰ ਰੁਮਾਲਾ ਸਾਹਿਬ ਅਤੇ ਪੰਜਾਂ ਪਿਆਰਿਆਂ ਸਾਹਿਬਾਨਾ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਅਤੇ ਸੰਤ ਬਾਬਾ ਜਥੇਦਾਰ ਗੁਰਦੀਪ ਸਿੰਘ ਤਰਸਿਕੇ ਵਾਲਿਆਂ ਨੂੰ ਸਿਰਪਾਓ ਅਤੇ ਦੁਸ਼ਾਲੇ ਦੇ ਕੇ ਸਨਮਾਨਿਤ ਕੀਤਾ ਗਿਆ।

### ਪੰਜਾਬ ਸਰਕਾਰ ਲੋਕਾਂ ਨਾਲ ਕੀਤੇ

# ਵਾਅਦੇ ਪੂਰੇ ਕਰਨ 'ਚ ਪੂਰੀ ਤਰਾਂ ਨਾਕਾਮ ਰਹੀ : ਬਾਪੂ ਤਰਸੇਮ ਸਿੰਘ







## ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅੰਮ੍ਰਿਤਸਰ ਦੇ ਹਲਕਾ ਦੱਖਣੀ 'ਚ ਬਲਜੀਤ ਸਿੰਘ ਚਾਟੀਵਿੰਡ ਦੀ ਅਗਵਾਈ ਵਿੱਚ ਵਿਸ਼ਾਲ ਰੈਲੀ

**ਅੰਮ੍ਰਿਤਸਰ 18 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅੱਜ ਅੰਮ੍ਰਿਤਸਰ ਦੇ ਹਲਕਾ ਦੱਖਣੀ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸਰਪੰਚ ਬਲਜੀਤ ਸਿੰਘ ਜੀ ਚਾਟੀਵਿੰਡ ਦੀ ਅਗਵਾਈ ਵਿੱਚ ਇਕ ਵਿਸ਼ਾਲ ਰੈਲੀ ਕੀਤੀ ਗਈ। ਇਸ ਰੈਲੀ ਵਿੱਚ ਉਚੇਚੇ ਤੌਰ ਤੇ ਪਹੁੰਚੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਤੋਂ ਇਲਾਵਾ ਭਾਈ ਹਰਭਜਨ ਸਿੰਘ ਤੁੜ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਹਰਜੀਤ ਸਿੰਘ ਲਾਲਾਨੰਗਲ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਦਯਾ ਸਿੰਘ, ਭਾਈ ਸਵਰਨ ਸਿੰਘ ਗੋਲਡਨ, ਭਾਈ ਸੁਖਬੀਰ ਸਿੰਘ ਵਲਟੋਹਾ, ਬਾਬਾ ਬਿਬੇਕ ਸਿੰਘ ਜੀ, ਭਾਈ ਸਕੱਤਰ ਸਿੰਘ ਪੰਡੋਰੀ, ਡਾਕਟਰ ਸੁਖਵਿੰਦਰ ਕੌਰ ਕੰਗ, ਭਾਈ ਬਲਦੇਵ ਸਿੰਘ ਜੱਲੂਪੁਰ, ਜਗਤਾਰ ਸਿੰਘ ਰਾਜੂ, ਬਲਵਿੰਦਰ ਸਿੰਘ ਬਿੱਲਾ, ਪ੍ਰਭਜੀਤ ਸਿੰਘ, ਸੁਰਿੰਦਰਪਾਲ ਸਿੰਘ, ਮਾਸਟਰ ਸੰਤੋਖ ਸਿੰਘ, ਪ੍ਰਗਟ ਸਿੰਘ ਮਾਹਲ, ਮੇਜਰ ਸਿੰਘ ਚਾਟੀਵਿੰਡ, ਡਾ. ਧਨਵੰਤ ਸਿੰਘ, ਜਥੇਦਾਰ ਕੁਲਵਿੰਦਰ ਸਿੰਘ ਵਡਾਲੀ, ਭਾਈ ਮਹਿੰਦਰਪਾਲ ਸਿੰਘ ਤੁੰਗ, ਜਥੇਦਾਰ ਹਰਪ੍ਰੀਤ ਸਿੰਘ ਅਤੇ ਹੋਰ ਆਗੂ ਹਾਜ਼ਰ ਸਨ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਵੱਲੋਂ ਸੰਬੋਧਨ ਕੀਤਾ ਗਿਆ ਅਤੇ ਬਾਪੂ ਤਰਸੇਮ ਸਿੰਘ ਜੀ ਨੇ ਬੋਲਦਿਆਂ ਹੋਇਆਂ ਕਿਹਾ ਕਿ ਪੰਜਾਬ ਅੱਜ ਨਸ਼ਿਆਂ, ਬੇਰੁਜ਼ਗਾਰੀ, ਕਿਸਾਨੀ ਸੰਕਟ ਅਤੇ ਸਰਕਾਰੀ ਧੱਕੇਸ਼ਾਹੀ ਕਾਰਨ ਗੰਭੀਰ ਹਾਲਾਤਾਂ ਵਿੱਚੋਂ ਲੰਘ ਰਿਹਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ ਅਤੇ ਸਿਰਫ਼ ਇਸ਼ਤਿਹਾਰਬਾਜ਼ੀ ਰਾਹੀਂ ਹਕੀਕਤ ਨੂੰ ਲੁਕਾਇਆ ਜਾ ਰਿਹਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ ਉਨ੍ਹਾਂ ਨੂੰ ਕੇਸਾਂ ਅਤੇ ਦਬਾਅ ਦੀ ਰਾਜਨੀਤੀ ਵਿੱਚ ਫਸਾਇਆ ਜਾ ਰਿਹਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੀ ਲੋਕਪ੍ਰਿਯਤਾ ਤੋਂ ਡਰ ਕੇ ਸਰਕਾਰਾਂ ਵੱਲੋਂ ਝੂਠੇ ਮਾਮਲੇ ਬਣਾਕੇ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਪਰ ਪੰਜਾਬ ਦੀ ਜਨਤਾ ਹੁਣ ਸਭ ਕੁਝ ਸਮਝ ਚੁੱਕੀ ਹੈ। ਲੋਕਾਂ ਦਾ ਉੱਭਰਦਾ ਸਮਰਥਨ ਇਸ ਗੱਲ ਦਾ ਸਬੂਤ ਹੈ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਅੱਜ ਪੰਜਾਬ ਦੀ ਅਸਲ ਪੰਥਕ ਅਤੇ ਲੋਕਧਾਰਾ ਦੀ ਨੁਮਾਇੰਦਗੀ ਕਰ ਰਿਹਾ ਹੈ। ਰੈਲੀ ਦੌਰਾਨ ਵੱਡੀ ਗਿਣਤੀ ਵਿੱਚ ਨੌਜਵਾਨਾਂ, ਮਹਿਲਾਵਾਂ ਅਤੇ ਬਜ਼ੁਰਗਾਂ ਦੀ ਹਾਜ਼ਰੀ ਨੇ ਸਾਬਤ ਕਰ ਦਿੱਤਾ ਕਿ ਪਾਰਟੀ ਦਾ ਆਧਾਰ ਦਿਨੋਂ-ਦਿਨ ਮਜ਼ਬੂਤ ਹੋ ਰਿਹਾ ਹੈ। ਲੋਕਾਂ ਨੇ ਨਸ਼ਾ ਮੁਕਤ ਪੰਜਾਬ, ਇਨਸਾਫ਼ ਅਤੇ ਪੰਥਕ ਹਿੱਤਾਂ ਲਈ ਡੱਟ ਕੇ ਸੰਘਰਸ਼ ਕਰਨ ਦਾ ਸੰਕਲਪ ਲਿਆ। ਪਾਰਟੀ ਨੇ ਸਪੱਸ਼ਟ ਕੀਤਾ ਕਿ ਪੰਜਾਬ ਦੀ ਅਸਲੀ ਤਾਕਤ ਲੋਕ ਹਨ ਅਤੇ ਲੋਕਾਂ ਦੀ ਆਵਾਜ਼ ਨੂੰ ਕਿਸੇ ਵੀ ਕੀਮਤ 'ਤੇ ਦਬਾਇਆ ਨਹੀਂ ਜਾ ਸਕਦਾ। ਅੰਤ ਵਿੱਚ ਸ੍ਰ ਬਲਜੀਤ ਸਿੰਘ ਚਾਟੀਵਿੰਡ ਨੇ ਪਹੁੰਚੀ ਸਮੂਹ ਲੀਡਰਸ਼ਿਪ ਅਤੇ ਸੰਗਤ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਸਾਰੇ ਆਗੂਆਂ ਨੇ ਇਕਜੁੱਟਤਾ ਦਾ ਸੱਦਾ ਦਿੰਦਿਆਂ ਕਿਹਾ ਕਿ ਪੰਜਾਬ ਦੀ ਚੜ੍ਹਦੀ ਕਲਾ, ਪੰਥਕ ਹੋਂਦ ਅਤੇ ਨੌਜਵਾਨ ਪੀੜ੍ਹੀ ਦੇ ਭਵਿੱਖ ਲਈ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਲੜਾਈ ਜਾਰੀ ਰਹੇਗੀ।

### ਪੰਜਾਬ ਭਵਨ ਦਿੱਲੀ ਵਿਖੇ ਪੰਜਾਬੀ ਸਿੱਖ ਲੇਖਕਾ ਦੀਆਂ ਤਸਵੀਰਾਂ ਪ੍ਰਤੱਖ ਕਰਦੀਆਂ ਹਨ ਕਿ

# ਹਿੰਦੂ ਵਿਦਵਾਨ, ਲੇਖਕ ਪੰਜਾਬੀ ਨੂੰ ਛੱਡ ਚੁੱਕੇ ਹਨ : ਮਾਨ



**ਨਵੀਂ ਦਿੱਲੀ, 18 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਦੇ ਪੰਜਾਬ ਭਵਨ ਵਿਖੇ ਜੋ ਪੰਜਾਬੀ ਲੇਖਕਾ ਦੀਆਂ ਤਸਵੀਰਾਂ ਨੂੰ ਸਨਮਾਨ ਸਹਿਤ ਕੰਧਾਂ ਉਤੇ ਪ੍ਰਕਾਸਿਤ ਕੀਤਾ ਗਿਆ ਹੈ, ਜੇਕਰ ਇਸ ਨੂੰ ਪੰਜਾਬੀਅਤ ਅਤੇ ਸਿੱਖੀ ਸੋਚ ਦੇ ਬਿਨ੍ਹਾਂ ਤੇ ਦੇਖਿਆ ਜਾਵੇ ਤਾਂ ਇਨ੍ਹਾਂ ਸਮੁੱਚੇ 20 ਲੇਖਕਾ ਦੀਆਂ ਲੱਗੀਆ ਫੋਟੋਆਂ ਵਿਚ ਸਭ ਸਿੱਖ ਹੀ ਹਨ, ਕੋਈ ਵੀ ਹਿੰਦੂ ਲੇਖਕ, ਵਿਦਵਾਨ ਨਹੀ ਹੈ। ਜਿਸ ਤੋ ਇਹ ਸੌਖਿਆ ਹੀ ਅੰਦਾਜਾ ਲਗਾਇਆ ਜਾ ਸਕਦਾ ਹੈ ਕਿ ਜੋ ਪੰਜਾਬ ਦੇ ਹਿੰਦੂ ਵਿਦਵਾਨ, ਲੇਖਕ ਹਨ, ਉਹ ਆਪਣੀ ਮਾਂ ਬੋਲੀ ਪੰਜਾਬੀ, ਪੰਜਾਬੀਅਤ, ਵਿਰਸੇ-ਵਿਰਾਸਤ ਨੂੰ ਤਿਲਾਂਜ਼ਲੀ ਦੇ ਚੁੱਕੇ ਹਨ। ਜੋ ਅਤਿ ਅਫਸੋਸਨਾਕ ਅਤੇ ਆਪਣੀ ਮਾਂ ਬੋਲੀ ਨਾਲ ਵੱਡੀ ਬੇਇਨਸਾਫ਼ੀ ਕਰਨ ਵਾਲੀ ਕਾਰਵਾਈ ਹੈ। ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਦਿੱਲੀ ਦੇ ਪੰਜਾਬ ਭਵਨ ਵਿਖੇ ਪੰਜਾਬੀ ਲੇਖਕਾ ਦੀਆਂ ਲੱਗੀਆ ਤਸਵੀਰਾਂ ਵਿਚ ਸਭ ਸਿੱਖ ਲੇਖਕ ਤੇ ਵਿਦਵਾਨ ਹੀ ਹਨ ਕੋਈ ਵੀ ਹਿੰਦੂ ਵਿਦਵਾਨ ਤੇ ਲੇਖਕ ਦੀ ਤਸਵੀਰ ਨਾ ਹੋਣ ਤੇ ਹਿੰਦੂ ਲੇਖਕਾ ਵੱਲੋ ਪੰਜਾਬੀ ਬੋਲੀ, ਵਿਰਸੇ-ਵਿਰਾਸਤ ਨੂੰ ਪੂਰਨ ਰੂਪ ਵਿਚ ਤਿਲਾਂਜ਼ਲੀ ਦੇਣ ਦੇ ਹੋਏ ਦੁੱਖਦਾਇਕ ਅਮਲਾਂ ਤੇ ਗਹਿਰਾ ਦੁੱਖ ਤੇ ਅਫਸੋਸ ਜਾਹਰ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਅਸੀ ਪੰਜਾਬੀ ਹਿੰਦੂ ਵੀਰਾਂ, ਵਿਦਵਾਨਾਂ ਨੂੰ ਗੰਭੀਰਤਾ ਨਾਲ ਸਮਝਾਉਣਾ ਚਾਹੁੰਦੇ ਹਾਂ ਕਿ ਆਪ ਪੰਜਾਬੀ ਬੋਲੀ, ਵਿਰਸੇ-ਵਿਰਾਸਤ, ਸੱਭਿਆਚਾਰ ਤੋ ਦੂਰ ਨਾ ਜਾਵੋ ਕਿਉਂਕਿ ਇਸ ਨਾਲ ਆਉਣ ਵਾਲੇ ਸਮੇ ਵਿਚ ਆਪਣੀਆ ਪੰਜਾਬੀ ਨਸ਼ਲਾਂ, ਸੱਭਿਆਚਾਰ ਦਾ ਵੱਡਾ ਨੁਕਸਾਨ ਹੋ ਜਾਵੇਗਾ। ਉਦਾਹਰਣ ਦੇ ਤੌਰ ਤੇ ਅਸੀ ਘਿਓ ਨੂੰ ਪੰਜਾਬੀ ਵਿਚ ਘਿਓ, ਘੋੜਾ ਜਾਂ ਘੁੱਗੀ ਲਿਖਦੇ ਹਾਂ। ਜੇਕਰ ਇਸ ਨੂੰ ਹਿੰਦੀ ਵਿਚ ਲਿਖਣਾ ਹੋਵੇ ਤਾਂ ਉਸਦਾ ਵਿਆਕਰਣ ਅਰਥ ਕਦੀ ਵੀ ਸਾਡੀ ਬੋਲੀ ਦੀ ਭਾਵਨਾ ਨੂੰ ਸਹੀ ਰੂਪ ਵਿਚ ਪ੍ਰਗਟ ਹੀ ਨਹੀ ਕਰ ਸਕਣਗੇ। ਇਸ ਲਈ ਸਾਡੀ ਪੰਜਾਬ ਵਿਚ ਵੱਸਣ ਵਾਲੇ ਸਭ ਹਿੰਦੂ ਵੀਰਾਂ, ਭੈਣਾਂ ਅਤੇ ਲੇਖਕਾ, ਵਿਦਵਾਨਾਂ ਨੂੰ ਇਹ ਅਪੀਲ ਹੈ ਕਿ ਉਹ ਆਪਣੀ ਪੰਜਾਬੀ ਬੋਲੀ ਨੂੰ ਅਮਲੀ ਰੂਪ ਵਿਚ ਅਪਣਾਉਣ ਅਤੇ ਇਸ ਨੂੰ ਹਰ ਖੇਤਰ ਵਿਚ ਪ੍ਰਫੁੱਲਿਤ ਕਰਨ ਲਈ ਉਦਮ ਕਰਨ। ਸ. ਮਾਨ ਨੇ ਸਮੁੱਚੇ ਪੰਜਾਬੀਆਂ ਨੂੰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋ ਹਾਰਦਿਕ ਸੱਦਾ ਦਿੰਦੇ ਹੋਏ ਕਿਹਾ ਕਿ ਅਸੀ 24 ਫਰਵਰੀ ਨੂੰ ਗੁਰਦੁਆਰਾ ਮੱਲ ਅਖਾੜਾ ਸਾਹਿਬ, ਖਡੂਰ ਸਾਹਿਬ ਵਿਖੇ ਪੰਜਾਬੀ ਬੋਲੀ ਉਤੇ ਸੈਮੀਨਰ ਕਰਵਾ ਰਹੇ ਹਾਂ। ਜਿਸ ਵਿਚ ਉਹ ਪੂਰੇ ਉਤਸਾਹ ਤੇ ਪੰਜਾਬੀਅਤ ਕੌਮੀਅਤ ਦੀ ਭਾਵਨਾ ਨੂੰ ਲੈਕੇ ਸਮੂਲੀਅਤ ਵੀ ਕਰਨ ਅਤੇ ਪੰਜਾਬੀ ਬੋਲੀ, ਪੰਜਾਬੀਅਤ, ਵਿਰਸੇ-ਵਿਰਾਸਤ ਨੂੰ ਧੁਰ ਅੰਦਰੋ ਪਿਆਰ ਕਰਦੇ ਹੋਏ ਪ੍ਰਫੁੱਲਿਤ ਕਰਨ ਵਿਚ ਆਪਣਾ ਨਿੱਘਾ ਯੋਗਦਾਨ ਵੀ ਪਾਉਣ।

# ਜਗਦੀਸ਼ ਟਾਈਟਲਰ ਵਿਰੁੱਧ ਮਾਮਲੇ ਵਿੱਚ ਅਦਾਲਤ ਅੰਦਰ ਜੱਜ ਹਾਜਿਰ ਨਾ ਹੋਣ ਕਰਕੇ ਸੁਣਵਾਈ ਟਲੀ




ਨਵੀਂ ਦਿੱਲੀ 18 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- 1984 ਦੇ ਸਿੱਖ ਕਤਲੇਆਮ ਨਾਲ ਸਬੰਧਤ ਪੁਲਬੰਗਸ਼ ਗੁਰਦੁਆਰਾ ਹਿੰਸਾ ਦੇ ਦੋਸ਼ੀ ਜਗਦੀਸ਼ ਟਾਈਟਲਰ ਵਿਰੁੱਧ ਮਾਮਲੇ ਵਿੱਚ ਅਦਾਲਤ ਅੰਦਰ ਜੱਜ ਸਾਹਿਬ ਦੇ ਹਾਜਿਰ ਨਾ ਹੋਣ ਕਰਕੇ ਮਾਮਲੇ 'ਚ ਦੀ ਕਿਸੇ ਪ੍ਰਕਾਰ ਦੀ ਸੁਣਵਾਈ ਨਹੀਂ ਹੋ ਸਕੀ। ਜਿਕਰਯੋਗ ਹੈ ਕਿ ਇਸ ਮਾਮਲੇ ਵਿਚ ਅੱਜ ਗਵਾਹਾਂ ਦੀ ਗਵਾਹੀ ਹੋਣੀ ਸੀ ਤੇ ਇਕ ਗਵਾਹ ਮਨਮੋਹਨ ਕੌਰ ਜਿਨ੍ਹਾਂ ਦੀ ਮੌਤ ਹੋ ਚੁਕੀ ਹੈ, ਦੇ ਪਤੀ ਅਦਾਲਤ ਵਿਚ ਮੁੰਬਈ ਤੋਂ ਉਚੇਚੇ ਤੌਰ ਤੇ ਹਾਜਿਰ ਹੋਏ ਸਨ। ਇਸ ਤੋਂ ਪਹਿਲਾਂ ਬੀਤੀ ਤਰੀਕਾਂ ਵਿਚ ਗਵਾਹ ਹਰਪਾਲ ਕੌਰ ਬੇਦੀ ਦਾ ਬਿਆਨ ਦਰਜ ਕੀਤਾ ਗਿਆ ਸੀ। ਹਰਪਾਲ ਕੌਰ ਬੇਦੀ ਨੇ ਅਦਾਲਤ ਵਿੱਚ ਦੋਸ਼ੀ ਟਾਈਟਲਰ ਦੀ ਪਛਾਣ ਕੀਤੀ ਸੀ। ਹਰਪਾਲ ਕੌਰ ਬੇਦੀ ਨੇ ਅਦਾਲਤ ਨੂੰ ਦੱਸਿਆ ਕਿ ਉਸਨੂੰ ਟਾਈਟਲਰ ਵੱਲੋਂ ਜਾਨੋਂ ਮਾਰਨ ਦੀਆਂ ਧਮਕੀਆਂ ਮਿਲੀਆਂ ਸਨ, ਜਿਸ ਬਾਰੇ ਉਸਨੇ ਪੁਲਿਸ ਨੂੰ ਸ਼ਿਕਾਇਤ ਕੀਤੀ ਸੀ, ਪਰ ਕੋਈ ਕਾਰਵਾਈ ਨਹੀਂ ਕੀਤੀ ਗਈ। ਘਟਨਾ ਵਾਲੇ ਦਿਨ ਦੀਆਂ ਘਟਨਾਵਾਂ ਦਾ ਵਰਣਨ ਕਰਦੇ ਹੋਏ, ਉਨ੍ਹਾਂ ਨੇ ਕਿਹਾ ਕਿ ਜਗਦੀਸ਼ ਟਾਈਟਲਰ ਪੁਲਬੰਗਸ਼ ਗੁਰਦੁਆਰੇ ਪਹੁੰਚਿਆ ਅਤੇ ਭੀੜ ਨੂੰ ਭੜਕਾਇਆ। ਟਾਈਟਲਰ ਦੇ ਭੜਕਾਉਣ ਤੋਂ ਬਾਅਦ, ਭੀੜ ਨੇ ਗੁਰਦੁਆਰੇ ਨੂੰ ਸਾੜ ਦਿੱਤਾ ਅਤੇ ਤਿੰਨ ਸਿੱਖਾਂ ਨੂੰ ਮਾਰ ਦਿੱਤਾ। ਉਨ੍ਹਾਂ ਨੇ ਕਿਹਾ ਕਿ ਉਸਦੀ ਗੁਰਦੁਆਰੇ ਦੇ ਨੇੜੇ ਇੱਕ ਥੋਕ ਟੀਵੀ ਦੀ ਦੁਕਾਨ ਸੀ। ਭੀੜ ਨੇ ਉਸ ਦੁਕਾਨ ਨੂੰ ਵੀ ਲੁੱਟ ਲਿਆ। ਜਦੋਂ ਮੈਂ ਆਪਣੇ ਘਰੋਂ ਨਿਕਲੀ, ਤਾਂ ਭੀੜ ਨੂੰ ਦੁਕਾਨ ਲੁੱਟਦੇ ਦੇਖਿਆ। ਉਨ੍ਹਾਂ ਕਿਹਾ ਕਿ ਜਗਦੀਸ਼ ਟਾਈਟਲਰ ਇੱਕ ਕਾਰ ਵਿੱਚ ਆਇਆ ਅਤੇ ਗੁਰਦੁਆਰੇ ਦੇ ਨੇੜੇ ਭੀੜ ਨੂੰ ਭੜਕਾਇਆ, ਜਿਸਨੇ ਫਿਰ ਗੁਰਦੁਆਰੇ ਨੂੰ ਅੱਗ ਲਗਾ ਦਿੱਤੀ। ਸ਼ਾਮ ਨੂੰ, ਭੀੜ ਪਹੁੰਚੀ ਅਤੇ ਤਿਲਕਰਾਜ ਦੇ ਘਰ ਵਿੱਚ ਲੁਕੇ ਸਿੱਖਾਂ ਨੂੰ ਬਾਹਰ ਕੱਢਿਆ, ਉਨ੍ਹਾਂ ਨੂੰ ਕਤਲ ਕੀਤਾ ਅਤੇ ਛੱਤ ਤੋਂ ਸੁੱਟ ਦਿੱਤਾ। ਸਿੱਖਾਂ ਨੂੰ ਮਾਰਨ ਤੋਂ ਬਾਅਦ, ਉਨ੍ਹਾਂ ਦੀਆਂ ਲਾਸ਼ਾਂ ਨੂੰ ਇੱਕ ਗੱਡੀ 'ਤੇ ਰੱਖਿਆ ਗਿਆ, ਟਾਇਰਾਂ ਨਾਲ ਢੱਕਿਆ ਗਿਆ ਅਤੇ ਅੱਗ ਲਗਾ ਦਿੱਤੀ ਗਈ। ਹਰਪਾਲ ਕੌਰ ਬੇਦੀ ਨੇ ਕਿਹਾ ਕਿ ਉਸਦਾ ਪਤੀ ਅਮਰਜੀਤ ਸਿੰਘ ਬੇਦੀ ਵੀ ਇੱਕ ਕਾਂਗਰਸੀ ਨੇਤਾ ਸੀ, ਅਤੇ ਟਾਈਟਲਰ ਉਹਨਾਂ ਦੀ ਦੁਕਾਨ 'ਤੇ ਆਉਂਦਾ ਰਹਿੰਦਾ ਸੀ, ਇਸੇ ਕਰਕੇ ਉਹ ਟਾਈਟਲਰ ਨੂੰ ਪਛਾਣਦੀ ਸੀ। ਮਾਮਲੇ ਦੀ ਮੁੱਖ ਸ਼ਿਕਾਇਤਕਰਤਾ ਲਖਵਿੰਦਰ ਕੌਰ ਨੇ ਆਪਣੇ ਬਿਆਨ ਵਿੱਚ ਕਿਹਾ ਸੀ ਕਿ ਗ੍ਰੰਥੀ ਸੁਰੇਂਦਰ ਸਿੰਘ ਨੇ ਉਸਨੂੰ ਦੱਸਿਆ ਕਿ ਉਸਦੇ ਪਤੀ ਬਾਦਲ ਸਿੰਘ ਦਾ ਗੁਰਦੁਆਰਾ ਪੁਲਬੰਗਸ਼ ਨੇੜੇ ਇੱਕ ਭੀੜ ਨੇ ਕਤਲ ਕਰ ਦਿੱਤਾ ਸੀ। ਟਾਈਟਲਰ ਭੀੜ ਨੂੰ ਭੜਕਾ ਰਿਹਾ ਸੀ, ਇਹ ਕਹਿ ਕੇ, ਸਿੱਖਾਂ ਨੂੰ ਮਾਰੋ, ਉਨ੍ਹਾਂ ਨੂੰ ਤਬਾਹ ਕਰੋ, ਅਤੇ ਗੁਰਦੁਆਰੇ ਨੂੰ ਅੱਗ ਲਗਾ ਦਿਓ। ਧਿਆਨ ਦੇਣ ਯੋਗ ਹੈ ਕਿ ਅਦਾਲਤ ਨੇ 4 ਅਗਸਤ, 2023 ਨੂੰ ਜਗਦੀਸ਼ ਟਾਈਟਲਰ ਨੂੰ ਅਗਾਊਂ ਜ਼ਮਾਨਤ ਦੇ ਦਿੱਤੀ ਸੀ। ਅਦਾਲਤ ਨੇ 26 ਜੁਲਾਈ, 2023 ਨੂੰ ਉਸ ਵਿਰੁੱਧ ਦਾਇਰ ਚਾਰਜਸ਼ੀਟ ਦਾ ਨੋਟਿਸ ਲਿਆ। ਸੀਬੀਆਈ ਨੇ ਟਾਈਟਲਰ 'ਤੇ ਭਾਰਤੀ ਦੰਡ ਸੰਹਿਤਾ ਦੀ ਧਾਰਾ 147, 109 ਅਤੇ 302 ਦੇ ਤਹਿਤ ਦੋਸ਼ ਲਗਾਏ ਹਨ। ਸੀਬੀਆਈ ਦੇ ਅਨੁਸਾਰ, ਟਾਈਟਲਰ ਨੇ ਭੀੜ ਨੂੰ ਭੜਕਾਇਆ, ਜਿਸਨੇ ਫਿਰ ਪੁਲਬੰਗਸ਼ ਦੇ ਗੁਰਦੁਆਰੇ ਨੂੰ ਅੱਗ ਲਗਾ ਦਿੱਤੀ। ਚਲ ਰਹੇ ਮਾਮਲੇ ਦੀ ਅਗਲੀ ਸੁਣਵਾਈ 10 ਮਾਰਚ ਨੂੰ ਮੁਕਰਰ ਕੀਤੀ ਗਈ ਹੈ। ਇਸ ਮੌਕੇ ਅਦਾਲਤ ਦੇ ਬਾਹਰ ਕਤਲੇਆਮ ਨਾਲ ਸੰਬੰਧਿਤ ਪੀੜਿਤ ਵਡੀ ਗਿਣਤੀ ਵਿਚ ਪਹੁੰਚੇ ਹੋਏ ਸਨ ਪਰ ਦਿੱਲੀ ਕਮੇਟੀ ਵਲੋਂ ਕੌਈ ਵੀ ਮੈਂਬਰ ਹਾਜਿਰ ਨਹੀਂ ਸੀ।

# ਵਾਹਿਗੁਰੂ ਦਾ ਸਿਮਰਨ ਕਰਨ ਨਾਲ ਦੁੱਖ ਦੂਰ ਹੁੰਦੇ ਹਨ : ਸੰਤ ਬਾਬਾ ਮਲਕੀਅਤ ਸਿੰਘ ਜੱਬੋਵਾਲ



ਚੌਕ ਮਹਿਤਾ,17 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਦੇ ਮੁੱਖੀ ਸੰਤ ਬਾਬਾ ਮਲਕੀਅਤ ਸਿੰਘ ਜੱਬੋਵਾਲ ਵਾਲਿਆਂ ਨੇ ਧਾਰਮਿਕ ਸਮਾਗਮ ਦੌਰਾਨ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨ ਦੀ ਪ੍ਰੇਰਣਾ ਦਿੰਦਿਆਂ ਕਿਹਾ ਕਿ ਮਨੁੱਖੀ ਜੀਵਨ ਵਿੱਚ ਆਉਣ ਵਾਲੇ ਦੁੱਖ-ਕਲੇਸ਼ਾਂ ਤੋਂ ਮੁਕਤੀ ਪਾਉਣ ਲਈ ਵਾਹਿਗੁਰੂ ਦੇ ਨਾਮ ਦਾ ਸਿਮਰਨ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਜੋ ਵਿਅਕਤੀ ਸੱਚੇ ਦਿਲ ਨਾਲ ਨਾਮ ਜਪਦਾ ਹੈ, ਉਸ ਦੇ ਮਨ ਨੂੰ ਸ਼ਾਂਤੀ ਮਿਲਦੀ ਹੈ ਅਤੇ ਜੀਵਨ ਸੁਖਮਈ ਬਣਦਾ ਹੈ। ਸੰਤ ਬਾਬਾ ਮਲਕੀਅਤ ਸਿੰਘ ਜੱਬੋਵਾਲ ਵਾਲਿਆਂ ਨੇ ਸੰਗਤਾਂ ਨੂੰ ਨਸ਼ਿਆਂ ਅਤੇ ਬੁਰਾਈਆਂ ਤੋਂ ਦੂਰ ਰਹਿ ਕੇ ਗੁਰੂ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਗੁਰਬਾਣੀ ਸਾਨੂੰ ਸਹੀ ਜੀਵਨ ਜੀਣ ਦੀ ਰਾਹ ਦਿਖਾਉਂਦੀ ਹੈ ਅਤੇ ਸਮਾਜ ਵਿੱਚ ਪਿਆਰ ਤੇ ਭਾਈਚਾਰੇ ਦੀ ਭਾਵਨਾ ਪੈਦਾ ਕਰਦੀ ਹੈ। ।ਇਸ ਮੌਕੇ ਤੇ ਗਿਆਨੀ ਤੇਜਬੀਰ ਸਿੰਘ ਕਨੇਡਾ, ਭਾਈ ਬਾਜ ਸਿੰਘ ਆਦਿ ਸੇਵਾਦਾਰਾਂ ਹਾਜ਼ਰ ਸਨ।

# ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ (ਵਿਗਿਆਨਿਕ) ਦੀ ਮੀਟਿੰਗ ਹੋਈ




**ਸੰਗਰੂਰ (ਰਣਜੀਤ ਸਿੰਘ ਪੇਧਨੀ )**-ਬੀਐਸਐਨਐਲ ਪਾਰਕ ਸੰਗਰੂਰ ਵਿਖੇ ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ (ਵਿਗਿਆਨਿਕ) ਦੀ ਮੀਟਿੰਗ ਪ੍ਰਧਾਨ ਭਰਪੂਰ ਸਿੰਘ ਛਾਜਲੀ ਦੀ ਪ੍ਰਧਾਨਗੀ ਅਧੀਨ ਹੋਈ, ਪ੍ਰੈਸ ਨੂੰ ਸੁਨੇਹਾ ਦਿੰਦੇ ਹੋਏ ਪ੍ਰੈਸ ਸਕੱਤਰ ਜਰਨੈਲ ਸਿੰਘ ਕੌਰੀਆਂ ਨੇ ਦੱਸਿਆ ਕਿ ਮੀਟਿੰਗ ਵਿੱਚ ਵੱਖ ਵੱਖ ਮੁੱਦਿਆਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ, ਜਿਵੇਂ ਕਿ ਅਗਲੇ ਮਹੀਨੇ ਪੰਜਾਬ ਸਰਕਾਰ ਵੱਲੋਂ ਬਜਟ ਪੇਸ਼ ਕੀਤਾ ਜਾਣਾ ਹੈ ਜਿਸ ਦੌਰਾਨ ਸਾਂਝੇ ਮੋਰਚੇ ਵੱਲੋਂ ਸੰਘਰਸ਼ ਦਾ ਜੋ ਵੀ ਫੈਸਲਾ ਹੋਊਗਾ ਉਸ ਵਿੱਚ ਫੈਡਰੇਸ਼ਨ ਵੱਲੋਂ ਵਧ ਝੜ ਕੇ ਹਿੱਸਾ ਲਿਆ ਜਾਵੇਗਾ। ਇਸ ਮੀਟਿੰਗ ਵਿੱਚ ਹਰਦੀਪ ਕੁਮਾਰ, ਅਸ਼ੋਕ ਕੁਮਾਰ, ਸੁਖਪਾਲ ਸਿੰਘ, ਕੁਲਵੰਤ ਸਿੰਘ, ਦਲਜੀਤ ਸਿੰਘ, ਗੁਰਜੰਟ ਸਿੰਘ, ਜਸਵਿੰਦਰ ਸਿੰਘ, ਜਗਜੀਤ ਸਿੰਘ, ਸੁਖਜਿੰਦਰ ਸਿੰਘ, ਜੋਰਾ ਸਿੰਘ, ਨਿਰਭੈ ਸਿੰਘ, ਬਿੰਦਰਪਾਲ ਸ਼ਰਮਾ ਅਤੇ ਕੇਵਲ ਸਿੰਘ ਜਥੇਬੰਦੀ ਦੇ ਅਹੁਦੇਦਾਰ ਤੇ ਮੈਂਬਰ ਹਾਜ਼ਰ ਹੋਏ।

ਸੰਤ ਬਾਬਾ ਅਤਰ ਸਿੰਘ ਜੀ ਦੀ ਨਿੱਘੀ ਯਾਦ ਨੂੰ ਸਮਰਪਿਤ

# ਦਿੱਲੀ ਵਿਖੇ ਕਰਵਾਏ ਗਏ 'ਸੰਤ ਸਮਾਗਮ'




**ਨਵੀਂ ਦਿੱਲੀ 18 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-** ਕਲਗੀਧਰ ਟਰੱਸਟ ਗੁਰਦੁਆਰਾ ਬੜੂ ਸਾਹਿਬ ਵੱਲੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ 20ਵੀਂ ਸਦੀ ਦੇ ਮਹਾਨ ਤਪੱਸਵੀ ਸ਼੍ਰੀਮਾਨ ਸੰਤ ਬਾਬਾ ਅਤਰ ਸਿੰਘ ਜੀ ਦੀ ਨਿੱਘੀ ਯਾਦ ਨੂੰ ਸਮਰਪਿਤ ਸੰਤ ਸਮਾਗਮ' 14 ਅਤੇ 15 ਫਰਵਰੀ ਨੂੰ ਗੁਰਦੁਆਰਾ ਰਕਾਬ ਗੰਜ ਸਾਹਿਬ ਨਵੀਂ ਦਿੱਲੀ ਵਿਖੇ ਕਰਵਾਏ ਗਏ । ਇਸ ਦੋ ਰੋਜ਼ਾ ਸਮਾਗਮ ਦੌਰਾਨ ਪ੍ਰਸਿੱਧ ਕਥਾਵਾਚਕ ਗਿਆਨੀ ਸਾਹਿਬ ਸਿੰਘ ਮਾਰਕੰਡਾ, ਗਿਆਨੀ ਹਰਪਾਲ ਸਿੰਘ ਫਤਿਹਗੜ੍ਹ ਸਾਹਿਬ, ਭਾਈ ਸੁਭਦੀਪ ਸਿੰਘ, ਭਾਈ ਲਖਵਿੰਦਰ ਸਿੰਘ, ਭਾਈ ਹਰਜੋਤ ਸਿੰਘ ਜਖਮੀ, ਭਾਈ ਅਮਨਦੀਪ ਸਿੰਘ, ਭਾਈ ਕਮਲਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਨੇ ਗੁਰਬਾਣੀ ਕੀਰਤਨ ਅਤੇ ਸ਼ਬਦ ਵੀਚਾਰ ਰਾਹੀਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ, ਉਥੇ ਨਾਲ ਹੀ ਅਨਾਹਦ ਬਾਣੀ ਜਥਾ ਬੜੂ ਸਾਹਿਬ, ਅਕਾਲ ਇੰਟਰਨੈਸ਼ਨਲ ਢਾਡੀ ਜਥਾ ਬੜੂ ਸਾਹਿਬ, ਸ੍ਰੀ ਸੁਖਮਨੀ ਸਾਹਿਬ ਸੇਵਾ ਸੋਸਾਇਟੀ ਫਤਿਹਨਗਰ ਦਿੱਲੀ ਵੱਲੋਂ ਗੁਰਬਾਣੀ ਕੀਰਤਨ ਅਤੇ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ । ਇਸ ਸਮਾਗਮ ਦੌਰਾਨ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗਜ ਨੇ ਹਾਜ਼ਿਰੀ ਭਰ ਕਰ ਸੰਗਤਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ । ਸਮਾਗਮ ਦੇ ਅੰਤ 'ਚ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਪ੍ਰਧਾਨ ਡਾ. ਦਵਿੰਦਰ ਸਿੰਘ ਵਲੋਂ ਸਮਾਗਮ ਦੌਰਾਨ ਪੁੱਜੇ ਕਥਾਵਾਚਕ, ਰਾਗੀ ਸਾਹਿਬਾਨ, ਸੰਤਾਂ-ਮਹਾਪੁਰਸ਼ਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ ਗਿਆ । ਇਸ ਮੌਕੇ ਦਿੱਲੀ ਕਮੇਟੀ ਵਲੋਂ ਸਕੱਤਰ ਜਗਦੀਪ ਸਿੰਘ ਕਾਹਲੋਂ ਸਮੇਤ ਕਈ ਮੈਂਬਰਾਂ ਨੇ ਹਾਜ਼ਿਰੀ ਭਰ ਕੇ ਸੰਗਤਾਂ ਦੇ ਦਰਸ਼ਨ ਕੀਤੇ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ 5-5 ਲੱਖ ਰੁਪਏ ਦੇ ਵੰਡੇ ਚੈੱਕ

# ਸੂਬੇ ਦਾ ਕੋਈ ਵੀ ਪਿੰਡ ਤੇ ਸ਼ਹਿਰ ਵਿਕਾਸ ਪੱਖੋਂ ਅਧੂਰਾ ਨਹੀਂ ਰਹੇਗਾ - ਹਰਭਜਨ ਸਿੰਘ ਈ.ਟੀ.ਓ.

**ਜੰਡਿਆਲਾ ਗੁਰੂ 18 ਫਰਵਰੀ ( ਕੁਲਵੰਤ ਸਿੰਘ ਵਿਰਦੀ )** - ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਜੰਡਿਆਲਾ ਗੁਰੂ ਸਥਿਤ ਆਪਣੇ ਦਫ਼ਤਰ ਵਿਖੇ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ 5-5 ਲੱਖ ਰੁਪਏ ਦੀ ਵਿਸ਼ੇਸ਼ ਇਨਾਮੀ ਗ੍ਰਾਂਟ ਦੇ ਚੈੱਕ ਵੰਡੇ। ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਸੁਰਜਣ ਸਿੰਘ ਵਾਲਾ, ਰੱਖ ਮਾਨਾਂਵਾਲਾ, ਵਡਾਲਾ ਡੋਗਰਾ, ਮਲਕਪੁਰ, ਭਗਵਾਨਸਰ, ਚੋਹਾਨ, ਮੱਲੀਆਂ, ਝੰਗੀ ਸਾਹਿਬ, ਨਿੱਜਰਪੁਰਾ, ਕੋਹਾਲਾ, ਮੀਰਾਚੱਕ, ਕੋਹਾਟਵਿੰਡ ਮੁਸਲਮਾਨਾਂ, ਕੋਟ ਹਿਯਾਤ, ਜੀਵਨ ਪੰਧੇਰ, ਸ਼ਾਹਪੁਰ ਖੁਰਦ, ਚਰਨ ਸਿੰਘ ਵਾਲਾ, ਰਾਏਪੁਰ ਖੁਰਦ, ਨੰਗਲੀ, ਨਵੀਂ ਨੰਗਲੀ, ਨੰਗਲੀ ਖ਼ੁਰਦ, ਜਲਾਲ, ਉਸਮਾ, ਦਿਆਲਗੜ੍ਹ, ਪੱਲਾ, ਖੱਬੇ ਰਾਜਪੂਤਾਂ ਪਿੰਡਾਂ ਦੀਆਂ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ 5-5 ਲੱਖ ਰੁਪਏ ਦੀ ਵਿਸ਼ੇਸ਼ ਗ੍ਰਾਂਟ ਦਿੱਤੀ ਗਈ ।ਇਸ ਮੌਕੇ ਪੰਚਾਇਤੀ ਨੁਮਾਇੰਦਿਆਂ ਨਾਲ ਗੱਲ ਕਰਦਿਆਂ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਿੰਡਾਂ ਵਿੱਚ ਭਾਈਚਾਰਕ ਸਾਂਝ ਅਤੇ ਇੱਕਜੁਟਤਾ ਨੂੰ ਮਜ਼ਬੂਤ ਕਰਨ ਲਈ ਇਹ ਐਲਾਨ ਕੀਤਾ ਸੀ ਕਿ ਜੋ ਪਿੰਡ ਆਪਣੀ ਪੰਚਾਇਤ ਨੂੰ ਸਰਬਸੰਮਤੀ ਨਾਲ ਚੁਣਨਗੇ ਉਨ੍ਹਾਂ ਪਿੰਡਾਂ ਨੂੰ ਰਾਜ ਸਰਕਾਰ ਵੱਲੋਂ 5 ਲੱਖ ਰੁਪਏ ਦੀ ਵਿਸ਼ੇਸ਼ ਇਨਾਮੀ ਗ੍ਰਾਂਟ ਦਿੱਤੀ ਜਾਵੇਗੀ ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਆਪਣਾ ਵਾਅਦਾ ਨਿਭਾਉਂਦਿਆਂ ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ 5-5 ਲੱਖ ਰੁਪਏ ਵਿਸ਼ੇਸ਼ ਤੌਰ 'ਤੇ ਦਿੱਤੇ ਜਾ ਰਹੇ ਹਨ ।ਉਨ੍ਹਾਂ ਕਿਹਾ ਕਿ ਇਹ ਗ੍ਰਾਂਟ ਪਿੰਡਾਂ ਵਿੱਚ ਗਲੀਆਂ-ਨਾਲੀਆਂ, ਸਾਫ਼-ਸਫ਼ਾਈ, ਪੀਣ ਵਾਲੇ ਪਾਣੀ ਅਤੇ ਹੋਰ ਬੁਨਿਆਦੀ ਸੁਵਿਧਾਵਾਂ ਦੇ ਵਿਕਾਸ ਲਈ ਵਰਤੀ ਜਾਵੇਗੀ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਪੰਚਾਇਤੀ ਨੁਮਾਇੰਦਿਆਂ ਨੂੰ ਕਿਹਾ ਕਿ ਉਹ ਇਸ ਵਿਸ਼ੇਸ਼ ਗ੍ਰਾਂਟ ਨੂੰ ਪੂਰੀ ਇਮਾਨਦਾਰੀ ਤੇ ਪਾਰਦਰਸ਼ਤਾ ਨਾਲ ਆਪਣੇ ਪਿੰਡਾਂ ਦੇ ਵਿਕਾਸ ਉੱਪਰ ਖਰਚ ਕਰਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਅਗਾਮੀ ਬਜਟ ਦੌਰਾਨ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਦਾ ਵੱਡਾ ਬਜਟ ਰੱਖਿਆ ਜਾ ਰਿਹਾ ਹੈ ਅਤੇ ਸੂਬੇ ਦਾ ਕੋਈ ਵੀ ਪਿੰਡ ਤੇ ਸ਼ਹਿਰ ਵਿਕਾਸ ਪੱਖੋਂ ਅਧੂਰਾ ਨਹੀਂ ਰਹੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇਸ਼ ਦਾ ਪਹਿਲਾ ਅਜਿਹਾ ਸੂਬਾ ਹੈ, ਜਿਥੇ ਮੁਫ਼ਤ ਸਿੱਖਿਆ, ਮੁਫ਼ਤ ਬਿਜਲੀ, ਮੁਫ਼ਤ ਸਿਹਤ ਸਹੂਲਤਾਂ ਅਤੇ ਮੁਫ਼ਤ ਯਾਤਰਾ ਵਰਗੀਆਂ ਸੁਵਿਧਾਵਾਂ ਲੋਕਾਂ ਨੂੰ ਮਿਲਦੀਆਂ ਹਨ। ਇਸ ਮੌਕੇ ਇਲਾਕੇ ਦੇ ਪ੍ਰਮੁੱਖ ਆਗੂ ਅਤੇ ਪਿੰਡਾਂ ਦੀਆਂ ਪੰਚਾਇਤਾਂ ਦੇ ਨੁਮਾਇੰਦੇ ਵੀ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਅਗਾਮੀ ਬਜਟ ਵਿੱਚ ਖੇਡਾਂ ਨੂੰ ਦਿੱਤੀ ਜਾਵੇਗੀ ਤਰਜੀਹ: ਹਰਪਾਲ ਸਿੰਘ ਚੀਮਾ

## ਕੈਬਨਿਟ ਮੰਤਰੀ ਨੇ ਅਕਾਲ ਕਾਲਜ ਆਫ ਫਿਜ਼ੀਕਲ ਐਜੂਕੇਸ਼ਨ, ਮਸਤੂਆਣਾ ਸਾਹਿਬ ਵਿਖੇ ਨੌਰਥ ਜ਼ੋਨ ਇੰਟਰ ਯੂਨੀਵਰਸਿਟੀ ਹੈਂਡਬਾਲ ਚੈਂਪੀਅਨਸ਼ਿਪ ਦੇ ਤੀਜੇ ਦਿਨ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਸੂਬੇ ਦੇ ਪਿੰਡਾਂ ਵਿੱਚ ਲਗਭਗ 03 ਹਜ਼ਾਰ ਖੇਡ ਸਟੇਡੀਅਮ ਤਿਆਰ ਕੀਤੇ ਜਾ ਰਹੇ ਹਨ, ਤਾਂ ਜੋ ਪਿੰਡ ਪੱਧਰ 'ਤੇ ਨੌਜਵਾਨਾਂ ਨੂੰ ਉੱਚ ਦਰਜੇ ਦੀਆਂ ਖੇਡ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਇਸ ਦੇ ਨਾਲ ਹੀ ਪੰਜਾਬ ਸਰਕਾਰ ਆਉਣ ਵਾਲੇ ਬਜਟ ਵਿੱਚ ਵੀ ਖੇਡਾਂ ਦੇ ਖੇਤਰ ਨੂੰ ਵਿਸ਼ੇਸ਼ ਤਰਜੀਹ ਦੇ ਰਹੀ ਹੈ, ਤਾਂ ਜੋ ਰਾਜ ਦੇ ਖਿਡਾਰੀ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਆਪਣਾ ਲੋਹਾ ਮਨਵਾ ਸਕਣ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਅਕਾਲ ਕਾਲਜ ਆਫ ਫਿਜ਼ੀਕਲ ਐਜੂਕੇਸ਼ਨ, ਮਸਤੂਆਣਾ ਸਾਹਿਬ ਵਿਖੇ ਨੌਰਥ ਜ਼ੋਨ ਇੰਟਰ ਯੂਨੀਵਰਸਿਟੀ ਹੈਂਡਬਾਲ ਚੈਂਪੀਅਨਸ਼ਿਪ ਦੇ ਤੀਜੇ ਦਿਨ ਮੁੱਖ ਮਹਿਮਾਨ ਵਜੋਂ ਖਿਡਾਰੀਆਂ ਅਤੇ ਦਰਸ਼ਕਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਖੇਡਾਂ ਦੇ ਵਿਕਾਸ ਅਤੇ ਨੌਜਵਾਨਾਂ ਨੂੰ ਸਹੀ ਦਿਸ਼ਾ ਦੇਣ ਲਈ ਦਿਨ-ਰਾਤ ਇਕ ਕਰ ਕੇ ਕੰਮ ਕਰ ਰਹੀ ਹੈ। ਸ. ਚੀਮਾ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਸਰਗਰਮੀ ਨਾਲ ਭਾਗ ਲੈਣ, ਕਿਉਂਕਿ ਖੇਡਾਂ ਸਿਰਫ਼ ਸਰੀਰਕ ਤੰਦਰੁਸਤੀ ਹੀ ਨਹੀਂ, ਸਗੋਂ ਅਨੁਸ਼ਾਸਨ, ਟੀਮ ਵਰਕ ਅਤੇ ਨੇਤ੍ਰਿਤਵ ਗੁਣਾਂ ਨੂੰ ਵੀ ਵਿਕਸਤ ਕਰਦੀਆਂ ਹਨ। ਉਨ੍ਹਾਂ ਖਿਡਾਰੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਅਨੁਸ਼ਾਸਨ ਵਿੱਚ ਰਹਿ ਕੇ ਖੇਡ ਮੈਦਾਨ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਉਨ੍ਹਾਂ ਨੇ ਅਕਾਲ ਕਾਲਜ ਕੌਂਸਲ ਵੱਲੋਂ ਖੇਡਾਂ ਦੇ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਪ੍ਰਸ਼ੰਸਾ ਕੀਤੀ ਅਤੇ ਭਰੋਸਾ ਦਿਵਾਇਆ ਕਿ ਜੇਕਰ ਕੌਂਸਲ ਖੇਡਾਂ ਦੇ ਵਿਕਾਸ ਲਈ ਕੋਈ ਵੀ ਪ੍ਰਸਤਾਵ ਲਿਆਉਂਦੀ ਹੈ ਤਾਂ ਪੰਜਾਬ ਸਰਕਾਰ ਵੱਲੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ। ਅਕਾਲ ਕਾਲਜ ਕੌਂਸਲ ਦੀ ਸਮੁੱਚੀ ਮੈਨੇਜਮੈਂਟ ਵੱਲੋਂ ਮੁੱਖ ਮਹਿਮਾਨ ਅਤੇ ਹੋਰ ਪਹੁੰਚੇ ਹੋਏ ਮਹਿਮਾਨਾਂ ਦਾ ਨਿੱਘਾ ਸਵਾਗਤ ਅਤੇ ਸਨਮਾਨ ਕੀਤਾ ਗਿਆ। ਚੈਂਪੀਅਨਸ਼ਿਪ ਦੇ ਤੀਜੇ ਦਿਨ ਮੁਕਾਬਲੇ ਬੜੇ ਹੀ ਰੋਮਾਂਚਕ ਅਤੇ ਫਸਵੇਂ ਰਹੇ। ਇਸ ਮੌਕੇ ਐੱਸ.ਡੀ.ਐੱਮ. ਚਰਨਜੋਤ ਸਿੰਘ ਵਾਲੀਆ, ਚੇਅਰਮੈਨ ਅਵਤਾਰ ਸਿੰਘ ਈਲਵਾਲ, ਅਕਾਲ ਕਾਲਜ ਕੌਂਸਲ ਦੇ ਮੁੱਖ ਪ੍ਰਬੰਧਕ ਕੈਪਟਨ ਭੁਪਿੰਦਰ ਸਿੰਘ ਪੂਨੀਆ, ਸਕੱਤਰ ਜਸਵੰਤ ਸਿੰਘ ਖਹਿਰਾ ਸਮੇਤ ਫਿਜ਼ੀਕਲ ਐਜੂਕੇਸ਼ਨ ਕਾਲਜ ਦੇ ਵਿਦਿਆਰਥੀ ਅਤੇ ਸਮੂਹ ਸਟਾਫ਼ ਮੌਜੂਦ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਫਰੀਡਮ ਫਾਈਟਰ ਉੱਤਰਾ ਅਧਿਕਾਰੀ ਰਜਿ: ਨੰਬਰ 196 ਵੱਲੋਂ ਦਰਸ਼ਨ ਸਿੰਘ ਸੋਢੇਵਾਲਾ ਨੂੰ ਸੂਬਾ ਮੀਤ ਪ੍ਰਧਾਨ ਬਣਾਇਆ



ਫ਼ਿਰੋਜ਼ਪੁਰ, 18 ਫਰਵਰੀ (ਮਨੋਹਰ ਲਾਲ) :– ਫਰੀਡਮ ਫਾਈਟਰ ਉੱਤਰਾ ਅਧਿਕਾਰੀ ਰਜਿ: ਨੰਬਰ 196 ਦੇ ਪੰਜਾਬ ਪ੍ਰਧਾਨ ਚਤਿੰਨ ਸਿੰਘ ਮਾਨਸਾ ਨੇ ਆਪਣੇ ਅਹੁਦੇਦਾਰ ਅਤੇ ਮੈਂਬਰ ਵਧਾਉਂਦਿਆਂ ਹੋਇਆ ਸਰਦਾਰ ਦਰਸ਼ਨ ਸਿੰਘ ਸੋਢੇਵਾਲਾ ਨੂੰ ਸੂਬਾ ਮੀਤ ਪ੍ਰਧਾਨ ਪੰਜਾਬ ਬਣਾਇਆ ਗਿਆ ਹੈ, ਜਿਸ ਦਾ ਸਮੂਹ ਫ਼ਿਰੋਜ਼ਪੁਰ ਦੇ ਅਤੇ ਹੋਰ ਜ਼ਿਲ੍ਹਿਆਂ ਦੇ ਅਹੁਦੇਦਾਰਾਂ ਵਿਚ ਖੁਸ਼ੀ ਦੀ ਲਹਿਰ ਹੈ, ਇਥੇ ਇਹ ਦਸਣਯੋਗ ਹੈ ਕਿ ਸ: ਦਰਸ਼ਨ ਸਿੰਘ ਸੋਢੇਵਾਲਾ ਬਹੁਤ ਹੀ ਪੜ੍ਹਿਆ ਲਿਖਿਆ ਚੰਗੀ ਫੈਮਲੀ ਵਿਚ ਹਨ, ਇਸ ਮੌਕੇ ਤੇ ਸ: ਦਰਸ਼ਨ ਸਿੰਘ ਸੋਢੇਵਾਲਾ ਨੇ ਕਿਹਾ ਕਿ ਪੰਜਾਬ ਪ੍ਰਧਾਨ ਸ: ਚਤਿੰਨ ਸਿੰਘ ਮਾਨਸਾ ਨੇ ਮੇਰੀ ਜਿਹੜੀ ਜੁੰਮੇਵਾਰੀ ਲਾਈ ਹੈ, ਮੈਂ ਇਹ ਜੁੰਮੇਵਾਰੀ ਤਨਦੇਹੀ ਨਾਲ ਨਿਭਾਉਣ ਦੇ ਉਪਰਾਲੇ ਕਰਾਂਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦੀ ਸਾਕੇ ਨੂੰ ਸਮਰਪਿਤ ਸ਼ਹੀਦੀ ਦਿਹਾੜਾ ਤੇ ਕੀਰਤਨ ਦਰਬਾਰ ਗੁਰਮਤਿ ਸਮਾਗਮ 20/21ਤੇ 22 ਫਰਵਰੀ ਨੂੰ ਪਿੰਡ ਮੁਸਤਫਪੁਰ ਗੁਰਦਾਸਪੁਰ ਵਿਖੇ ਕਰਵਾਇਆ ਜਾਵੇਗਾ : ਜਥੇ ਬਲਦੇਵ ਸਿੰਘ ਮੁਸਤ.ਫਾ ਪੁਰ



**ਜੰਡਿਆਲਾ ਗੁਰੂ, 18 ਫਰਵਰੀ ( ਕੁਲਵੰਤ ਸਿੰਘ ਵਿਰਦੀ )**-ਹਰ ਸਾਲ ਦੀ ਤਰ੍ਹਾਂ ਨਨਕਾਣਾ ਸਾਹਿਬ ਦੇ ਸ਼ਹੀਦੀ ਸਾਕੇ ਨੂੰ ਸਮਰਪਿਤ ਸ਼ਹੀਦੀ ਦਿਹਾੜਾ ਤੇ ਕੀਰਤਨ ਦਰਬਾਰ ਗੁਰਮਤਿ ਸਮਾਗਮ ਪਿੰਡ ਮੁਸਤਫਪੁਰ ਜ਼ਿਲ੍ਹਾ ਗੁਰਦਾਸਪੁਰ ਵਿਖੇ 105 ਵਾ ਤਿੰਨ ਰੋਜ਼ਾ ਗੁਰਮਤਿ ਸਮਾਗਮ 20/21 ਅਤੇ 22 ਫਰਵਰੀ ਬਹੁਤ ਹੀ ਸ਼ਰਧਾ ਭਾਵਨਾਵਾਂ ਤੇ ਉਤਸ਼ਾਹ ਨਾਲ ਆਦਿ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ, ਸਥਾਨਕ ਅਤੇ ਹੋਰ ਸੰਗਤਾਂ ਦੇ ਸਹਿਯੋਗ ਤੇ ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਫ਼ਾ ਪੁਰ ਦੀ ਦੇਖ ਰੇਖ ਹੇਠ ਮਨਾਇਆ ਜਾ ਰਿਹਾ ਹੈ, ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ, ਧਾਰਮਿਕ ਦੀਵਾਨ ਸਜਾਏ ਜਾਣਗੇ ਅਤੇ ਗਤਕੇਬਾਜ਼ੀ ਦੇ ਮੁਕਾਬਲੇ ਕਰਵਾਏ ਜਾਣਗੇ, ਸਮੂਹ ਸਨਮਾਨਯੋਗ ਹਸਤੀਆਂ ਦਾ ਸਨਮਾਨ ਕੀਤਾ ਜਾਵੇਗਾ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਜਾਣਗੇ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਮੁੱਖ ਪ੍ਰਬੰਧਕ ਜਥੇਦਾਰ ਬਾਬਾ ਬਲਦੇਵ ਸਿੰਘ ਜੀ ਨਾਲ ਗੱਲਬਾਤ ਕਰਨ ਤੋਂ ਬਾਅਦ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਦੱਸਿਆ ਸਮਾਗਮਾਂ ਦੀ ਆਰੰਭਤਾ 20 ਫਰਵਰੀ ਨੂੰ ਗੁਰਬਾਣੀ ਦੇ ਅਖੰਡ ਪਾਠ ਸਾਹਿਬ ਅਰੰਭ ਕਰਨ ਨਾਲ ਹੋ ਜਾਵੇਗੀ,21 ਫਰਵਰੀ ਨੂੰ ਰੱਖੇ ਪਾਠਾਂ ਦੀ ਮੱਦ ਅਰਦਾਸ ਕੀਤੀ ਜਾਵੇਗੀ ਅਤੇ 22 ਫਰਵਰੀ ਨੂੰ ਰੱਖੇ ਅਖੰਡਪਾਠਾਂ ਦੇ ਸੰਪੂਰਨ ਭੋਗ ਅਰਦਾਸ ਅਤੇ ਪਾਵਨ ਪਵਿੱਤਰ ਹੁਕਮਨਾਮੇ ਤੋਂ ਬਾਅਦ ਗੁਰਮਤਿ ਸਮਾਗਮ ਦੀ ਆਰੰਭਤਾ ਕੀਤੀ ਜਾਵੇਗੀ, ਜਿਸ ਵਿਚ ਪੰਥ ਦੇ ਨਾਮਵਰ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਤੋਂ ਇਲਾਵਾ ਵੱਡੀ ਗਿਣਤੀ ਪਹੁੰਚੇ ਸੰਤਾਂ ਮਹਾਪੁਰਸ਼ਾਂ ਵੱਲੋਂ ਹਾਜ਼ਰੀ ਲਵਾਈ ਜਾਵੇਗੀ ਅਤੇ ਸਮੂਹ ਬੁਲਾਰਿਆਂ ਦਾ ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਫ਼ਾ ਪੁਰ ਵੱਲੋਂ ਸਨਮਾਨ ਕੀਤਾ ਜਾਵੇਗਾ, ਭਾਈ ਖਾਲਸਾ ਨੇ ਦੱਸਿਆ ਦੀਵਾਨ ਸਮਾਪਤੀ ਤੋਂ ਬਾਅਦ ਗਤਕਾ ਬਾਜੀ ਦੇ ਮੁਕਾਬਲੇ ਕਰਵਾਏ ਜਾਣਗੇ ਅਤੇ ਗੁਰੂ ਕਾ ਲੰਗਰ ਦੇਗਾਂ ਸਰਦਾਈਆਂ ਅਤੁੱਟ ਵਰਤਾਏ ਜਾਣਗੇ, ਸਮਾਗਮ ਵਿੱਚ ਰੰਗਰੇਟਾ ਕੌਮ ਦੇ ਜਰਨੈਲ ਜਥੇਦਾਰ ਬਾਬਾ ਮੇਜ਼ਰ ਸਿੰਘ ਸੋਢੀ, ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ, ਜਥੇਦਾਰ ਬਾਬਾ ਸੁਖਪਾਲ ਸਿੰਘ ਮਾਲਵਾ ਤਰਨਦਲ ਬਾਬਾ ਸੰਗਤ ਸਿੰਘ ਤੋਂ ਇਲਾਵਾ ਸੈਂਕੜੇ ਜਥੇਦਾਰ ਸਾਹਿਬਾਨ ਤੇ ਹਜ਼ਾਰਾਂ ਸੰਗਤਾਂ ਸ਼ਾਮਲ ਹੋ ਰਹੀਆਂ ਹਨ, ਮੁੱਖ ਪ੍ਰਬੰਧਕ ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਫ਼ਾ ਪੁਰ ਵੱਲੋਂ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਬੇਨਤੀ ਕੀਤੀ ਗਈ ਕਿ ਉਹ ਇਸ ਤਿੰਨ ਰੋਜ਼ਾ ਗੁਰਮਤਿ ਸਮਾਗਮ ਦੀਆਂ ਹਾਜ਼ਰੀਆਂ ਭਰਨ ਦੀ ਲੋੜ ਤੇ ਜੋਰ ਦੇਣ , ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਜਥੇਦਾਰ ਅਕਾਲਤਖਤ ਸਾਹਿਬ, ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਇਲਾਵਾ ਹੋਰ ਮਹਾਨ ਹਸਤੀਆਂ ਵੀ ਹਾਜ਼ਰ ਹੋ ਰਹੀਆਂ ਹਨ ।

ਆਵਾਜ਼ਿ ਕੌਮ AWAZE QAUM International Newspaper & WEB TV

**ਪੰਜਾਬ ਦੀ ਆਵਾਜ਼ ਨੂੰ ਦਬਾਇਆ ਨਹੀਂ ਜਾ ਸਕਦਾ**

# ਲੋਕਾਂ ਦਾ ਸਹਿਯੋਗ ਸਾਡੀ ਸਭ ਤੋਂ ਵੱਡੀ ਤਾਕਤ : ਬਾਪੂ ਤਰਸੇਮ ਸਿੰਘ

**ਚੌਕ ਮਹਿਤਾ, 18 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਅੱਜ ਅੰਮ੍ਰਿਤਸਰ ਦੇ ਹਲਕਾ ਦੱਖਣੀ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸਰਪੰਚ ਬਲਜੀਤ ਸਿੰਘ ਜੀ ਚਾਟੀਵਿੰਡ ਦੀ ਅਗਵਾਈ ਵਿੱਚ ਇਕ ਵਿਸ਼ਾਲ ਰੈਲੀ ਕੀਤੀ ਗਈ। ਇਸ ਰੈਲੀ ਵਿੱਚ ਉਚੇਚੇ ਤੌਰ ਤੇ ਪਹੁੰਚੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਤੋਂ ਇਲਾਵਾ ਭਾਈ ਹਰਭਜਨ ਸਿੰਘ ਤੁੜ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਹਰਜੀਤ ਸਿੰਘ ਲਾਲਾਨੰਗਲ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਦਯਾ ਸਿੰਘ, ਭਾਈ ਸਵਰਨ ਸਿੰਘ ਗੋਲਡਨ, ਭਾਈ ਸੁਖਬੀਰ ਸਿੰਘ ਵਲਟੋਹਾ, ਬਾਬਾ ਬਿਬੇਕ ਸਿੰਘ ਜੀ, ਭਾਈ ਸਕੱਤਰ ਸਿੰਘ ਪੰਡੋਰੀ, ਡਾਕਟਰ ਸੁਖਵਿੰਦਰ ਕੌਰ ਕੰਗ, ਭਾਈ ਬਲਦੇਵ ਸਿੰਘ ਜੱਲੂਪੁਰ, ਜਗਤਾਰ ਸਿੰਘ ਰਾਜੂ, ਬਲਵਿੰਦਰ ਸਿੰਘ ਬਿੱਲਾ, ਪ੍ਰਭਜੀਤ ਸਿੰਘ, ਸੁਰਿੰਦਰਪਾਲ ਸਿੰਘ, ਮਾਸਟਰ ਸੰਤੋਖ ਸਿੰਘ, ਪ੍ਰਗਟ ਸਿੰਘ ਮਾਹਲ, ਮੇਜਰ ਸਿੰਘ ਚਾਟੀਵਿੰਡ, ਡਾ. ਧਨਵੰਤ ਸਿੰਘ, ਜਥੇਦਾਰ ਕੁਲਵਿੰਦਰ ਸਿੰਘ ਵਡਾਲੀ, ਭਾਈ ਮਹਿੰਦਰਪਾਲ ਸਿੰਘ ਤੁੰਗ, ਜਥੇਦਾਰ ਹਰਪ੍ਰੀਤ ਸਿੰਘ ਅਤੇ ਹੋਰ ਆਗੂ ਹਾਜ਼ਰ ਸਨ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਵੱਲੋਂ ਸੰਬੋਧਨ ਕੀਤਾ ਗਿਆ ਅਤੇ ਬਾਪੂ ਤਰਸੇਮ ਸਿੰਘ ਜੀ ਨੇ ਬੋਲਦਿਆਂ ਹੋਇਆਂ ਕਿਹਾ ਕਿ ਪੰਜਾਬ ਅੱਜ ਨਸ਼ਿਆਂ, ਬੇਰੁਜ਼ਗਾਰੀ, ਕਿਸਾਨੀ ਸੰਕਟ ਅਤੇ ਸਰਕਾਰੀ ਧੱਕੇਸ਼ਾਹੀ ਕਾਰਨ ਗੰਭੀਰ ਹਾਲਾਤਾਂ ਵਿੱਚੋਂ ਲੰਘ ਰਿਹਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ ਅਤੇ ਸਿਰਫ਼ ਇਸ਼ਤਿਹਾਰਬਾਜ਼ੀ ਰਾਹੀਂ ਹਕੀਕਤ ਨੂੰ ਲੁਕਾਇਆ ਜਾ ਰਿਹਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ ਉਨ੍ਹਾਂ ਨੂੰ ਕੇਸਾਂ ਅਤੇ ਦਬਾਅ ਦੀ ਰਾਜਨੀਤੀ ਵਿੱਚ ਫਸਾਇਆ ਜਾ ਰਿਹਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੀ ਲੋਕਪ੍ਰਿਯਤਾ ਤੋਂ ਡਰ ਕੇ ਸਰਕਾਰਾਂ ਵੱਲੋਂ ਝੂਠੇ ਮਾਮਲੇ ਬਣਾਕੇ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਪਰ ਪੰਜਾਬ ਦੀ ਜਨਤਾ ਹੁਣ ਸਭ ਕੁਝ ਸਮਝ ਚੁੱਕੀ ਹੈ। ਲੋਕਾਂ ਦਾ ਉੱਭਰਦਾ ਸਮਰਥਨ ਇਸ ਗੱਲ ਦਾ ਸਬੂਤ ਹੈ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਅੱਜ ਪੰਜਾਬ ਦੀ ਅਸਲ ਪੰਥਕ ਅਤੇ ਲੋਕਧਾਰਾ ਦੀ ਨੁਮਾਇੰਦਗੀ ਕਰ ਰਿਹਾ ਹੈ। ਰੈਲੀ ਦੌਰਾਨ ਵੱਡੀ ਗਿਣਤੀ ਵਿੱਚ ਨੌਜਵਾਨਾਂ, ਮਹਿਲਾਵਾਂ ਅਤੇ ਬਜ਼ੁਰਗਾਂ ਦੀ ਹਾਜ਼ਰੀ ਨੇ ਸਾਬਤ ਕਰ ਦਿੱਤਾ ਕਿ ਪਾਰਟੀ ਦਾ ਆਧਾਰ ਦਿਨੋਂ-ਦਿਨ ਮਜ਼ਬੂਤ ਹੋ ਰਿਹਾ ਹੈ। ਲੋਕਾਂ ਨੇ ਨਸ਼ਾ ਮੁਕਤ ਪੰਜਾਬ, ਇਨਸਾਫ਼ ਅਤੇ ਪੰਥਕ ਹਿੱਤਾਂ ਲਈ ਡੱਟ ਕੇ ਸੰਘਰਸ਼ ਕਰਨ ਦਾ ਸੰਕਲਪ ਲਿਆ। ਪਾਰਟੀ ਨੇ ਸਪੱਸ਼ਟ ਕੀਤਾ ਕਿ ਪੰਜਾਬ ਦੀ ਅਸਲੀ ਤਾਕਤ ਲੋਕ ਹਨ ਅਤੇ ਲੋਕਾਂ ਦੀ ਆਵਾਜ਼ ਨੂੰ ਕਿਸੇ ਵੀ ਕੀਮਤ 'ਤੇ ਦਬਾਇਆ ਨਹੀਂ ਜਾ ਸਕਦਾ। ਅੰਤ ਵਿੱਚ ਸ੍ਰ ਬਲਜੀਤ ਸਿੰਘ ਚਾਟੀਵਿੰਡ ਨੇ ਪਹੁੰਚੀ ਸਮੂਹ ਲੀਡਰਸ਼ਿਪ ਅਤੇ ਸੰਗਤ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਸਾਰੇ ਆਗੂਆਂ ਨੇ ਇਕਜੁੱਟਤਾ ਦਾ ਸੱਦਾ ਦਿੰਦਿਆਂ ਕਿਹਾ ਕਿ ਪੰਜਾਬ ਦੀ ਚੜ੍ਹਦੀ ਕਲਾ, ਪੰਥਕ ਹੋਂਦ ਅਤੇ ਨੌਜਵਾਨ ਪੀੜ੍ਹੀ ਦੇ ਭਵਿੱਖ ਲਈ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਲੜਾਈ ਜਾਰੀ ਰਹੇਗੀ।



**ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅੰਮ੍ਰਿਤਸਰ ਦੇ ਹਲਕਾ ਦੱਖਣੀ 'ਚ ਬਲਜੀਤ ਸਿੰਘ ਚਾਟੀਵਿੰਡ ਦੀ ਅਗਵਾਈ ਵਿੱਚ ਵਿਸ਼ਾਲ ਰੈਲੀ**

ਆਵਾਜ਼ਿ ਕੌਮ AWAZE QAUM International Newspaper & WEB TV

**ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਵੱਲੋਂ ਖਾਲਸਾ ਵਹੀਰ ਦਾ ਆਗਾਜ 25 ਫਰਵਰੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਸਾਹਿਬ ਜੀ ਤੋਂ : ਬਾਬਾ ਬਿਬੇਕ ਸਿੰਘ**

# ਨੌਜਵਾਨ ਸੰਗਤਾਂ ਖਾਲਸਾ ਵਹੀਰ ਵਿੱਚ ਸ਼ਾਮਲ ਹੋ ਕਿ ਆਪਣਾ ਫਰਜ ਨਿਭਾਓ



**ਜੰਡਿਆਲਾ ਗੁਰੂ 18 ਫਰਵਰੀ ( ਕੁਲਵੰਤ ਸਿੰਘ ਵਿਰਦੀ )**-ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਵਲੋ ਬਾਪੂ ਸ. ਤਰਸੇਮ ਸਿੰਘ ਜੀ ਅਤੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਅਤੇ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ , ਬਲਦੇਵ ਸਿੰਘ (ਬਿੱਟਾ) ਜੀ ਨੇ ਸ. ਰਣਜੋਧ ਸਿੰਘ (ਜੋਤੀ) (ਨਜ਼ਰਬੰਦ ਕਪੂਰਥਲਾ ਜੇਲ੍ਹ) ਦੇ ਪਿੰਡ ਜਲਾਲ ਉਸਮਾ ਵਿੱਖੇ ਹਾਜ਼ਰੀ ਭਰੀ, ਇਸ ਸੰਬੰਧੀ ਜਾਣਕਾਰੀ ਸਾਂਝੀ ਕਰਦਿਆ ਹੋਇਆ ਬਾਬਾ ਬਿਬੇਕ ਸਿੰਘ ਨੇ ਅੱਗੇ ਕਿਹਾ ਕਿ ਅਸੀਂ ਮੀਡੀਆ ਰਾਹੀਂ ਸਮੂਹ ਹਲਕਾ ਵਾਸੀਆਂ ਪੰਜਾਬ ਵਾਸੀਆਂ ਨੂੰ ਬੇਨਤੀ ਕਰਦੇ ਹਾਂ ਕਿ 25 ਫਰਵਰੀ ਨੂੰ ਵਾਰਿਸ ਪੰਜਾਬ ਦੇ ਜਥੇਬੰਦੀ ਵੱਲੋਂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਤਖਤ ਸ੍ਰੀ ਅਕਾਲ ਤਖਤ ਸਾਹਿਬ ਜੀ ਤੋਂ ਖਾਲਸਾ ਵਹੀਰ ਦਾ ਆਗਾਜ ਹੋ ਰਿਹਾ ਹੈ ਇਸ ਵਹੀਰ ਵਿੱਚ ਸੰਗਤਾਂ ਨੌਜਵਾਨ ਆਪਣੇ ਆਪਣੇ ਸਾਧਨਾਂ ਤੇ ਪਹੁੰਚ ਕਿ ਖਾਲਸੇ ਪੰਥ ਦੀ ਚੜ੍ਹਦੀ ਕਲ੍ਹਾ ਤੇ ਸਰਬੱਤ ਦੇ ਭਲੇ ਲਈ ਸਾਮਲ ਹੋ ਕਿ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਸੋਚ ਤੇ ਪਹਿਰਾ ਦੇ ਕਿ ਆਪਣੇ ਫਰਜ ਨਿਭਾਈਏ ਅਤੇ 2027 ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦਾ ਰਾਜ ਸਥਾਪਿਤ ਕਰੀਏ ਅਤੇ ਪੰਜਾਬ ਦੇ ਮਸਲਿਆਂ ਨੂੰ ਹੱਲ ਕਰਵਾਉਣ ਲਈ ਇਕੱਠੇ ਹੋਈਏ ! ਇਸ ਮੌਕੇ ਉਹਨਾਂ ਦੇ ਨਾਲ ਸਕੱਤਰ ਸਿੰਘ, ਗਿਆਨ ਸਿੰਘ, ਜਤਿੰਦਰ ਸਿੰਘ ਮਹਿਤਾ, ਜੁਗਰਾਜ ਸਿੰਘ ਉਧੋ ਨੰਗਲ, ਸਤਨਾਮ ਸਿੰਘ ਧਰਮੂ ਚੱਕ, ਗੁਰਜੰਟ ਸਿੰਘ, ਸੁਖਚੈਨ ਸਿੰਘ, ਗੁਰਮੀਤ ਸਿੰਘ, ਚਰਨ ਸਿੰਘ, ਗੁਰਪ੍ਰੀਤ ਸਿੰਘ, ਗੁਰਚੇਤਨ ਸਿੰਘ, ਅਗਿਆਪਾਲ ਸਿੰਘ, ਗੁਰਮੇਜ ਸਿੰਘ, ਪਰਗਟ ਸਿੰਘ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸਾਬਕਾ ਜਥੇਦਾਰ ਅਕਾਲ ਤਖ਼ਤ ਸਾਹਿਬ ਤੇ ਹੈਂਡ ਗ੍ਰੰਥੀ ਦਰਬਾਰ ਸਾਹਿਬ ਅੰਮ੍ਰਿਤਸਰ ਗਿਆਨੀ ਰਘਬੀਰ ਸਿੰਘ ਵੱਲੋਂ ਬਾਦਲਕਿਆਂ ਤੇ ਲਾਏ ਭਿਰਸ਼ਟਾਚਾਰ ਦੇ ਇਲਜ਼ਾਮਾਂ ਦੀ ਪੜਤਾਲ ਹੋਣੀ ਚਾਹੀਦੀ ਹੈ : ਭਾਈ ਵਿਰਸਾ ਸਿੰਘ ਖਾਲਸਾ




**ਜੰਡਿਆਲਾ ਗੁਰੂ, 18 ਫਰਵਰੀ ( ਕੁਲਵੰਤ ਸਿੰਘ ਵਿਰਦੀ )**-ਸਾਬਕਾ ਜਥੇਦਾਰ ਤੇ ਹੈਂਡ ਗ੍ਰੰਥੀ ਦਰਬਾਰ ਸਾਹਿਬ ਅੰਮ੍ਰਿਤਸਰ ਗਿਆਨੀ ਰਘਬੀਰ ਸਿੰਘ ਨੇ ਕਾਫੀ ਸਮੇਂ ਤੋਂ ਬਾਅਦ ਬਾਦਲਕਿਆਂ ਤੇ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਇਲਾਵਾ ਸਮੂਹ ਇਤਿਹਾਸਕ ਗੁਰਦੁਆਰਿਆਂ ਵਿੱਚ ਵੱਡੇ ਭਿਰਸ਼ਟਾਚਾਰ ਦੇ ਇਲਜਾਮ ਲਾਏ ਹਨ ਭਾਵੇਂ ਕਿ ਇਹ ਇਲਜਾਮ ਤਾਂ ਪਹਿਲਾਂ ਵੀ ਬਾਦਲਕਿਆਂ ਬਹੁਤ ਲੋਕਾਂ ਨੇ ਲਾਏ ਹਨ ਅਤੇ ਸਾਬਕਾ ਖਾੜਕੂ ਜਥੇਦਾਰ ਭਾਈ ਰਣਜੀਤ ਸਿੰਘ ਨੇ ਤਾਂ ਇੰਨਾਂ ਦੀਆਂ ਭਿਰਸ਼ਟਾਚਾਰ ਕਰਨ ਵਾਲੀਆਂ ਵੱਡੀਆਂ ਪਰਤਾਂ ਦਾ ਖੁਲਾਸਾ ਕੀਤਾ ਹੈ ਅਤੇ ਹੁਣ ਇਤਿਹਾਸਕ ਗੁਰਦੁਆਰਾ ਅੰਬ ਦੀ ਕਰੌੜਾਂ ਰੁਪਏ ਜ਼ਮੀਨ ਕੌਡੀਆਂ ਦੇ ਭਾਅ ਵੇਚਣ ਦਾ ਪੜਦਾ ਵੀ ਉਸੇ ਨੇ ਕੀਤਾ ਸੀ ਅਤੇ ਹੁਣ ਇਹ ਮਾਮਲਾ ਭਖ ਚੁੱਕਾ ਹੈ ਅਤੇ ਜ਼ਮੀਨ ਘਪਲੇ 'ਚ ਐਫ ਆਈ ਆਰ ਦਰਜ ਹੋ ਚੁੱਕੀ ਹੈ, ਇਥੇ ਹੀ ਬੱਸ ਨਹੀਂ ਹੁਣ ਤਾਂ ਸਰਕਾਰਾਂ ਨੇ ਇਨ੍ਹਾਂ ਇਲਜ਼ਾਮਾਂ ਦੀ ਸ਼ੁਰੂਆਤ ਕਰ ਦਿੱਤੀ ਹੈ ਅਤੇ ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸੱਦ ਕੇ ਅਜਿਹਾ ਕਰਨ ਤੇ ਰੋਕ ਲਾ ਦਿੱਤੀ ਸੀ ਪਰ ਹੁਣ ਤਾਂ ਹੈਂਡ ਗ੍ਰੰਥੀ ਦਰਬਾਰ ਸਾਹਿਬ ਅੰਮ੍ਰਿਤਸਰ ਗਿਆਨੀ ਰਘਬੀਰ ਸਿੰਘ ਜੀ ਨੇ ਆਪਣੇ ਇਲਜ਼ਾਮਾਂ ਵਿਚ ਗੁਰਦੁਆਰਿਆਂ ਦੀਆਂ ਜਾਇਦਾਦਾਂ ਵੇਚਣ, ਗੋਲਕਾਂ ਦਾ ਪੈਸਾ ਨਜਾਇਜ਼ ਵਰਤਣ ਤੋਂ ਇਲਾਵਾ ਗੁਰੂ ਘਰ ਦੀ ਝੂਠ ਵੇਚਣ ਦੇ ਵੀ ਇਲਜ਼ਾਮ ਲਾਏ ਹਨ,ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਸਾਬਕਾ ਜਥੇਦਾਰ ਅਕਾਲ ਤਖ਼ਤ ਸਾਹਿਬ ਗਿਆਨੀ ਰਘਬੀਰ ਸਿੰਘ ਹੈਂਡ ਗ੍ਰੰਥੀ ਦਰਬਾਰ ਸਾਹਿਬ ਅੰਮ੍ਰਿਤਸਰ ਵੱਲੋਂ ਬਾਦਲਕਿਆਂ ਤੇ ਜਥੇਦਾਰਾਂ ਨੂੰ ਆਪਣੇ ਹੱਕ ਵਿੱਚ ਵਰਤਣ, ਇਤਿਹਾਸਕ ਗੁਰਦੁਆਰਿਆਂ ਦੀਆਂ ਜ਼ਮੀਨਾਂ ਹੜੱਪਣ, ਗੋਲਕਾਂ ਦਾ ਪੈਸਾ ਨਜਾਇਜ਼ ਵਰਤਣ ਤੇ ਗੁਰੂ ਘਰ ਦੀ ਝੂਠ ਵੇਚਣ ਤੱਕ ਲਾਏ ਇਲਜਾਮਾਂ ਦੀ ਪੂਰਨ ਹਮਾਇਤ ਕਰਦੀ ਹੋਈ ਜਿਥੇ ਲੋਕਾਂ ਨੂੰ ਅਪੀਲ ਕਰਦੀ ਹੈ ਗੁਰੂ ਘਰ ਪੈਸਾ ਝੜਾਉਣ ਦੀ ਬਜਾਏ ਗਰੀਬਾਂ ਤੇ ਲੋੜਵੰਦ 'ਚ ਵੰਡ ਕੇ ਗਰੀਬ ਦਾ ਮੂੰਹ ਮੇਰੀ ਗੋਲਕ ਹੈ ਵਾਲੇ ਗੁਰ ਉਪਦੇਸ਼ ਨੂੰ ਅਮਲੀ ਰੂਪ ਵਿਚ ਲਿਆਉਣ ਦੀ ਲੋੜ ਦੇਣ ਦੇ ਨਾਲ ਨਾਲ ਸਰਕਾਰ ਤੋਂ ਮੰਗ ਕਰਦੀ ਹੈ ਕਿ 16 ਸਾਲਾ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨਾ ਕਰਵਾਉਣ ਵਾਲੀ ਨੀਤੀ ਨੂੰ ਬਦਲ ਕੇ ਲੋਕਾਂ ਦੀ ਮੰਗ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਜਲਦੀ ਕਰਵਾਉਣ ਦੀ ਲੋੜ ਤੇ ਜ਼ੋਰ ਦੇਣ ਤਾਂ ਕਿ ਬਾਦਲਕਿਆਂ ਨੂੰ ਇਤਿਹਾਸਕ ਗੁਰਦੁਆਰਿਆਂ ਵਿੱਚੋ ਬਾਹਰ ਕਢਿਆ ਜਾ ਸਕੇ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਾਬਕਾ ਜਥੇਦਾਰ ਅਕਾਲ ਤਖ਼ਤ ਸਾਹਿਬ ਤੇ ਹੈਂਡ ਗ੍ਰੰਥੀ ਦਰਬਾਰ ਸਾਹਿਬ ਅੰਮ੍ਰਿਤਸਰ ਵੱਲੋਂ ਬਾਦਲਕਿਆਂ ਤੇ ਦਰਬਾਰ ਸਾਹਿਬ ਸਮੇਤ ਇਤਿਹਾਸਕ ਗੁਰਦੁਆਰਿਆਂ ਦੀ ਜ਼ਮੀਨਾ ਵੇਚਣ, ਅਕਾਲ ਤਖ਼ਤ ਸਾਹਿਬ ਦੇ ਜਥੇਦਾਰਾਂ ਨੂੰ ਆਪਣੇ ਹਿਤਾਂ ਵਾਸਤੇ ਵਰਤਣ, ਗੋਲਕਾਂ ਦੇ ਪੈਸੇ ਦੀ ਦੁਰਵਰਤੋਂ ਕਰਨ ਵਰਗੇ ਭਿਰਸ਼ਟਾਚਾਰ ਕਰਨ ਦੇ ਲਾਏ ਕਈ ਇਲਜਾਮਾਂ ਦੀ ਪੂਰਨ ਹਮਾਇਤ, ਲੋਕਾਂ ਨੂੰ ਗੋਲਕਾਂ 'ਚ ਪੈਸਾ ਪਾਉਣ ਦੀ ਬਜਾਏ ਗਰੀਬ ਤੇ ਲੋੜਵੰਦਾਂ 'ਚ ਵੰਡਣ ਅਤੇ ਸਰਕਾਰ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਕਰਵਾਉਣ ਦੀ ਮੰਗ ਕਰਦਿਆ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਕਿਹਾ ਗਿਆਨੀ ਰਘਬੀਰ ਸਿੰਘ ਹੈਂਡ ਗ੍ਰੰਥੀ ਦਰਬਾਰ ਸਾਹਿਬ ਅੰਮ੍ਰਿਤਸਰ ਨੇ ਆਪਣੀ ਡਿਊਟੀ ਨੂੰ ਮੁੱਖ ਰੱਖਦਿਆਂ ਲੋਕਾਂ ਸਾਹਮਣੇ ਪੇਸ਼ ਕਰ ਦਿੱਤਾ ਹੈ ਅਤੇ ਹੁਣ ਸੰਗਤਾਂ ਦੀ ਕਚਹਿਰੀ ਵਿੱਚ ਕੇਸ ਹੈ, ਭਾਈ ਖਾਲਸਾ ਨੇ ਕਿਹਾ ਇਹ ਇਲਜ਼ਾਮ ਪੁਨਰ ਸੁਰਜੀਤ ਅਕਾਲੀ ਦਲ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਵੀ ਲਾਏ ਹਨ ਅਤੇ ਉਨ੍ਹਾਂ ਨੇ ਤਾਂ ਇਥੋਂ ਤਕ ਕਹਿ ਦਿੱਤਾ ਹੈ ਬਾਦਲਕਿਆਂ ਤੋਂ ਸ਼ੁਰੂ ਤੋਂ ਲੈਕੇ ਹੁਣ ਤੱਕ ਦਾ ਸਾਰਾ ਹਿਸਾਬ ਕਿਤਾਬ ਲੈਣ ਦੀ ਜ਼ਰੂਰਤ ਹੈ, ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਹੈਡ ਗ੍ਰੰਥੀ ਦਰਬਾਰ ਸਾਹਿਬ ਤੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਬਾਦਲਕਿਆਂ ਤੇ ਲਾਏ ਇਲਜਾਮਾਂ ਦੀ ਪੂਰਨ ਹਮਾਇਤ ਕਰਦੀ ਹੋਈ ਲੋਕਾਂ ਨੂੰ ਅਪੀਲ ਕਰਦੀ ਹੈ ਕਿ ਗੋਲਕਾਂ ਵਿੱਚ ਪੈਸੇ ਪਾਉਣ ਦੀ ਬਜਾਏ ਗਰੀਬ ਅਤੇ ਲੋੜਵੰਦ ਲੋਕਾਂ ਨੂੰ ਇਹ ਪੈਸਾ ਦੇ ਕੇ ਗਰੀਬ ਦਾ ਮੂੰਹ ਮੇਰੀ ਗੋਲਕ ਹੈ ਵਾਲੇ ਗੁਰ ਉਪਦੇਸ਼ ਨੂੰ ਅਮਲੀ ਰੂਪ ਵਿਚ ਲਿਆਉਣ ਦੀ ਮੰਗ ਕਰਦੀ ਹੋਈ ਸਰਕਾਰ ਨੂੰ ਬੇਨਤੀ ਕਰਦੀ ਹੈ ਕਿ ਲੰਮੇ ਸਮੇਂ ਤੋਂ ਚੋਣਾਂ ਨੂੰ ਅਧੂਰੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਜਲਦੀ ਕਰਵਾਉਣ ਦੀ ਲੋੜ ਤੇ ਜ਼ੋਰ ਦਿੱਤਾ ਜਾਵੇ ਤਾਂ ਕਿ ਗੋਲਕ ਚੋਰ ਤੇ ਗੁਰੂ ਘਰ ਦੀਆਂ ਜ਼ਮੀਨਾਂ ਵੇਚਣ ਵਾਲੇ ਬਾਦਲਕਿਆਂ ਨੂੰ ਇਤਿਹਾਸਕ ਗੁਰਦੁਆਰਿਆਂ ਵਿੱਚੋਂ ਬਾਹਰ ਕੱਢਿਆ ਜਾ ਸਕੇ ਅਤੇ ਗੁਰੂ ਘਰਾਂ ਦੀ ਮੁੱਢਲੀ ਮਰਯਾਦਾ ਨੂੰ ਬਹਾਲ ਕੀਤਾ ਜਾ ਸਕੇ ਇਸ ਮੌਕੇ ਤੇ ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ, ਭਾਈ ਜੋਗਿੰਦਰ ਸਿੰਘ ਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ,ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ, ਭਾਈ ਸੁਖਦੇਵ ਸਿੰਘ ਜਗਰਾਓਂ ਤੋਂ ਇਲਾਵਾ ਕਈ ਹੋਰ ਕਾਰਕੁੰਨ ਹਾਜਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

## ਫਲੈਕਸ ਬੋਰਡ ਤੋਂ ਭਗਵਾਨ ਭੋਲੇ ਸ਼ੰਕਰ ਜੀ ਮਾਤਾ ਪਾਰਵਤੀ ਜੀ ਫੋਟੋਆਂ ਨਾਲ ਛੇੜਛਾੜ ਕਰਨ ਵਾਲਿਆਂ ਤੇ ਹੋਵੇ ਸਖਤ ਕਾਰਵਾਈ-ਗਗਨਦੀਪ ਸ਼ਰਮਾ

**ਚੌਕ ਮਹਿਤਾ 17 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਹਾ ਸ਼ਿਵਰਾਤਰੀ ਦਾ ਪਵਿੱਤਰ ਦਿਹਾੜਾ ਜੋ ਕਿ ਸਾਰੇ ਸੰਸਾਰ ਵਿੱਚ ਧੂਮ ਧਾਮ ਨਾਲ ਮਨਾਇਆ ਜਾਂਦਾ ਹੈ ਜਿਸ ਸਬੰਧੀ ਪਿੰਡ ਚਵਿੰਡਾ ਦੇਵੀ ਵਿਖੇ ਵੀ ਇਹ ਪਵਿੱਤਰ ਤਿਹਾਰ ਧੂਮ ਧਾਮ ਨਾਲ ਮਨਾਇਆ ਜਾਂਦਾ ਹੈ ਸ਼ਿਵਰਾਤਰੀ ਨੂੰ ਧਿਆਨ ਚ ਰੱਖਦਿਆਂ ਫਲੈਕਸ ਬੋਰਡ ਲਗਵਾਏ ਸਨ ਜਿਸ ਫਲੈਕਸ ਬੋਰਡ ਵਿੱਚ ਸ਼ੰਕਰ ਭਗਵਾਨ ਜੀ ਮਾਤਾ ਪਾਰਵਤੀ ਜੀ ਦੀ ਫੋਟੋ ਵੀ ਲੱਗੀ ਸੀ। ਜਿਸ ਨੂੰ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਪਾੜ ਕੇ ਖੰਡਿਤ ਕੀਤਾ ਗਿਆ ਹੈ ਇਸਨੂੰ ਖੰਡਿਤ ਕਰਨ ਦੇ ਨਾਲ ਸਮੂਹ ਪਿੰਡ ਚਵਿੰਡਾ ਦੇਵੀ ਦੀ ਗ੍ਰਾਮ ਪੰਚਾਇਤ ਅਤੇ ਇਲਾਕਾ ਨਿਵਾਸੀਆਂ ਨੂੰ ਭਾਰੀ ਰੋਸ ਹੈ ਅਤੇ ਇਸ ਤੋਂ ਇਲਾਵਾ ਕਈ ਹੋਰ ਹਿੰਦੂ ਜਥੇਬੰਦੀਆਂ ਨੇ ਵੀ ਭਾਰੀ ਦੋਸ਼ ਦਰਸਾਇਆ ਹੈ। ਨੇਤਾ ਜੀ ਸੁਭਾਸ਼ ਚੰਦਰ ਬੋਸ ਐਂਟੀ ਕਰਾਈਮ ਐਂਟੀ ਕਰਪਸ਼ਨ ਸੋਸ਼ਲ ਵੈਲਫੇਅਰ ਸੋਸਾਇਟੀ ਦੇ ਚੇਅਰਮੈਨ ਗਗਨਦੀਪ ਜੀ ਨੇ ਵੀ ਇਸ ਮੰਦਭਾਗੀ ਘਟਨਾ ਦਾ ਵਿਰੋਧ ਕਰਦੇ ਹਨ ਅਤੇ ਉਹਨਾਂ ਕਿਹਾ ਕਿ ਪਿੰਡ ਚਵਿੰਡਾ ਦੇਵੀ ਦੇ ਚੌਂਕੀ ਇਨਚਾਰਜ ਨੂੰ ਅਪੀਲ ਕਰਦਾ ਹਾਂ ਕਿ ਜੋ ਕੋਈ ਵੀ ਸ਼ਰਾਰਤੀ ਅਨਸਰ ਕਿਸੇ ਵੀ ਧਰਮ ਦੀ ਬੇਅਦਬੀ ਕਰਦਾ ਹੈ ਉਸ ਦੇ ਖਿਲਾਫ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤਾਂ ਕਿ ਜੋ ਇਸ ਤਾਂ ਕਿ ਕੋਈ ਅੱਗੇ ਤੋਂ ਇਸ ਤਰ੍ਹਾਂ ਦੀ ਗਲਤੀ ਨਾ ਕਰੇ ਇਸ ਮੌਕੇ ਪੁਲਿਸ ਚੌਕੀ ਚਵਿੰਡਾ ਦੇਵੀ ਦੇ ਇੰਚਾਰਜ ਅਮਨਜੀਤ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਸਬੰਧੀ ਜਾਂਚ ਕੀਤੀ ਜਾ ਰਹੀ ਹੈ ਅਤੇ ਜਲਦੀ ਹੀ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ ਜਾਵੇ।



ਆਵਾਜ਼ਿ ਕੌਮ AWAZE QAUM International Newspaper & WEB TV


### ਗੁਰਦੁਆਰਾ ਸੰਤ ਖਾਲਸਾ ਵਿਖੇ

# ਸਲਾਨਾ ਗੁਰਮਤਿ ਸਮਾਗਮਾਂ ਦੀ ਸ਼ੁਰੂਆਤ











ਪਿੰਡ ਰੋਡੇ (ਜ਼ਿਲ੍ਹਾ ਮੋਗਾ) ਸਥਿਤ ਗੁਰਦੁਆਰਾ ਸੰਤ ਖਾਲਸਾ, ਜੋ ਕਿ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਦਾ ਜਨਮ ਅਸਥਾਨ ਹੈ, ਵਿਖੇ ਸਲਾਨਾ ਗੁਰਮਤਿ ਸਮਾਗਮਾਂ ਦੀ ਭਾਵਪੂਰਨ ਸ਼ੁਰੂਆਤ ਹੋ ਗਈ ਹੈ। ਇਹ ਧਾਰਮਿਕ ਸਮਾਗਮ 18 ਫਰਵਰੀ ਤੋਂ 22 ਫਰਵਰੀ ਤੱਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਏ ਜਾ ਰਹੇ ਹਨ । ਸਮਾਗਮਾਂ ਵਿੱਚ ਪ੍ਰਸਿੱਧ ਰਾਗੀ ਜਥੇ, ਢਾਡੀ ਜਥੇ ਅਤੇ ਕਥਾਵਾਚਕ ਗੁਰਬਾਣੀ ਕੀਰਤਨ ਅਤੇ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਦੂਰ-ਦੂਰ ਤੋਂ ਸੰਗਤਾਂ ਨਤਮਸਤਕ ਹੋਣ ਲਈ ਪਹੁੰਚ ਰਹੀਆਂ ਹਨ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਸਾਂਝੀਆਂ ਕਰ ਰਹੀਆਂ ਹਨ। ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਲਈ ਵਿਸ਼ਾਲ ਲੰਗਰ ਅਤੇ ਰਹਾਇਸ਼ ਦੇ ਖਾਸ ਇੰਤਜ਼ਾਮ ਕੀਤੇ ਗਏ ਹਨ। ਇਲਾਕੇ ਵਿੱਚ ਆਤਮਿਕ ਮਾਹੌਲ ਬਣਿਆ ਹੋਇਆ ਹੈ ਅਤੇ ਨਗਰ ਭਰ ਵਿੱਚ ਧਾਰਮਿਕ ਰੌਣਕ ਦੇ ਦਰਸ਼ਨ ਹੋ ਰਹੇ ਹਨ। ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ ਵੱਡੀ ਗਿਣਤੀ ਵਿੱਚ ਪਹੁੰਚ ਕੇ ਗੁਰੂ ਘਰ ਦੀਆਂ ਬਖ਼ਸ਼ਿਸ਼ਾਂ ਪ੍ਰਾਪਤ ਕਰਨ।

## ਅੰਮ੍ਰਿਤਧਾਰੀ ਗੁਰਸਿੱਖ ਦੀ ਦਸਤਾਰ ਉਤਾਰਨ, ਕੇਸ ਕਤਲ ਕਰਨ ਅਤੇ ਕੁੱਟਮਾਰ ਕਰਨ ਦੇ ਮਾਮਲੇ 'ਚ ਜਥੇਦਾਰ ਤਖਤ ਸ਼੍ਰੀ ਦਮਦਮਾ ਸਾਹਿਬ ਨੇ ਕੀਤੀ ਸਖਤ ਸ਼ਬਦਾਂ 'ਚ ਨਿਖੇਧੀ



**ਤਲਵੰਡੀ ਸਾਬੋ, 18 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਪਿੰਡ ਨੇਹੀਆਂਵਾਲਾ ਜ਼ਿਲ੍ਹਾ ਬਠਿੰਡਾ ਵਿਖੇ ਇੱਕ ਅੰਮ੍ਰਿਤਧਾਰੀ ਗੁਰਸਿੱਖ ਵਿਅਕਤੀ ਕਥਾ ਵਾਚਕ ਭਾਈ ਰਘਵੀਰ ਸਿੰਘ ਪੁੱਤਰ ਸਰਦੂਲ ਸਿੰਘ ਦੇ ਪਿੰਡ ਦੇ ਹੀ ਤਿੰਨ ਵਿਅਕਤੀਆਂ ਦੁਆਰਾ ਦਸਤਾਰ ਉਤਾਰਨ, ਕੇਸ ਕਤਲ ਕਰਨ ਅਤੇ ਕੁੱਟਮਾਰ ਕਰਨ ਦੇ ਮਾਮਲੇ ਦੀ ਮਾਣਯੋਗ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵੱਲੋਂ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਉਹਨਾਂ ਵੱਲੋਂ ਮਾਮਲੇ ਦੀ ਜਾਂਚ ਕਰਨ ਲਈ ਇੰਚਾਰਜ ਸਬ ਆਫ਼ਿਸ ਧਰਮ ਪ੍ਰਚਾਰ ਕਮੇਟੀ ਤਲਵੰਡੀ ਸਾਬੋ ਨੂੰ ਤੁਰੰਤ ਪੜ੍ਹਤਾਲ ਕਰਵਾਉਣ ਦਾ ਆਦੇਸ਼ ਕੀਤਾ। ਇੰਚਾਰਜ ਵੱਲੋਂ ਭਾਈ ਗੁਰਮੀਤ ਸਿੰਘ ਮੰਡੀ ਕਲਾਂ ਅਤੇ ਭਾਈ ਹਰਦੀਪ ਸਿੰਘ ਬੱਲੋ ਪ੍ਰਚਾਰਕ ਦੀ ਡਿਊਟੀ ਪੜ੍ਹਤਾਲ ਕਰਨ ਹਿੱਤ ਲਗਾਈ ਗਈ ਸੀ। ਪ੍ਰਚਾਰਕਾਂ ਨੇ ਤੁਰੰਤ ਪੜਤਾਲੀਆ ਰਿਪੋਰਟ ਸਿੰਘ ਸਾਹਿਬ ਜੀ ਨੂੰ ਸੌਂਪ ਦਿੱਤੀ। ਪੜਤਾਲ ਦੌਰਾਨ ਪਤਾ ਲੱਗਾ ਕਿ ਭਾਈ ਰਘਵੀਰ ਸਿੰਘ ਦੁਆਰਾ ਕਥਾ ਵਿਚਾਰ ਕਰਨ ਕਰਕੇ ਦੋਸ਼ੀ ਵਿਅਕਤੀ ਉਸ ਨਾਲ ਨਿੱਜੀ ਰੰਜਿਸ਼ ਰੱਖਦੇ ਸਨ। ਉਹਨਾਂ ਨੇ ਭਾਈ ਰਘਵੀਰ ਸਿੰਘ ਦੀ ਕੁੱਟਮਾਰ ਕਰਨ ਤੋਂ ਇਲਾਵਾ ਕੈਂਚੀ ਨਾਲ ਕੇਸਾਂ ਅਤੇ ਕਕਾਰਾਂ ਦੀ ਬੇਅਦਬੀ ਕੀਤੀ। ਜੋ ਕਿ ਬਹੁਤ ਹੀ ਨਿੰਦਣਯੋਗ ਹੈ। ਜਿਸ ਦੇ ਚੱਲਦਿਆਂ ਉਹਨਾਂ ਨੇ ਉਕਤ ਘਟਨਾਂ ਨੂੰ ਅੰਜਾਮ ਦਿੱਤਾ ਹੈ। ਦੋਸ਼ੀਆਂ ਉੱਪਰ ਥਾਣਾ ਨੇਹੀਆਂਵਾਲਾ ਵਿਖੇ ਧਾਰਾਵਾਂ 295 ਏ, 506, 323 ਅਤੇ 120 ਬੀ ਦੇ ਤਹਿਤ ਐਫ ਆਈ ਆਰ ਦਰਜ ਹੋ ਚੁੱਕੀ ਹੈ। ਦੋਸ਼ੀ ਮੌਕੇ ਤੋਂ ਭਗੌੜੇ ਹਨ। ਸਿੰਘ ਸਾਹਿਬ ਟੇਕ ਸਿੰਘ ਧਨੌਲਾ ਨੇ ਪ੍ਰਸਾਸਨ ਨੂੰ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਗ੍ਰਿਫਤਾਰ ਕਰਕੇ ਹੋਰ ਸਖਤ ਕਾਰਵਾਈ ਕਰਨ ਲਈ ਕਿਹਾ ਤਾਂ ਕਿ ਅੱਗੇ ਤੋਂ ਕੋਈ ਅਜਿਹੀ ਘਿਣਾਉਣੀ ਹਰਕਤ ਨਾ ਕਰ ਸਕੇ। ਉਹਨਾਂ ਕਿਹਾ ਕਿ ਅਸੀਂ ਪੀੜਤ ਦੇ ਨਾਲ ਹਾਂ ਅਤੇ ਉਸਨੂੰ ਇਨਸਾਫ ਦਿਵਾਉਣ ਲਈ ਹਰ ਸੰਭਵ ਕੋਸ਼ਿਸ਼ ਕਰਾਂਗੇ। ਉਹਨਾਂ ਵੱਲੋਂ ਮੌਕੇ ਦੀ ਸਰਕਾਰ ਨੂੰ ਵੀ ਸਖਤ ਸ਼ਬਦਾਂ ਵਿੱਚ ਤਾੜਨਾ ਕੀਤੀ ਕਿ ਅਹਿਜੀਆਂ ਸਿੱਖ ਵਿਰੋਧੀ ਘਟਨਾਵਾਂ ਨੂੰ ਰੋਕਿਆ ਜਾਵੇ।

## ਅਕਾਲੀ ਦਲ ਦੀ ਸਰਕਾਰ ਆਉਣ ਤੇ ਵਪਾਰੀਆਂ ਅਤੇ ਕਾਰੋਬਾਰੀਆਂ ਦੀਆਂ ਸਹੂਲਤਾਂ ਬਹਾਲ ਕਰਨ ਦਾ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਭਰੋਸਾ : ਮਰਵਾਹਾ

### ਪੰਜਾਬ ਫੇਰ ਬਣੇਗਾ ਪ੍ਰਗਤੀਸ਼ੀਲ ਸੂਬਾ : ਸੁਖਬੀਰ ਸਿੰਘ ਬਾਦਲ



**ਚੌਕ ਮਹਿਤਾ, 17 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਨੇ ਅੰਮ੍ਰਿਤਸਰ ਵਿਖੇ ਵਪਾਰੀਆਂ ਅਤੇ ਕਾਰੋਬਾਰੀਆਂ ਨਾਲ ਪਲੇਠੀ ਮੀਟਿੰਗ ਸ੍ਰ. ਰਜਿੰਦਰ ਸਿੰਘ ਮਰਵਾਹਾ ਕੋਰ ਕਮੇਟੀ ਮੈਂਬਰ ਦੀ ਅਗਵਾਈ ਹੇਠ ਸ੍ਰ ਸੁਰਜੀਤ ਸਿੰਘ ਜੀ ਭਲਵਾਨ ਪ੍ਰਧਾਨ ਅੰਮ੍ਰਿਤਸਰ ਸ਼ਹਿਰੀ ਜੀ ਦੇ ਗ੍ਰਹਿ ਵਿਖੇ ਕੀਤੀ। ਉੱਘੇ ਵਪਾਰੀ ਸ੍ਰ. ਉਪਕਾਰ ਸਿੰਘ ਪ੍ਰਭਾਤ ਆਟੋਜ਼, ਸੰਨ੍ਹੀ ਦਾਰਾ , ਹੋਟਲਰ ਅਤੇ ਹਰਪਾਲ ਸਿੰਘ ਆਹਲੂਵਾਲੀਆ ਸਨਅਤਕਾਰ ਵੱਲੋਂ ਕਾਨੂੰਨ ਵਿਵਸਥਾ , ਗੈਂਗਸਟਾਰ ਦੀਆਂ ਫਿਰੌਤੀਆ, ਵਿਗੜੇ ਪ੍ਰਬੰਧਕੀ ਢਾਂਚੇ ਕਾਰਨ ਆ ਰਹੀਆਂ ਦਰਪੇਸ਼ ਮੁਸ਼ਿਕਲਾਂ ਦਾ ਬਿਰਤਾਂਤ ਪੇਸ਼ ਕੀਤਾ। ਸ੍ਰ. ਬਾਦਲ ਨੇ ਯਕੀਨ ਦਿੱਤਾ ਕਿ ਪੰਜਾਬ ਵਿੱਚ 2027 ਵਿੱਚ ਪੰਜਾਬ ਦੇ ਵਪਾਰੀ ਅਤੇ ਉਦਯੋਗਪਤੀ, ਕਿਸਾਨ, ਕਿਰਤੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਗਠਿਤ ਕਰਨਗੇ । ਅਕਾਲੀ ਦਲ ਦੀ ਸਰਕਾਰ ਇੰਸਪੈਕਟਰੀ ਰਾਜ ਖਤਮ ਕਰਕੇ ਯਕਮੁਸ਼ਤ ਟੈਕਸ ਪ੍ਰਣਾਲੀ ਨੂੰ ਲਾਗੂ ਕਰਕੇ ਅਤੇ ਸਿੰਗਲ ਵਿੰਡੋ ਸਿਸਟਮ ਰਾਹੀਂ ਪੰਜਾਬ ਸੂਬੇ ਨੂੰ ਪ੍ਰਗਤੀ ਦੀਆਂ ਲੀਹਾਂ ਤੇ ਲੈ ਕੇ ਜਾਇਆ ਜਾਏਗਾ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੇ ਗਠਨ ਹੁੰਦਿਆਂ ਸਾਰ ਹੀ ਪੰਜਾਬ ਵਿੱਚ ਅਮਨ ਕਾਨੂੰਨ ਦੀ ਬਹਾਲੀ ਉਨ੍ਹਾਂ ਦਾ ਪ੍ਰਥਮ ਕਾਰਜ ਹੋਵੇਗਾ ਹਰਪ੍ਰੀਤ ਸਿੰਘ ਭਾਟੀਆ, , ਜੱਜਬੀਰ ਸਿੰਘ ਆਰਕੀਟੈਕਟ ਨੇ ਜੀ.ਐਸ.ਟੀ. ਰਿਫੰਡ ਸਬੰਧੀ ਮੁਸ਼ਿਕਲਾਂ ਦਾ ਜ਼ਿਕਰ ਕੀਤਾ, ਜਿਨ੍ਹਾਂ ਨੂੰ ਸ੍ਰ. ਬਾਦਲ ਨੇ ਆਪਣੀ ਸਰਕਾਰ ਆਉਣ ਉਪਰੰਤ ਹੱਲ ਕਰਨ ਦਾ ਯਕੀਨ ਦਿੱਤਾ। ਇਸ ਮੌਕੇ ਜਤਿੰਦਰਪਾਲ ਸਿੰਘ ,ਐਡਵੋਕੇਟ ਤੇਗ. ਬ੍ਰਦਰਜ਼, ਡਾ. ਅਮਰਜੀਤ ਸਿੰਘ ਸਚਦੇਵਾ , ਜਗਜੀਤ ਸਿੰਘ ਜੱਗਾ, ਅਰੁਨ ਸਿੰਘ , ਅਵਤਾਰ ਸਿੰਘ ਕਨੇਡਾ, ਵਿੱਕੀ ਰਾਜਾ ਸਾਂਸੀ, ਬਲੈਂਕਟਸ ਐਸੋਸੀਏਸ਼ਨ ਦੇ ਪ੍ਰਧਾਨ ਵਿਪਨ ਮਹਿਰਾ ਅਤੇ ਹੋਰ ਵੀ ਵਪਾਰੀ ਅਤੇ ਉਦਯੋਗਪਤੀ ਹਾਜ਼ਰ ਸਨ । ਸ੍ਰ. ਰਜਿੰਦਰ ਸਿੰਘ ਮਰਵਾਹਾ ਅਤੇ ਸ੍ਰ. ਹਰਪਾਲ ਸਿੰਘ ਆਹਲੂਵਾਲੀਆ ਨੇ ਸ੍ਰ. ਬਾਦਲ ਦਾ ਦੁਸ਼ਾਲਾ ਅਤੇ ਗੁਲਦਸਤਾ ਭੇਟ ਕਰਕੇ ਇਸਤਕਬਾਲ ਕੀਤਾ ਅਤੇ ਵਪਾਰੀਆਂ ਦੀਆਂ ਮੁਸਕਲਾਂ ਦੇ ਹੱਲ ਦਾ ਭਰੋਸਾ ਦੇਣ ਤੇ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਿੱਖ ਧਰਮ ਦੀ ਇਹ ਜਾਣਕਾਰੀ ਹਰ ਸਿੱਖ ਨੂੰ ਆਪਣੇ ਬੱਚੇ ਨੂੰ ਦੇਣੀ ਚਾਹੀਦੀ ਹੈ

ਪ੍ਰਸ਼ਨ:-ਸਿੱਖਾਂ ਦੇ ਦਸਾਂ ਗੁਰੂਆਂ ਦੇ ਨਾਂਮ ਕੀ ਸਨ ?
1. ਸ੍ਰੀ ਗੁਰੂ ਨਾਨਕ ਦੇਵ ਜੀ (1469 – 1539)
2. ਸ੍ਰੀ ਗੁਰੂ ਅੰਗਦ ਦੇਵ ਜੀ (1504 – 1552)
3. ਸ੍ਰੀ ਗੁਰੂ ਅਮਰ ਦਾਸ ਜੀ (1479 – 1574)
4. ਸ੍ਰੀ ਗੁਰੂ ਰਾਮ ਦਾਸ ਜੀ (1534 - 1581)
5. ਸ੍ਰੀ ਗੁਰੂ ਅਰਜਨ ਦੇਵ ਜੀ (1563 - 1606)
6. ਸ੍ਰੀ ਗੁਰੂ ਹਰਗੋਬਿੰਦ ਜੀ (1595 - 1644)
7. ਸ੍ਰੀ ਗੁਰੂ ਹਰ ਰਾਏ ਜੀ (1630 - 1661)
8. ਸ੍ਰੀ ਗੁਰੂ ਹਰਕ੍ਰਿਸ਼ਨ ਜੀ (1656 - 1664)
9. ਸ੍ਰੀ ਗੁਰੂ ਤੇਗ ਬਹਾਦੁਰ ਜੀ (1621 –1675)
10. ਸ੍ਰੀ ਗੁਰੂ ਗੋਬਿੰਦ ਸਿੰਘ ਜੀ (1666 - 1708) ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰਸ਼ਨ:-ਹੁਣ ਸਿੱਖਾਂ ਦੇ ਗੁਰੂ ਜੀ ਦਾ ਕੀ ਨਾਮ ਹੈ ?
ਉਤਰ:-ਸ੍ਰੀ ਗੁਰੂ ਗਰੰਥ ਸਾਹਿਬ ਜੀ ਅਤੇ ਗੁਰੂ ਪੰਥ ਖਾਲਸਾ ।
ਪ੍ਰਸ਼ਨ:-ਚਾਰ ਸਾਹਿਬਜਾਦੇ ਕੌਣ ਸਨ ?
ਉਤਰ:-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਪੁੱਤਰ ਸਨ ।
ਪ੍ਰਸ਼ਨ:-ਚਾਰ ਸਾਹਿਬਜਾਦਿਆਂ ਦੇ ਨਾਮ ਕੀ ਸਨ ?
1. ਬਾਬਾ ਅਜੀਤ ਸਿੰਘ ਜੀ (1687 –1704)
2. ਬਾਬਾ ਜੁਝਾਰ ਸਿੰਘ ਜੀ (1689 - 1704)
3. ਬਾਬਾ ਜੋਰਾਵਰ ਸਿੰਘ ਜੀ (1696 - 1704)
4. ਬਾਬਾ ਫਤਹਿ ਸਿੰਘ ਜੀ (1698 - 1704) ।
ਪ੍ਰਸ਼ਨ:-ਸਭ ਤੋਂ ਵੱਡੇ ਸਾਹਿਜਾਦੇ ਦਾ ਕੀ ਨਾਮ ਸੀ ?
ਉਤਰ:-ਬਾਬਾ ਅਜੀਤ ਸਿੰਘ ਜੀ ।
ਪ੍ਰਸ਼ਨ:-ਸਭ ਤੋਂ ਛੋਟੇ ਸਾਹਿਬਜਾਦੇ ਦਾ ਕੀ ਨਾਮ ਸੀ ?
ਉਤਰ:-ਬਾਬਾ ਫਤਹਿ ਸਿੰਘ ਜੀ ।
ਪ੍ਰਸ਼ਨ:-ਜਿੰਦਾ ਨੀਹਾਂ ਵਿਚ ਚਿਣੇ ਗਏ ਸਾਹਿਬਜਾਦਿਆਂ ਦੇ ਕੀ ਨਾਮ ਸਨ ?
1. ਬਾਬਾ ਫਤਹਿ ਸਿੰਘ ਜੀ ।
2. ਬਾਬਾ ਜੋਰਾਵਰ ਸਿੰਘ ਜੀ ।
ਪ੍ਰਸ਼ਨ:-ਚਮਕੌਰ ਦੀ ਜੰਗ ਵਿਚ ਸ਼ਹੀਦੀ ਪਾਉਣ ਵਾਲੇ ਸਾਹਿਬਜਾਦਿਆਂ ਦੇ ਨਾਮ ਕੀ ਸਨ ?
1. ਬਾਬਾ ਅਜੀਤ ਸਿੰਘ ਜੀ ।
2. ਬਾਬਾ ਜੁਝਾਰ ਸਿੰਘ ਜੀ ।
ਪ੍ਰਸ਼ਨ:-ਖਾਲਸਾ ਪੰਥ ਕਦੋਂ ਅਤੇ ਕਿੱਥੇ ਬਣਿਆਂ ?
ਉਤਰ:-ਇਹ 1699 ਦੀ ਵੈਸਾਖੀ (30 ਮਾਰਚ) ਨੂੰ ਸ੍ਰੀ ਕੇਸਗੜ੍ਹ ,ਅਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਬਣਾਇਆ ।
ਪ੍ਰਸ਼ਨ:-ਪੰਜਾਂ ਪਿਆਰਿਆਂ ਦੇ ਨਾਮ ਕੀ ਸਨ ?
1. ਭਾਈ ਦਇਆ ਸਿੰਘ ਜੀ ।
2. ਭਾਈ ਧਰਮ ਸਿੰਘ ਜੀ ।
3. ਭਾਈ ਹਿੰਮਤ ਸਿੰਘ ਜੀ ।
4. ਭਾਈ ਮੋਹਕਮ ਸਿੰਘ ਜੀ ।
5. ਭਾਈ ਸਾਹਿਬ ਸਿੰਘ ਜੀ ।
ਪ੍ਰਸ਼ਨ:-ਪੰਜ ਕਕਾਰ ਕਿਹੜੇ ਹਨ ਜੋ ਹਰ ਸਿੱਖ ਕੋਲ ਹੋਣੇ ਚਾਹੀਦੇ ਹਨ ?
ਉਤਰ:-1. ਕੇਸ 2. ਕੰਘਾ 3. ਕਿਰਪਾਨ 4. ਕਛਹਿਰਾ 5. ਕੜਾ
ਪ੍ਰਸ਼ਨ:-ਸਭ ਸਿੱਖਾਂ ਦੇ ਧਰਮ ਪਿਤਾ ਜੀ ਕੌਣ ਹਨ ?
ਉਤਰ:-ਸ੍ਰੀ ਗੁਰੂ ਗੋਬਿੰਦ ਸਿੰਘ ਜੀ ।
ਪ੍ਰਸ਼ਨ:-ਸਭ ਸਿੱਖਾਂ ਦੀ ਧਰਮ ਮਾਤਾ ਜੀ ਕੌਣ ਹਨ ?
ਉਤਰ:-ਮਾਤਾ ਸਾਹਿਬ ਕੌਰ ਜੀ ।
ਪ੍ਰਸ਼ਨ:-ਸਭ ਖਾਲਸੇ ਦਾ ਜਨਮ ਅਸਥਾਨ ਕਿਹੜਾ ਹੈ ?
ਉਤਰ:-ਸ੍ਰੀ ਅਨੰਦਪੁਰ ਸਾਹਿਬ ਜੀ ।
ਪ੍ਰਸ਼ਨ:-ਸਿੱਖ ਇਕ ਦੂਜੇ ਨੂੰ ਮਿਲਣ ਵੇਲੇ ਕੀ ਬੋਲਦੇ ਹਨ ?
ਉਤਰ:-ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ ।
ਪ੍ਰਸ਼ਨ:-ਸਿੱਖਾਂ ਦਾ ਜੈਕਾਰਾ ਕੀ ਹੈ ?
ਉਤਰ:- ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ।
ਪ੍ਰਸ਼ਨ:-'ਸਿੱਖ' ਸ਼ਬਦ ਦਾ ਕੀ ਅਰਥ ਹੈ ?
ਉਤਰ:-ਸਿੱਖਣ ਵਾਲਾ, ਸ਼ਿੱਸ਼, ਸ਼ਿਗਰਦ ਆਦਿ ।
ਪ੍ਰਸ਼ਨ:-'ਸਿੰਘ' ਸ਼ਬਦ ਦਾ ਕੀ ਅਰਥ ਹੈ ?
ਉਤਰ:-ਸ਼ੇਰ ।
ਪ੍ਰਸ਼ਨ:-'ਕੌਰ' ਸ਼ਬਦ ਦਾ ਕੀ ਅਰਥ ਹੈ ?
ਉਤਰ:-ਸ਼ਿਹਜਾਦੀ ।
ਪ੍ਰਸ਼ਨ:-ਸਿੱਖਾਂ ਦੇ ਪੰਜਾਂ ਤਖਤਾਂ ਦੇ ਨਾਮ ਕੀ ਹਨ ?
1. ਸ੍ਰੀ ਅਕਾਲ ਤਖਤ ਸਾਹਿਬ, ਅੰਮ੍ਰਿਤਸਰ ।
2. ਸ੍ਰੀ ਹਰਮੰਦਿਰ ਸਾਹਿਬ ਪਟਨਾ, ਪਟਨਾ ਸਾਹਿਬ ।
3. ਸ੍ਰੀ ਕੇਸਗੜ੍ਹ ਸਾਹਿਬ, ਅਨੰਦਪੁਰ ਸਾਹਿਬ ।
4. ਸ੍ਰੀ ਹਜੂਰ ਸਾਹਿਬ, ਨੰਦੇੜ ।
5. ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ।
ਪ੍ਰਸ਼ਨ:-'ਗੁਰਮੁਖੀ ਲਿਪੀ' ਕਿਸ ਗੁਰੂ ਨੇ ਪੜ੍ਹਾਉਣੀ ਸ਼ੁਰੂ ਕੀਤੀ ?
ਉਤਰ:-ਸ੍ਰੀ ਗੁਰੂ ਅੰਗਦ ਦੇਵ ਜੀ ।
ਪ੍ਰਸ਼ਨ:-ਕਿਸ ਗੁਰੂ ਨੇ ਲੰਗਰ ਦੀ ਪ੍ਰਥਾ ਸ਼ੁਰੂ ਕੀਤੀ ?
ਉਤਰ:-ਸ੍ਰੀ ਗੁਰੂ ਅਮਰ ਦਾਸ ਜੀ ।
ਪ੍ਰਸ਼ਨ:-ਕਿਸ ਗੁਰੂ ਨੇ ਅੰਮ੍ਰਿਤਸਰ ਵਿਚ ਸਰੋਵਰ ਬਣਵਾਇਆ ?
ੳ:-ਸ੍ਰੀ ਗੁਰੂ ਰਾਮ ਦਾਸ ਜੀ ।
ਪ੍ਰਸ਼ਨ:-ਕਿਸ ਗੁਰੂ ਨੇ ਹਰਿਮੰਦਰ ਸਾਹਿਬ ਬਣਵਾਕੇ ਸਿੱਖਾਂ ਨੂੰ ਪੂਜਾ ਦਾ ਕੇਂਦਰੀ ਅਸਥਾਨ ਦਿੱਤਾ ?
ਉਤਰ:-ਸ੍ਰੀ ਗੁਰੂ ਅਰਜਨ ਦੇਵ ਜੀ ।
ਪ੍ਰਸ਼ਨ:-ਕਿਸ ਨੇ ਸਭ ਤੋਂ ਪਹਿਲਾਂ ਹਰਿਮੰਦਰ ਸਾਹਿਬ ਤੇ ਸੋਨੇ ਦੀ ਝਾਲ ਵਾਲੇ ਤਾਂਬੇ ਦੇ ਪੱਤਰੇ ਲਗਵਾਏ ?
ਉਤਰ:-ਮਹਾਰਾਜਾ ਰਣਜੀਤ ਸਿੰਘ ।
ਪ੍ਰਸ਼ਨ:-'ਆਦਿ ਗਰੰਥ (ਪੋਥੀ ਸਾਹਿਬ), ਸਭ ਤੋਂ ਪਹਿਲਾਂ ਕਿਸ ਨੇ ਤਿਆਰ ਕੀਤੀ ?
ਉਤਰ:-ਸ੍ਰੀ ਗੁਰੂ ਅਰਜਨ ਦੇਵ ਜੀ ।
ਪ੍ਰਸ਼ਨ:-ਸ੍ਰੀ ਗੁਰੂ ਗਰੰਥ ਸਾਹਿਬ ਦੀ ਹਰਿਮੰਦਰ ਸਾਹਿਬ ਵਿਚ ਸਥਾਪਨਾ ਕਦੋਂ ਹੋਈ ?
ਉਤਰ:-1604 1. 4. ।
ਪ੍ਰਸ਼ਨ:-ਸ੍ਰੀ ਗੁਰੂ ਗਰੰਥ ਸਾਹਿਬ ਜੀ ਦੇ ਪਹਿਲੇ ਗਰੰਥੀ ਕਿਸ ਨੂੰ ਥਾਪਿਆ ਗਿਆ ਸੀ ?
ਉਤਰ:-ਬਾਬਾ ਬੁੱਢਾ ਸਾਹਿਬ ਜੀ ।
ਪ੍ਰਸ਼ਨ:-ਸ੍ਰੀ ਗੁਰੂ ਗਰੰਥ ਸਾਹਿਬ ਜੀ ਦਾ ਪਹਿਲਾ ਉਤਾਰਾ ਕਿੱਥੇ ਰਖਿਆ ਗਿਆ ?
ਉਤਰ:-ਕਰਤਾਰਪੁਰ ਸਾਹਿਬ ।
ਪ੍ਰਸ਼ਨ:-ਸ੍ਰੀ ਗੁਰੂ ਗਰੰਥ ਸਾਹਿਬ ਜੀ ਦੇ ਛਪਾਈ ਵਿਚ ਕਿੰਨੇ ਪੱਤਰੇ ਹਨ ?
ਉਤਰ:-1430 ਪੰਨੇ ।
ਪ੍ਰਸ਼ਨ:-ਸ੍ਰੀ ਗੁਰੂ ਗਰੰਥ ਸਾਹਿਬ ਵਿਚ ਕਿੰਨੇ ਗੁਰੂਆਂ ਦੀ ਬਾਣੀ ਦਰਜ ਹੈ ?
ਉਤਰ:-ਛੇ ਗੁਰੂਆਂ ਦੀ, ਪਹਿਲੇ ਪੰਜ ਤੇ ਨਾਵੇਂ ਗੁਰੂ ਜੀ ।
ਪ੍ਰਸ਼ਨ:-ਸ੍ਰੀ ਗੁਰੂ ਗਰੰਥ ਸਾਹਿਬ ਜੀ ਨੂੰ ਗੁਰੂਗੱਦੀ ਕਦੋਂ ਮਿਲੀ ?
ਉਤਰ:-3 ਅਕਤੂਬਰ, 1708 1.4.
ਪ੍ਰਸ਼ਨ:-ਕਿਸ ਗੁਰੂ ਨੂੰ ਤੱਤੀ ਤਵੀ ਤੇ ਬੈਠਾ ਕੇ ਸੜਦੀ ਰੇਤ ਸਰੀਰ ਤੇ ਪਾਈ ਗਈ ?
ਉਤਰ:-ਸ੍ਰੀ ਗੁਰੂ ਅਰਜਨ ਦੇਵ ਜੀ ।
ਪ੍ਰਸ਼ਨ:-ਕਿਸ ਗੁਰੂ ਨੂੰ ਸ਼ਹੀਦਾਂ ਦੇ ਸਰਤਾਜ ਕਿਹਾ ਗਿਆ ?
ਉਤਰ:-ਸ੍ਰੀ ਗੁਰੂ ਅਰਜਨ ਦੇਵ ਜੀ ਕਿਉਂਕਿ ਉਹ ਸਿੱਖ ਇਤਹਾਸ ਦੇ ਪਹਿਲੇ ਸ਼ਹੀਦ ਸਨ ।
ਪ੍ਰਸ਼ਨ:-'ਮੀਰੀ - ਪੀਰੀ' ਦਾ ਸਬੰਧ ਕਿਸ ਗੁਰੂ ਨਾਲ ਹੈ ?
ਉਤਰ:-ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ।
ਪ੍ਰਸ਼ਨ:-ਕਿਸ ਗੁਰੂ ਜੀ ਨੇ ਹਿੰਦ ਦੀ ਖਾਤਰ ਸਹਾਦਤ ਦਿਤੀ ਸੀ ?
ਉਤਰ:-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ।
ਪ੍ਰਸ਼ਨ:-ਕਿਸ ਗੁਰੂ ਨੂੰ 'ਹਿੰਦ ਦੀ ਚਾਦਰ' ਕਿਹਾ ਗਿਆ ?
ਉਤਰ:-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਕਿਉਂਕਿ ਉਹਨਾਂ ਨੇ ਹਿੰਦੂ ਧਰਮ ਦੀ ਰਖਿਆ ਲਈ ਆਪਣੀ ਕੁਰਬਾਨੀ ਦਿੱਤੀ ।
ਪ੍ਰਸ਼ਨ:-'ਸਿਮਰਨ' ਦਾ ਕੀ ਅਰਥ ਹੈ ?
ਉਤਰ:-ਪ੍ਰਮਾਤਮਾਂ ਨੂੰ ਯਾਦ ਕਰਨਾ ।
ਪ੍ਰਸ਼ਨ:-ਸਿੱਖਾਂ ਦੀ ਵਿਆਹ ਦੀ ਰਸਮ ਨੂੰ ਕੀ ਕਹਿੰਦੇ ਹਨ ?
ਉਤਰ:-ਅਨੰਦਕਾਰਜ ।
ਪ੍ਰਸ਼ਨ:-ਸਿੱਖਾਂ ਦੀ ਸ਼ਾਦੀ ਵੇਲੇ ਕਿੰਨੀਆਂ 'ਲਾਵਾਂ' ਪੜ੍ਹੀਆਂ ਜਾਦੀਆਂ ਹਨ ?
ਉਤਰ:-ਚਾਰ ।
ਪ੍ਰਸ਼ਨ:- ਸਿੱਖ ਨੂੰ ਆਪਣੀ ਕਿਰਤ ਕਮਾਈ ਦਾ ਕਿੰਨਾ ਹਿੱਸਾ ਧਾਰਮਿਕ ਕੰਮਾਂ ਲਈ ਦਾਨ ਕਰਨ ਨੂੰ ਕਿਹਾ ਗਿਆ ਹੈ ?
ਉਤਰ:-ਦਸਵਾਂ ਹਿੱਸਾ (ਇਸਨੂੰ ਹੀ 'ਦਸਵੰਧ' ਕਿਹਾ ਗਿਆ ਹੈ)।
ਪ੍ਰਸ਼ਨ:-ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜਨਮ ਕਿੱਥੇ ਤੇ ਕਦੋਂ ਹੋਇਆ ?
ਉਤਰ:-15 ਅਪਰੈਲ, 1469, ਰਾਏ ਭੋਏ ਦੀ ਤਲਵੰਡੀ, (ਹੁਣ ਨਾਨਕਾਣਾ ਸਾਹਿਬ ), ਪਾਕਿਸਤਾਨ।
ਪ੍ਰਸ਼ਨ:-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮਾਤਾ ਪਿਤਾ ਦਾ ਕੀ ਨਾਮ ਸੀ ?
ਉਤਰ:-ਪਿਤਾ - ਕਲਿਆਣ ਦਾਸ ਜੀ।
ਮਾਤਾ - ਮਾਤਾ ਤਿਪ੍ਰਤਾ ਜੀ ।
ਪ੍ਰਸ਼ਨ:-ਬੇਬੇ ਨਾਨਕੀ ਅਤੇ ਭਾਈ ਜੈ ਰਾਮ ਜੀ ਕੌਣ ਸਨ ?
ਉਤਰ:-ਬੇਬੇ ਨਾਨਕੀ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵੱਡੀ ਭੇਣ ਸੀ ਅਤੇ ਭਾਈ ਜੈ ਰਾਮ ਜੀ ਉਸਦੇ ਪਤੀ ਸਨ ।
ਪ੍ਰਸ਼ਨ:-ਸ੍ਰੀ ਗੁਰੂ ਨਾਨਕ ਦੇਵ ਜੀ ਦੀ ਪਤਨੀ ਦਾ ਕੀ ਨਾਮ ਸੀ ?
ਉਤਰ:-ਮਾਤਾ ਸੁਲੱਖਣੀ ਜੀ ।
ਪ੍ਰਸ਼ਨ:-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਪੁਤੱਰਾਂ ਦਾ ਕੀ ਨਾਮ ਸੀ ?
ਉਤਰ:- ਸ੍ਰੀ ਚੰਦ ਤੇ ਲਖਮੀ ਦਾਸ
ਪ੍ਰਸ਼ਨ:-ਕਿਸ ਗੁਰੂ ਨੇ ਸਭ ਤੋਂ ਪਹਿਲਾ ਗੁਰਅਸਥਾਨ ਕਿੱਥੇ ਤੇ ਕਦੋਂ ਬਣਾਇਆ ?
ਉਤਰ:-ਸ੍ਰੀ ਗੁਰੂ ਨਾਨਕ ਦੇਵ ਜੀ ਨੇ ਪਹਿਲਾ ਗੁਰਦੁਆਰਾ 1521 ਨੂੰ ਕਰਤਾਰਪੁਰ ਵਿਖੇ ਬਣਾਇਆ ।
ਪ੍ਰਸ਼ਨ:-ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਯਾਤਰਾਵਾਂ ਨੂੰ ਕੀ ਕਿਹਾ ਜਾਂਦਾ ਹੈ ?
ਉਤਰ:-ਉਦਾਸੀਆਂ ।
ਪ੍ਰਸ਼ਨ:-ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਯਾਤਰਾ ਕਰਨ ਵਾਲੇ ਉਸ ਮੁਸਲਮਾਨ ਰਬਾਬੀ ਦਾ ਨਾਮ ਕੀ ਸੀ ?
ਉਤਰ:-ਭਾਈ ਮਰਦਾਨਾ ਜੀ ।
ਪ੍ਰਸ਼ਨ:-ਭਾਈ ਮਰਦਾਨਾ ਜੀ ਦੇ ਵੱਡੇ ਵਡੇਰੇ ਕਿੱਥੋਂ ਦੇ ਰਹਿਣ ਵਾਲੇ ਸਨ ?
ਉਤਰ:-ਬਾਬਾ ਬੁੱਢਾ ਜੀ ਦੇ ਨਗਰ ਰਮਦਾਸ ਦੇ
ਪ੍ਰਸ਼ਨ:-ਸ੍ਰੀ ਗੁਰੂ ਨਾਨਕ ਦੇਵ ਜੀ ਆਪਣੀਆਂ ਯਾਤਰਾਵਾਂ ਦੇ ਦੁਰਾਨ ਕਿਸ ਤਰਖਾਣ ਜਿਸਨੂੰ ਉਸ ਵੇਲੇ ਨੀਵੀਂ ਜਾਤ ਕਿਹਾ ਜਾਂਦਾ ਸੀ ਦੇ ਘਰ,
ਸੈਦਪੁਰ ਹੁਣ ਏਮਨਾਬਾਦ, ਪਾਕਿਸਤਾਨ, ਠਹਿਰੇ ਸਨ ?
ਉਤਰ:-ਭਾਈ ਲਾਲੋ ਜੀ ।
ਪ੍ਰਸ਼ਨ:-ਉਹ ਉੱਚੀ ਜਾਤ ਕਹਾਉਣ ਵਾਲਾ ਕੌਣ ਸੀ, ਜਿਸਦਾ ਭੋਜ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਖਾਣ ਤੋਂ ਇਨਕਾਰ ਕਰ ਦਿੱਤਾ ਸੀ ?
ਉਤਰ:-ਮਲਿਕ ਭਾਗੋ ।
ਪ੍ਰਸ਼ਨ:-ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸੱਭ ਤੋਂ ਪਹਿਲਾ ਪ੍ਰਚਾਰਕ ਅਸਥਾਨ (ਮੰਜੀ ਸਾਹਿਬ) ਕਿੱਥੇ ਸਥਾਪਤ ਕੀਤਾ ?
ਉਤਰ:-ਭਾਈ ਲਾਲੋ ਦੇ ਘਰ, ਸੈਦਪੁਰ (ਹੁਣ ਏਮਨਾਬਾਦ, ਪਾਕਿਸਤਾਨ ) ਨੂੰ ਪਹਿਲਾ ਪ੍ਰਚਾਰਕ ਅਸਥਾਨ (ਮੰਜੀ ਸਾਹਿਬ) ਬਣਾਇਆ ਗਿਆ ।
ਪ੍ਰਸ਼ਨ:-ਪਜੋਗਸ਼ਨਗੀ ਗੋਰਖਨਾਥ ਦੇ ਟੋਲੇ ਦੇ ਅਸਥਾਨ ਨੂੰ ਕੀ ਕਹਿਦੇ ਸਨ ?
ਉਤਰ:-ਗੋਰਖਮੱਤਾ ਜੋ ਅੱਜਕਲ ਨਾਨਕਮੱਤਾ ਕਰਕੇ ਜਾਣਿਆ ਜਾਂਦਾ ਹੈ।
ਪ੍ਰਸ਼ਨ:-ਸ੍ਰੀ ਗੁਰੂ ਨਾਨਕ ਦੇਵ ਜੀ ਸਿੱਧਾਂ ਨੂੰ ਕਿਸ ਪਰਬਤ ਤੇ ਮਿਲੇ ਸਨ ?
ਉਤਰ:-ਕੈਲਾਸ਼ ਪਰਬਤ ਜਿਸਨੂੰ ਸੁਮੇਰ ਪਰਬਤ ਵੀ ਕਿਹਾ ਜਾਂਦਾ ਸੀ ।
ਪ੍ਰਸ਼ਨ:-ਸ੍ਰੀ ਗੁਰੂ ਨਾਨਕ ਦੇਵ ਜੀ ਦੀ ਸਿੱਧਾਂ ਨਾਲ ਹੋਈ ਵਾਰਤਾਲਾਪ ਨੂੰ ਸ੍ਰੀ ਗੁਰੂ ਗਰੰਥ ਸਾਹਿਬ ਵਿਚ ਕੀ ਨਾਮ ਦਿੱਤਾ ਗਿਆ ਹੈ ?
ਉਤਰ:-ਸਿੱਧ ਗੋਸ਼ਟ ।
ਪ੍ਰਸ਼ਨ:-ਸ੍ਰੀ ਗੁਰੂ ਨਾਨਕ ਦੇਵ ਜੀ ਅਸਾਮ ਯਾਤਰਾ ਦੁਰਾਨ ਕਿਸ ਰਾਖਸ਼ ਨੂੰ ਮਿਲੇ ਸਨ ?
ਉਤਰ:-ਕਾਉਡਾ ਰਾਖਸ਼ ।
ਪ੍ਰਸ਼ਨ:-ਸ੍ਰੀ ਗੁਰੂ ਨਾਨਕ ਦੇਵ ਜੀ ਸੰਗਲਦੀਪ (ਸ੍ਰੀ ਲੰਕਾ) ਦੀ ਯਾਤਰਾ ਦੁਰਾਨ ਕਿਸ ਨੂੰ ਮਿਲੇ ਸਨ ?
ਉਤਰ:-ਰਾਜਾ ਸ਼ਿਵ ਨਾਭ ।
ਪ੍ਰਸ਼ਨ:-ਭਾਰਤ ਵਿਚ ਮੁਗਲ ਰਾਜ ਦਾ ਬਾਨੀ ਕੌਣ ਸੀ ?
ਉਤਰ:-ਬਾਬਰ ।
ਪ੍ਰਸ਼ਨ:-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਸਮੇ ਕਿਸ ਮੁਗਲ ਰਾਜੇ ਦਾ ਰਾਜ ਸੀ ?
ਉਤਰ:-ਬਾਬਰ ।
ਪ੍ਰਸ਼ਨ:-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਬਾਬਰ ਦੇ ਜੁਲਮਾਂ ਬਾਰੇ ਸ਼ਬਦਾਂ ਦੇ ਸੰਗ੍ਰਹਿ ਦਾ ਕੀ ਨਾਮ ਹੈ ?
ਉਤਰ:-ਬਾਬਰ ਬਾਣੀ ।
ਪ੍ਰਸ਼ਨ:-ਬਾਬਰ ਨੇ ਹਮਲੇ ਤੋਂ ਬਾਅਦ ਸ੍ਰੀ ਗੁਰੂ ਨਾਨਕ ਦੇਵ ਜੀ ਨੂੰ ਕੈਦ ਵਿੱਚ ਕਿੱਥੇ ਰੱਖਿਆ ਸੀ ?
ਉਤਰ:-ਸੈਦਪੁਰ, (ਹੁਣ ਏਮਨਾਬਾਦ), ਪਾਕਿਸਤਾਨ ।
ਪ੍ਰਸ਼ਨ:-ਸ੍ਰੀ ਗੁਰੂ ਨਾਨਕ ਦੇਵ ਜੀ ਵਲੀ ਕੰਧਾਰੀ ਨੂੰ ਕਿੱਥੇ ਮਿਲੇ ਸਨ ?
ਉਤਰ:-ਹਸਨ ਅਬਦਾਲ, ਹੁਣ ਪਾਕਿਸਤਾਨ ।
ਪ੍ਰਸ਼ਨ:-ਇਸ ਅਸਥਾਨ ਤੇ ਗੁਰਦੁਆਰਾ ਸਾਹਿਬ ਦਾ ਕੀ ਨਾਮ ਹੈ ?
ਉਤਰ:-ਪੰਜਾ ਸਾਹਿਬ ।
ਪ੍ਰਸ਼ਨ:-ਸ੍ਰੀ ਗੁਰੂ ਨਾਨਕ ਦੇਵ ਜੀ ਕਿੱਥੇ ਤੇ ਕਦੋਂ ਜੋਤੀ ਜੋਤ ਸਮਾਏ ?
ਉਤਰ:-1539 ਨੂੰ ਸ੍ਰੀ ਕਰਤਾਰਪੁਰ ਸਾਹਿਬ, ਹੁਣ ਪਾਕਿਸਤਾਨ ।
ਪ੍ਰਸ਼ਨ:-ਜੋਤੀ ਜੋਤ ਸਮਾਉਣ ਸਮੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਉਮਰ ਕਿੰਨੀ ਸੀ ?
ਉਤਰ:-70 (ਸੱਤਰ ) ਸਾਲ ।
ਪ੍ਰਸ਼ਨ:-ਸ੍ਰੀ ਗੁਰੂ ਅੰਗਦ ਦੇਵ ਜੀ ਦਾ ਜਨਮ ਕਦੋਂ ਹੋਇਆ ?
ਉਤਰ:-ਸੰਨ 1504 ਨੂੰ ।
ਪ੍ਰਸ਼ਨ:-ਸ੍ਰੀ ਗੁਰੂ ਅੰਗਦ ਦੇਵ ਜੀ ਦਾ ਅਸਲੀ ਨਾਮ ਕੀ ਸੀ ?
ਉਤਰ:-ਭਾਈ ਲੈਹਣਾ ?
ਪ੍ਰਸ਼ਨ:-ਭਾਈ ਲੈਹਣਾ ਜੀ ਦੇ ਪਿਤਾ ਜੀ ਦਾ ਕੀ ਨਾਮ ਸੀ ?
ਉਤਰ:-ਭਾਈ ਫੇਰੂ ਜੀ ।
ਪ੍ਰਸ਼ਨ:-ਮਾਤਾ ਖੀਵੀ ਜੀ ਕੌਣ ਸਨ ?
ਉਤਰ:-ਸ੍ਰੀ ਗੁਰੂ ਅੰਗਦ ਦੇਵ ਜੀ ਦੀ ਧਰਮ ਪਤਨੀ, ਸਿਰਫ ਉਹਨਾਂ ਦਾ ਹੀ ਨਾਮ ਸ੍ਰੀ ਗੁਰੂ ਗਰੰਥ ਸਾਹਿਬ ਵਿਚ ਦਰਜ ਕੀਤਾ ਗਿਆ ਹੈ ।
ਪ੍ਰਸ਼ਨ:-ਸ੍ਰੀ ਗੁਰੂ ਅੰਗਦ ਦੇਵ ਜੀ ਦੇ ਬੱਚਿਆਂ ਦੇ ਕੀ ਨਾਮ ਸਨ ?
ਉਤਰ:-ਪੁੱਤਰ -ਭਾਈ ਦਾਤੂ ਜੀ ਤੇ ਭਾਈ ਦਾਸੂ ਜੀ ।
ਪੁੱਤਰੀਆਂ- ਬੀਬੀ ਅਮਰੋ ਜੀ ਤੇ ਬੀਬੀ ਅਨੋਖੀ ਜੀ ।
ਪ੍ਰਸ਼ਨ:-ਸ੍ਰੀ ਗੁਰੂ ਅੰਗਦ ਦੇਵ ਜੀ ਨੂੰ ਗੁਰਗੱਦੀ ਕਦੋਂ ਪ੍ਰਾਪਤ ਹੋਈ ?
ਉਤਰ:-ਸੰਨ 1539 ਨੂੰ ।
ਪ੍ਰਸ਼ਨ:-ਸ੍ਰੀ ਗੁਰੂ ਅੰਗਦ ਦੇਵ ਜੀ ਕਿੱਥੇ ਰਹਿੰਦੇ ਸਨ ਜਦੋਂ ਗੁਰੂ ਅਮਰਦਾਸ ਜੀ ਉਹਨਾਂ ਦੀ ਸੇਵਾ ਕਰਦੇ ਸਨ ?
ਉਤਰ:-ਖਡੂਰ ਸਾਹਿਬ ।
ਪ੍ਰਸ਼ਨ:ਹਮਾਯੂੰ ਕੌਣ ਸੀ ਅਤੇ ਉਹ ਸ੍ਰੀ ਗੁਰੂ ਅੰਗਦ ਦੇਵ ਜੀ ਪਾਸ ਕਿਉਂ ਆਇਆ ਸੀ ?
ਉਤਰ:-ਹਮਾਯੂੰ ਬਾਬਰ ਦਾ ਪੁੱਤਰ ਸੀ, ਉਹ ਸ਼ੇਰ ਸ਼ਾਹ ਸੂਰੀ ਤੋਂ ਹਾਰ ਜਾਣ ਦੇ ਬਾਅਦ, ਭੱਜਦਾ ਹੋਇਆ ਲਾਹੌਰ ਰਾਹੀਂ ਭਾਰਤ ਆਇਆ ਅਤੇ ਗੁਰੂ ਜੀ ਨੂੰ ਮਿਲਨ ਅਤੇ ਅਸ਼ੀਰਵਾਦ ਪ੍ਰਾਪਤ ਕਰਨ ਲਈ ਠਹਿਰ ਗਿਆ ।
ਪ੍ਰਸ਼ਨ:-ਸ੍ਰੀ ਗੁਰੂ ਅੰਗਦ ਦੇਵ ਜੀ ਕਦੋਂ ਜੋਤੀ ਜੋਤ ਸਮਾਏ ?
ਉਤਰ:-ਸੰਨ 1552 ਨੂੰ ।
ਪ੍ਰਸ਼ਨ:-ਸ੍ਰੀ ਗੁਰੂ ਅਮਰ ਦਾਸ ਜੀ ਦਾ ਜਨਮ ਕਦੋਂ ਹੋਇਆ ?
ਉਤਰ:-ਸੰਨ 1479 ਈ: ਨੂੰ ।
ਪ੍ਰਸ਼ਨ:-ਸ੍ਰੀ ਗੁਰੂ ਅਮਰ ਦਾਸ ਜੀ ਦੇ ਮਾਤਾ-ਪਿਤਾ ਜੀ ਦੇ ਕੀ ਨਾਮ ਸਨ ?
ਉਤਰ:-ਪਿਤਾ - ਭਾਈ ਤੇਜ ਭਾਨ ਜੀ ਅਤੇ ਮਾਤਾ ਲ਼ਖਮੀ ਜੀ ।
ਪ੍ਰਸ਼ਨ:-ਸ੍ਰੀ ਗੁਰੂ ਅਮਰ ਦਾਸ ਜੀ ਦੀ ਧਰਮ ਪਤਨੀ ਦਾ ਕੀ ਨਾਮ ਸੀ ?
ਉਤਰ:-ਬੀਬੀ ਮਾਨਸਾ ਦੇਵੀ ਜੀ ।
ਪ੍ਰਸ਼ਨ:-ਸ੍ਰੀ ਗੁਰੂ ਅਮਰ ਦਾਸ ਜੀ ਦੇ ਬੱਚਿਆਂ ਦੇ ਕੀ ਨਾਮ ਸਨ ?
ਉਤਰ:-ਪੁੱਤਰ - ਬਾਬਾ ਮੋਹਨ ਜੀ ਅਤੇ ਬਾਬਾ ਮੋਹਰੀ ਜੀ ।
ਪੁੱਤਰੀਆਂ - ਬੀਬੀ ਦਾਨੀ ਜੀ ਅਤੇ ਬੀਬੀ ਭਾਨੀ ਜੀ ।
ਪ੍ਰਸ਼ਨ:-ਬੀਬੀ ਅਮਰੋ ਜੀ ਕੌਣ ਸਨ ?
ਪ੍ਰਸ਼ਨ:-ਬੀਬੀ ਅਮਰੋ ਜੀ ਸ੍ਰੀ ਗੁਰੂ ਅੰਗਦ ਦੇਵ ਜੀ ਦੀ ਸਪੁੱਤਰੀ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਭਰਾ ਦੀ ਨੂੰਹ ਸੀ ।
ਪ੍ਰਸ਼ਨ:-ਸ੍ਰੀ ਗੁਰੂ ਅਮਰ ਦਾਸ ਜੀ ਦੀ ਉਮਰ ਕਿੰਨੀ ਸੀ ਜਦੋਂ ਉਹ ਸ੍ਰੀ ਗੁਰੂ ਅੰਗਦ ਦੇਵ ਜੀ ਨੂੰ ਮਿਲੇ ਸਨ ?
ਉਤਰ:-61 ਸਾਲ ।
ਪ੍ਰਸ਼ਨ:-ਸ੍ਰੀ ਗੁਰੂ ਅਮਰ ਦਾਸ ਜੀ ਨੇ ਸ੍ਰੀ ਗੁਰੂ ਅੰਗਦ ਦੇਵ ਜੀ ਦੀ ਕਿੰਨੇ ਸਾਲ ਸੇਵਾ ਕੀਤੀ ?
ਉਤਰ:-12 ਸਾਲ ।
ਪ੍ਰਸ਼ਨ:-ਸ੍ਰੀ ਗੁਰੂ ਅਮਰ ਦਾਸ ਜੀ ਕਿਹੜੇ ਦਰਿਆ ਤੋਂ ਪਾਣੀ ਲਿਆ ਕੇ ਸ੍ਰੀ ਗੁਰੂ ਅੰਗਦ ਦੇਵ ਜੀ ਨੂੰ ਇਸ਼ਨਾਨ ਕਰਾਂਦੇ ਸਨ ?
ਉਤਰ:-ਦਰਿਆ ਬਿਆਸ ।
ਪ੍ਰਸ਼ਨ:-ਸ੍ਰੀ ਗੁਰੂ ਅਮਰਦਾਸ ਜੀ ਨੂੰ ਗੁਰ ਗੱਦੀ ਕਦੋਂ ਪ੍ਰਾਪਤ ਹੋਈ ?
ਉਤਰ:-ਸੰਨ 1552 ।
ਪ੍ਰਸ਼ਨ:-ਸ੍ਰੀ ਗੁਰੂ ਅੰਗਦ ਦੇਵ ਜੀ ਦੇ ਵੱਡੇ ਸਪੁੱਤਰ ਦਾ ਕੀ ਨਾਮ ਸੀ ਜਿਸਨੇ ਸ੍ਰੀ ਗੁਰੂ ਅਮਰ ਦਾਸ ਜੀ ਨੂੰ ਲੱਤ ਮਾਰੀ ਸੀ ?
ਉਤਰ:-ਭਾਈ ਦਾਤੂ ਜੀ ।
ਪ੍ਰਸ਼ਨ:-ਸ੍ਰੀ ਗੁਰੂ ਅਮਰ ਦਾਸ ਜੀ ਨੇ ਗੁਰ ਗੱਦੀ ਮਿਲਣ ਤੋਂ ਬਾਅਦ ਕਿਹੜਾ ਨਗਰ ਵਸਾਇਆ ?
ਉਤਰ:-ਗੋਇੰਦਵਾਲ ਸਾਹਿਬ ।
ਪ੍ਰਸ਼ਨ:-ਬਾਉਲੀ ਕਿਸ ਨੂੰ ਕਹਿੰਦੇ ਹਨ ?
ਉਤਰ:-ਐਸਾ ਖੂਹ ਜਿਸਦੇ ਪਾਣੀ ਤਲ ਤੱਕ ਪਾਉੜੀਆਂ ਬਣੀਆਂ ਹੋਣ ।
ਪ੍ਰਸ਼ਨ:-ਸ੍ਰੀ ਗੁਰੂ ਅਮਰ ਦਾਸ ਜੀ ਨੇ ਗੋਇੰਦਵਾਲ ਵਿਚ 84 ਪਾਉੜੀਆਂ ਵਾਲੀ ਬਾਉਲੀ ਕਦੋਂ ਤਿਆਰ ਕਰਵਾਈ ?
ਉਤਰ:-ਸੰਨ 1559 ਨੂੰ ।
ਪ੍ਰਸ਼ਨ:-ਮਸੰਦਾਂ (ਪ੍ਰਚਾਰਕਾਂ ) ਦੀ ਪ੍ਰਥਾ ਕਿਸਨੇ ਚਲਾਈ ?
ਉਤਰ:-ਸ੍ਰੀ ਗੁਰੂ ਅਮਰ ਦਾਸ ਜੀ ।
ਪ੍ਰਸ਼ਨ:-ਬਾਦਸ਼ਾਹ ਅਕਬਰ ਸ੍ਰੀ ਗੁਰੂ ਅਮਰਦਾਸ ਜੀ ਪਾਸ ਕਦੋਂ ਆਇਆ ਸੀ ।
ਉਤਰ:-ਸੰਨ 1567 ਨੂੰ ।
ਪ੍ਰਸ਼ਨ:-ਸ੍ਰੀ ਗੁਰੂ ਅਮਰਦਾਸ ਜੀ ਨੇ ਲੰਗਰ ਵਾਸਤੇ ਬਾਦਸ਼ਾਹ ਅਕਬਰ ਦੀ ਕੁਝ ਪਿੰਡਾਂ ਦੀ ਜਾਗੀਰ ਦੀ ਕਮਾਈ ਨੂੰ ਨਾਂਹ ਕਿਉਂ ਕੀਤੀ ਸੀ ?
ਉਤਰ:-ਕਿਉਂਕਿ ਲੰਗਰ ਸੰਗਤ ਵੱਲੋਂ ਸੰਗਤ ਦੇ ਦਾਨ ਨਾਲ ਹੀ ਚੱਲਣਾ ਚਾਹੀਦਾ ਹੈ ।
ਪ੍ਰਸ਼ਨ:-ਸ੍ਰੀ ਗੁਰੂ ਅਮਰਦਾਸ ਜੀ ਦੇ ਦਰਸ਼ਨ ਕਰਨ ਤੋਂ ਪਹਿਲਾਂ ਕੀ ਕਰਨਾ ਜਰੂਰੀ ਸੀ ?
ਉਤਰ:-ਸੰਗਤ ਵਿਚ ਬੈਠ ਕੇ ਗੁਰੂ ਦਾ ਲੰਗਰ ਛੱਕਣਾ ।
ਪ੍ਰਸ਼ਨ:-ਕਿਹੜੇ ਤਿਨ ਖਾਸ ਦਿਨ ਹਨ ਜੱਦੋਂ ਸ੍ਰੀ ਗੁਰੂ ਅਮਰਦਾਸ ਜੀ ਨੇ ਸਾਰੇ ਸਿੱਖਾਂ ਨੂੰ ਇਕੱਠੇ ਹੋ ਕੇ ਗੁਰੂ ਦੇ ਬਚਨ ਸੁਣਨ ਲਈ ਹੁਕਮ ਕੀਤਾ ਸੀ ?
ਉਤਰ:-ਵਿਸਾਖੀ ( 13 ਅਪ੍ਰੈਲ), ਮਾਘੀ (ਮਾਘ ਮਹੀਨੇ ਦਾ ਪਹਿਲਾ ਦਿਨ) ਅਤੇ ਦਿਵਾਲੀ (ਦੀਵੇ ਜਗਾਉਣ ਦਾ ਤਿਉਹਾਰ) ।
ਪ੍ਰਸ਼ਨ:-ਸ੍ਰੀ ਗੁਰੂ ਅਮਰਦਾਸ ਜੀ ਨੇ ਔਰਤਾਂ ਦੇ ਪਰਦਾ ਕਰਨ ਦੇ ਰਿਵਾਜ ਦਾ ਵਿਰੋਧ ਕੀਤਾ ਸੀ, ਇਹ ਪੜਦਾ ਕੀ ਹੁੰਦਾ ਹੈ ।
ਉਤਰ:-ਔਰਤਾਂ ਦਾ ਘੁੰਡ ਕੱਢਕੇ ਅਪਣੇ ਚਿਹਰੇ ਨੂੰ ਲੁਕਾਉਣ ਨੂੰ ਪੜਦਾ ਕਰਨਾ ਕਹਿੰਦੇ ਹਨ ।
ਪ੍ਰਸ਼ਨ:-ਸ੍ਰੀ ਗੁਰੂ ਅਮਰਦਾਸ ਜੀ ਨੇ ਸਤੀ ਦੇ ਰਿਵਾਜ ਦਾ ਵੀ ਵਿਰੋਧ ਕਰਕੇ ਇਸ ਨੂੰ ਖਤਮ ਕਰਨ ਦਾ ਹੁਕਮ:ਕੀਤਾ ਸੀ, ਸਤੀ ਕਿਸਨੂੰ ਕਹਿਦੇ ਹਨ ?
ਉਤਰ:-ਔਰਤਾਂ ਦਾ ਆਪਣੇ ਪਤੀ ਦੀ ਮੌਤ ਤੋਂ ਬਾਅਦ ਉਸਦੇ ਚਿਤਾ ਤੇ ਸੜ ਮਰਨ ਨੂੰ ਸਤੀ ਹੋ ਜਾਣਾ ਕਿਹਾ ਜਾਂਦਾ ਸੀ, ਜੋ ਨਹੀਂ ਵੀ ਸੜਕੇ ਮਰਨਾ ਚਾਹੁੰਦੀਆਂ ਸਨ ਉਹਨਾਂ ਨੂੰ ਜਬਰੀ ਸਾੜਿਆ ਜਾਂਦਾ ਸੀ ।
ਪ੍ਰਸ਼ਨ:-ਸ੍ਰੀ ਗੁਰੂ ਅਮਰ ਦਾਸ ਜੀ ਨੇ ਕਿੰਨੇ ਪ੍ਰਚਾਰਕ ਤਿਆਰ ਕਰਕੇ ਵੱਖ ਵੱਖ ਥਾਵਾਂ ਤੇ ਭੇਜੇ ਅਤੇ ਉਹਨਾਂ ਵਿਚ ਇਸਤਰੀਆਂ ਕਿੰਨੀਆਂ ਸਨ ?
ਉਤਰ:-ਗੁਰੂ ਜੀ ਨੇ 146 ਪ੍ਰਚਾਰਕ ਤਿਆਰ ਕੀਤੇ ਜਿਹਨਾਂ ਵਿਚ 52 ਇਸਤਰੀਆਂ ਸਨ ਤੇ ਕਸ਼ਮੀਰ ਅਤੇ ਅਫਗਾਨਿਸਤਾਨ ਦਾ ਇਲਾਕਾ ਇਹਨਾਂ ਦੇ ਜ਼ੁੱਮੇ ਸੀ ।
ਪ੍ਰਸ਼ਨ:-ਸ੍ਰੀ ਗੁਰੂ ਅਮਰਦਾਸ ਜੀ ਕਦੋਂ ਜੋਤੀ ਜੋਤ ਸਮਾਏ ?
ਉਤਰ:-ਸੰਨ 1574 ਨੂੰ ।.........



**-ਹਰਪ੍ਰੀਤ ਸਿੰਘ ਪਠਲਾਵਾ**
**ਪ੍ਰੈਸ ਸਕੱਤਰ ਏਕ ਨੂਰ ਸਵੈ ਸੇਵੀ ਸੰਸਥਾ**
**9815691055**




# ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਕਥਾ ਵੀਚਾਰ 19 ਫਰਵਰੀ ਨੂੰ

ਨਵੀਂ ਦਿੱਲੀ ਸਥਿਤ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ 19 ਫਰਵਰੀ ਦਿਨ ਵੀਰਵਾਰ ਨੂੰ ਵਿਸ਼ੇਸ਼ ਕਥਾ ਵੀਚਾਰ ਸਮਾਗਮ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਪਵਿੱਤਰ ਅਵਸਰ ‘ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਗੁਰਬਾਣੀ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਸਮਾਗਮ ਦਾ ਸਿੱਧਾ ਪ੍ਰਸਾਰਣ Chardikla Time TV ‘ਤੇ ਸਵੇਰੇ 7:30 ਤੋਂ 8:30 ਵਜੇ ਤੱਕ ਕੀਤਾ ਜਾਵੇਗਾ, ਤਾਂ ਜੋ ਦੂਰ-ਦੁਰਾਡੇ ਬੈਠੀਆਂ ਸੰਗਤਾਂ ਵੀ ਗੁਰਬਾਣੀ ਕਥਾ ਦਾ ਲਾਭ ਲੈ ਸਕਣ। ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ ਵੱਡੀ ਗਿਣਤੀ ਵਿੱਚ ਪਹੁੰਚ ਕੇ ਗੁਰੂ ਘਰ ਦੀਆਂ ਬਖ਼ਿਸ਼ਸ਼ਾਂ ਪ੍ਰਾਪਤ ਕਰਨ ਅਤੇ ਇਸ ਆਤਮਿਕ ਸਮਾਗਮ ਦਾ ਹਿੱਸਾ ਬਣਨ।

### ਭਾਈ ਅੰਮ੍ਰਿਤਪਾਲ ਸਿੰਘ ਐਮ. ਪੀ. ਦੀ ਨਜ਼ਰਬੰਦੀ ’ਤੇ

# ਪੰਜਾਬ ਸਰਕਾਰ ਨੇ ਹਾਈ ਕੋਰਟ ’ਚ ਆਪਣਾ ਪੱਖ ਪੇਸ਼ ਕੀਤਾ

**ਚੰਡੀਗੜ੍ਹ, 18 ਫਰਵਰੀ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਨੈਸ਼ਨਲ ਸਕਿਓਰਿਟੀ ਐਕਟ (ਐੱਨ.ਐੱਸ.ਏ.) ਤਹਿਤ ਤੀਜੀ ਵਾਰ ਨਜ਼ਰਬੰਦੀ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ ’ਤੇ ਸੁਣਵਾਈ ਜਾਰੀ ਹੈ। ਪੰਜਾਬ ਸਰਕਾਰ ਨੇ ਅੱਜ ਅਦਾਲਤ ਨੂੰ ਦੱਸਿਆ ਕਿ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਨਾਲ ਰਾਜ ਦੀ ਸੁਰੱਖਿਆ ਅਤੇ ਜਨਤਕ ਵਿਵਸਥਾ ਨੂੰ ਗੰਭੀਰ ਖ਼ਤਰਾ ਪੈਦਾ ਹੋ ਸਕਦਾ ਹੈ। ਸੀਨੀਅਰ ਵਕੀਲ ਅਨੁਪਮ ਗੁਪਤਾ ਨੇ ਅਦਾਲਤ ਅੱਗੇ ਦਲੀਲ ਦਿੱਤੀ ਕਿ ਨਜ਼ਰਬੰਦੀ ਦੇ ਮੁੱਖ ਆਧਾਰ ਦੋ ਹਨ:



ਅੰਮ੍ਰਿਤਪਾਲ ਸਿੰਘ ਦੇ ਕਥਿਤ ਸੰਬੰਧ ਕੈਨੇਡਾ-ਅਧਾਰਿਤ ਅੱਤਵਾਦੀ ਅਰਸ਼ਦੀਪ ਸਿੰਘ ਉਰਫ਼ ਅਰਸ਼ ਡੱਲਾ (ਜਿਸ ਨੂੰ ਯੂ.ਏ.ਪੀ.ਏ. ਤਹਿਤ ਅੱਤਵਾਦੀ ਘੋਸ਼ਿਤ ਕੀਤਾ ਗਿਆ ਹੈ) ਅਤੇ ਹੋਰ ਨਾਮੀ ਗੈਂਗਸਟਰਾਂ/ਅੱਤਵਾਦੀਆਂ ਨਾਲ। ਉਸ ਦੇ ਸਮਰਥਕਾਂ ਵੱਲੋਂ ਤਿਆਰ ਕੀਤੀ ਗਈ ਇੱਕ 15 ਵਿਅਕਤੀਆਂ ਦੀ ‘ਹਿੱਟ ਲਿਸਟ’, ਜਿਸ ਵਿੱਚ ਅੰਮ੍ਰਿਤਪਾਲ ਜਾਂ ਉਸ ਦੇ ਵਿਰੋਧੀਆਂ ਨੂੰ ਨਿਸ਼ਾਨਾ ਬਣਾਉਣ ਦੀ ਗੱਲ ਕਹੀ ਗਈ ਹੈ। ਇਸ ਲਿਸਟ ਵਿੱਚ ਸਿੱਖ ਐਕਟਿਵਿਸਟ, ਪੁਰਾਣੇ ਸਾਥੀ, ਵਕੀਲ ਅਤੇ ਹੋਰ ਵਿਅਕਤੀ ਸ਼ਾਮਲ ਹਨ ਜੋ ਹੁਣ ਉਸ ਨਾਲ ਵਿਚਾਰਧਾਰਕ ਮਤਭੇਦ ਰੱਖਦੇ ਹਨ। ਸਰਕਾਰ ਨੇ ਕਿਹਾ ਕਿ ਇਹ ਲਿਸਟ ਅਤੇ ਅਰਸ਼ ਡੱਲਾ ਵਰਗੇ ਅੱਤਵਾਦੀਆਂ ਨਾਲ ਸੰਬੰਧਾਂ ਦੀ “ਗੰਭੀਰਤਾ ਅਤੇ ਵਿਸ਼ਾਲਤਾ” ਨੂੰ ਵੇਖਦੇ ਹੋਏ ਨਜ਼ਰਬੰਦੀ ਜਾਰੀ ਰੱਖਣਾ ਜ਼ਰੂਰੀ ਹੈ। ਇਸ ਲਿਸਟ ਵਿੱਚ ਗੁਰਪ੍ਰੀਤ ਸਿੰਘ ਹਰੀ ਨੌਂ ਵਰਗੇ ਵਿਅਕਤੀ ਦਾ ਨਾਂ ਵੀ ਸੀ, ਜਿਸ ਦੀ ਹੱਤਿਆ ਅਕਤੂਬਰ 2024 ਵਿੱਚ ਹੋ ਚੁੱਕੀ ਹੈ ਅਤੇ ਇਸ ਨਾਲ ਅਰਸ਼ ਡੱਲਾ ਗੈਂਗ ਦੇ ਮੈਂਬਰਾਂ ਦਾ ਸਬੰਧ ਦੱਸਿਆ ਜਾਂਦਾ ਹੈ। ਅੰਮ੍ਰਿਤਪਾਲ ਸਿੰਘ ਦੇ ਵਕੀਲਾਂ (ਜਿਨ੍ਹਾਂ ਵਿੱਚ ਸੀਨੀਅਰ ਵਕੀਲ ਆਰ.ਐੱਸ. ਚੀਮਾ ਸ਼ਾਮਲ ਹਨ) ਨੇ ਸਰਕਾਰੀ ਦਾਅਵਿਆਂ ਨੂੰ ਬੇਬੁਨਿਆਦ ਅਤੇ ਰਾਜਨੀਤਕ ਮਕਸਦ ਵਾਲਾ ਦੱਸਿਆ ਹੈ। ਉਨ੍ਹਾਂ ਨੇ ਕਿਹਾ ਕਿ ਇਹ ਦੋਸ਼ ਸਿਰਫ਼ ਅਨੁਮਾਨ ’ਤੇ ਅਧਾਰਤ ਹਨ ਅਤੇ ਕੋਈ ਠੋਸ ਸਬੂਤ ਨਹੀਂ ਪੇਸ਼ ਕੀਤੇ ਗਏ।

ਹਾਈ ਕੋਰਟ ਦੀ ਡਿਵੀਜ਼ਨ ਬੈਂਚ (ਚੀਫ਼ ਜਸਟਿਸ ਸ਼ੀਲ ਨਾਗੂ ਅਤੇ ਜਸਟਿਸ ਸੰਜੀਵ ਬੈਰੀ) ਨੇ ਮਾਮਲੇ ਦੀ ਸੁਣਵਾਈ ਜਾਰੀ ਰੱਖੀ ਹੈ ਅਤੇ ਅਸਲੀ ਰਿਕਾਰਡ ਮੰਗੇ ਹਨ। ਪਹਿਲਾਂ ਵੀ ਅਦਾਲਤ ਨੇ ਸਰਕਾਰ ’ਤੇ ਦੇਰੀ ਲਈ 10,000 ਰੁਪਏ ਦਾ ਜੁਰਮਾਨਾ ਲਗਾਇਆ ਸੀ। ਅੰਮ੍ਰਿਤਪਾਲ ਸਿੰਘ ਅਪ੍ਰੈਲ 2025 ਤੋਂ ਡਿਬਰੂਗੜ੍ਹ ਜੇਲ੍ਹ (ਅਸਾਮ) ਵਿੱਚ ਨਜ਼ਰਬੰਦ ਹਨ ਅਤੇ ਇਹ ਉਨ੍ਹਾਂ ਦੀ ਤੀਜੀ ਵਾਰੀ ਹੈ।

ਅੰਮ੍ਰਿਤਪਾਲ ਨੇ ਬਜਟ ਸੈਸ਼ਨ ਵਿੱਚ ਹਿੱਸਾ ਲੈਣ ਲਈ ਅਸਥਾਈ ਰਿਹਾਈ (ਪੈਰੋਲ) ਵੀ ਮੰਗੀ ਸੀ ਪਰ ਸਰਕਾਰ ਨੇ ਇਸ ਨੂੰ ਰੱਦ ਕਰ ਦਿੱਤਾ ਸੀ। ਮਾਮਲਾ ਅਜੇ ਵਿਚਾਰ ਅਧੀਨ ਹੈ ਅਤੇ ਅੰਤਿਮ ਫੈਸਲਾ ਆਉਣਾ ਬਾਕੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਤਰਨ ਤਾਰਨ ’ਚ ਮੰਦਭਾਗੀ ਘਟਨਾ: ਆਮ ਆਦਮੀ ਪਾਰਟੀ ਦੇ ਸਰਪੰਚ ਹਰਪਿੰਦਰ ਸਿੰਘ ਦਾ ਵਿਆਹ ਸਮਾਗਮ ਵਿੱਚ ਗੋਲੀਆਂ ਮਾਰ ਕੇ ਕਤਲ

**ਚੰਡੀਗੜ੍ਹ/ਤਰਨ ਤਾਰਨ, 18 ਫਰਵਰੀ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਵਿੱਚ ਕਾਨੂੰਨ ਵਿਵਸਥਾ ਨੂੰ ਇੱਕ ਵਾਰ ਫਿਰ ਝਟਕਾ ਲੱਗਿਆ ਹੈ। ਜ਼ਿਲ੍ਹਾ ਤਰਨ ਤਾਰਨ ਦੇ ਪਿੰਡ ਠੱਠੀਆਂ ਮਹੰਤਾਂ ਦੇ ਮੌਜੂਦਾ ਸਰਪੰਚ ਅਤੇ ਆਮ ਆਦਮੀ ਪਾਰਟੀ (ਆਪ) ਨਾਲ ਜੁੜੇ ਹਰਪਿੰਦਰ ਸਿੰਘ ਦਾ ਦਿਨ-ਦਿਹਾੜੇ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਹੈ। ਘਟਨਾ ਵਿਆਹ ਸਮਾਗਮ ਦੌਰਾਨ ਵਾਪਰੀ, ਜਿੱਥੇ ਅਣਪਛਾਤੇ ਹਮਲਾਵਰਾਂ ਨੇ ਆਧੁਨਿਕ ਹਥਿਆਰਾਂ ਨਾਲ ਹਮਲਾ ਕੀਤਾ। ਜਾਣਕਾਰੀ ਅਨੁਸਾਰ, ਸਰਪੰਚ ਹਰਪਿੰਦਰ ਸਿੰਘ ਪਿੰਡ ਸ਼ੇਰੋਂ (ਜਾਂ ਸਿੱਧੂ ਫਾਰਮ) ਵਿਖੇ ਚੱਲ ਰਹੇ ਵਿਆਹ ਸਮਾਗਮ ਵਿੱਚ ਸ਼ਾਮਲ ਹੋਣ ਲਈ ਪਹੁੰਚੇ ਹੋਏ ਸਨ। ਇਸ ਦੌਰਾਨ ਦੋ (ਕੁਝ ਸੂਤਰਾਂ ਅਨੁਸਾਰ ਤਿੰਨ) ਅਣਪਛਾਤੇ ਨੌਜਵਾਨਾਂ ਨੇ ਨੇੜਿਓਂ ਗੋਲੀਆਂ ਚਲਾ ਕੇ ਉਨ੍ਹਾਂ ਨੂੰ ਮਾਰ ਦਿੱਤਾ। ਹਮਲੇ ਵਿੱਚ ਸਰਪੰਚ ਦੀ ਮੌਕੇ ’ਤੇ ਹੀ ਮੌਤ ਹੋ ਗਈ, ਜਦਕਿ ਉਨ੍ਹਾਂ ਦਾ ਭਰਾ ਵੀ ਗੰਭੀਰ ਜ਼ਖਮੀ ਹੋ ਗਿਆ ਹੈ ਅਤੇ ਇਲਾਜ ਅਧੀਨ ਹੈ। ਪੁਲਿਸ ਅਧਿਕਾਰੀਆਂ ਨੇ ਤੁਰੰਤ ਮੌਕੇ ’ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਹਮਲਾਵਰ ਫਰਾਰ ਹਨ ਅਤੇ ਉਨ੍ਹਾਂ ਦੀ ਭਾਲ ਜਾਰੀ ਹੈ। ਘਟਨਾ ਨੂੰ ਲੈ ਕੇ ਵਿਰੋਧੀ ਪਾਰਟੀਆਂ ਨੇ ਪੰਜਾਬ ਸਰਕਾਰ ’ਤੇ ਕਾਨੂੰਨ ਵਿਵਸਥਾ ਬੇਵੱਸ ਹੋਣ ਦੇ ਦੋਸ਼ ਲਗਾਏ ਹਨ। ਇਹ ਤਾਜ਼ਾ ਘਟਨਾ ਪੰਜਾਬ ਵਿੱਚ ਹਾਲ ਹੀ ਵਿੱਚ ਵਾਪਰ ਰਹੀਆਂ ਹੋਰ ਕਤਲ ਵਾਰਦਾਤਾਂ ਨਾਲ ਜੁੜੀ ਹੋ ਸਕਦੀ ਹੈ, ਜਿਨ੍ਹਾਂ ਵਿੱਚ ਗੈਂਗਸਟਰ ਅਤੇ ਪੁਰਾਣੀਆਂ ਰੰਜਿਸ਼ਾਂ ਦਾ ਐਂਗਲ ਵੀ ਸਾਹਮਣੇ ਆ ਰਿਹਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਘਟਨਾ ਦੀ ਨਿੱਜੀ ਜਾਂਚ ਦੇ ਆਦੇਸ਼ ਦਿੱਤੇ ਹਨ ਅਤੇ ਦੋਸ਼ੀਆਂ ਨੂੰ ਜਲਦੀ ਗ੍ਰਿਫ਼ਤਾਰ ਕਰਨ ਦੇ ਵਾਅਦੇ ਕੀਤੇ ਹਨ। ਪੁਲਿਸ ਨੇ ਆਲੇ-ਦੁਆਲੇ ਦੇ ਏਰੀਆ ਵਿੱਚ ਨਾਕੇ ਲਾਏ ਹਨ ਅਤੇ ਸੀਸੀਟੀਵੀ ਫੁਟੇਜ ਦੀ ਜਾਂਚ ਕਰ ਰਹੀ ਹੈ। ਇਹ ਘਟਨਾ ਪੰਜਾਬ ਵਿੱਚ ਸਿਆਸੀ ਹਿੰਸਾ ਅਤੇ ਅੱਤਵਾਦੀ/ਗੈਂਗਸਟਰ ਨੈੱਟਵਰਕ ਨਾਲ ਜੁੜੇ ਮਾਮਲਿਆਂ ਨੂੰ ਫਿਰ ਤੋਂ ਚਰਚਾ ਵਿੱਚ ਲਿਆਂਦੀ ਹੈ। ਪਰਿਵਾਰ ਅਤੇ ਪਿੰਡ ਵਾਸੀਆਂ ਵਿੱਚ ਸੋਗ ਦੀ ਲਹਿਰ ਛਾਈ ਹੋਈ ਹੈ।



ਆਵਾਜ਼ਿ ਕੌਮ AWAZE QAUM International Newspaper & WEB TV




★ ਜਾਰੀ ਕਰਤਾ ★

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243